22-AUG-PAGE-1.qxd 8/21/2024 9:32 PM Page 1

ਵੀਰਵਾਰ, 22 ਅਗਸਤ, 2024
7 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 81

ਨਵਾਂ ਜ਼ਮਾਨਾ

DAILY NAWAN ZAMANA • THURSDAY, 22 AUGUST, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਕਿਸਾਨ ਆਗੂਆਂ ਨੂੰ ਬਾਹਰੋਂ ਮਾਇਆ ਆ ਰਹੀ : ਬਿੱਟੂ

ਜੈਪੁਰ : ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਹੈ ਕਿ ਪੰਜਾਬ ਤੇ ਹਰਿਆਣਾ ਦੇ ਕਿਸਾਨ ਆਗੂਆਂ ਨੂੰ ਵਿਦੇਸ਼ਾਂ 'ਚੋਂ ਪੈਸਾ ਆਉਂਦਾ ਹੈ, ਜਿਸ ਕਰਕੇ ਉਹ ਮੁਜ਼ਾਹਰੇ ਕਰਦੇ ਹਨ। ਬੁੱਧਵਾਰ ਰਾਜਸਥਾਨ ਤੋਂ ਰਾਜ ਸਭਾ ਲਈ ਭਾਜਪਾ ਉਮੀਦਵਾਰ ਵਜੋਂ ਨਾਮਜ਼ਦਗੀ ਕਾਗਜ਼ ਦਾਖਲ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਿੱਟੂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹਰ ਫਸਲ 'ਤੇ ਐੱਮ ਐੱਸ ਪੀ ਦਿੱਤੀ ਗਈ ਹੈ। ਪੰਜਾਬ ਤੇ ਹਰਿਆਣਾ ਵਿਚ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦਿੱਤੀ ਜਾਂਦੀ ਹੈ। ਪੰਜਾਬ ਦਾ ਕੋਈ ਕਿਸਾਨ ਨਿਰਾਸ਼ ਨਹੀਂ, ਸਭ ਬਹੁਤ ਖੁਸ਼ ਹਨ। ਕਿਸਾਨਾਂ ਕੋਲ ਏਨਾ ਸਮਾਂ ਕਿੱਥੇ ਕਿ ਉਹ ਆਪਣੇ ਖੇਤਾਂ ਦਾ ਕੰਮ ਛੱਡ ਕੇ ਮੁਜ਼ਾਹਰੇ ਕਰਨ। ਸਭ ਕਿਸਾਨ ਆਗੂਆਂ ਕਰਕੇ ਹੋ ਰਿਹਾ ਹੈ, ਜਿਨ੍ਹਾਂ ਨੂੰ ਵਿਦੇਸ਼ਾਂ ਤੋਂ ਫੰਡਿੰਗ ਆ ਰਹੀ ਹੈ।

ਬਿੱਟੂ ਨੇ ਕਿਹਾ ਕਿ ਜੇ ਕਿਸਾਨ ਮਿਲਣ ਤੇ ਗੱਲਬਾਤ ਕਰਨ ਦਿੱਲੀ ਜਾਂਦੇ ਹਨ ਤਾਂ ਉਨ੍ਹਾਂ ਨੂੰ ਕੋਈ ਨਹੀਂ ਰੋਕੇਗਾ, ਬੰਬ, ਹਥਿਆਰ ਤੇ ਕ੍ਰਿਪਾਨ ਲੈ ਕੇ ਜਾਣਗੇ ਤਾਂ ਹਰ ਕੋਈ ਰੋਕੇਗਾ। ਲੋਕਾਂ ਨੇ ਦੇਖਿਆ ਹੈ ਕਿ ਕਿਸਾਨ ਆਗੂ ਸੰਸਦ ਭਵਨ ਵਿਚ ਗਏ ਅਤੇ ਇਕ ਵਾਰ ਨਹੀਂ, ਸਗੋਂ ਦੋ ਵਾਰ ਰਾਹੁਲ ਗਾਂਧੀ ਨੂੰ ਮਿਲੇ।

ਬਿੱਟੂ ਨੇ ਇਹ ਦੋਸ਼ ਵੀ ਲਾਇਆ ਕਿ ਕਿਸਾਨ ਆਗੂ ਪੰਜਾਬ ਦੇ ਕਿਸਾਨਾਂ ਨੂੰ ਗੁੰਮਰਾਹ ਕਰ ਰਹੇ ਹਨ। ਨੈਸ਼ਨਲ ਹਾਈਵੇ ਹੋਵੇ, ਏਅਰਪੋਰਟ ਹੋਵੇ ਜਾਂ ਰੇਲਵੇ ਟਰੈਕ ਹੋਵੇ, ਇਹ ਇਕ ਇੰਚ ਵੀ ਬਣਨ ਨਹੀਂ ਦਿੰਦੇ। ਬਲੈਕਮੇਲ ਕਰ ਰਹੇ ਹਨ। ਕਿਸਾਨ ਜ਼ਮੀਨ ਦੇਣ ਲਈ ਤਿਆਰ ਹਨ, ਪਰ ਕੁਝ ਆਗੂ ਉਨ੍ਹਾਂ ਨੂੰ ਭੜਕਾਉਂਦੇ ਹਨ, ਜਦਕਿ ਪ੍ਰੋਜੈਕਟਾਂ ਨਾਲ ਪੰਜਾਬ ਨੂੰ ਫਾਇਦਾ ਹੋਵੇਗਾ।

ਬਿੱਟੂ ਵੱਲੋਂ ਕਾਗਜ਼ ਦਾਖਲ ਕਰਨ ਵੇਲੇ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਉਪ ਮੁੱਖ ਮੰਤਰੀ ਦੀਆ ਕੁਮਾਰੀ ਤੇ ਪ੍ਰੇਮ ਚੰਦ ਬੈਰਵਾ ਅਤੇ ਰਾਜ ਮੰਤਰੀ ਜੋਗਾਰਾਮ ਪਟੇਲ ਵੀ ਉਨ੍ਹਾਂ ਦੇ ਨਾਲ ਸਨ।

ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਬਿੱਟੂ ਦੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਕੇਂਦਰ ਵਿਚ ਬਿੱਟੂ ਦੀ ਸਰਕਾਰ ਹੈ, ਜਾਂਚ ਕਰ ਲਵੇ ਕਿ ਕਿਸ ਨੂੰ ਬਾਹਰੋਂ ਪੈਸੇ ਮਿਲਦੇ ਹਨ। ਉਨ੍ਹਾਂ ਕਿਹਾ ਕਿ ਕਿਸਾਨ ਹੱਕ ਦੀ ਲੜਾਈ ਲੜ ਰਹੇ ਹਨ, ਭੀਖ ਨਹੀਂ ਮੰਗ ਰਹੇ।

ਕੱਚਾ ਚਿੱਠਾ

ਨਵੀਂ ਦਿੱਲੀ : ਚੋਣ ਸੁਧਾਰਾਂ ਬਾਰੇ ਗੈਰ-ਸਰਕਾਰੀ ਜਥੇਬੰਦੀ ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ (ਏ ਡੀ ਆਰ) ਦੀ ਰਿਪੋਰਟ ਮੁਤਾਬਕ 151 ਸਾਂਸਦਾਂ ਤੇ ਵਿਧਾਇਕਾਂ ਨੇ ਆਪਣੇ ਚੋਣ ਹਲਫਨਾਮਿਆਂ 'ਚ ਐਲਾਨਿਆ ਹੈ ਕਿ ਉਨ੍ਹਾਂ 'ਤੇ ਔਰਤਾਂ ਖਿਲਾਫ ਅਪਰਾਧਾਂ ਦੇ ਮਾਮਲੇ ਦਰਜ ਹਨ। ਇਨ੍ਹਾਂ ਵਿੱਚੋਂ ਬਹੁਤੇ ਪੱਛਮੀ ਬੰਗਾਲ ਦੇ ਹਨ। ਜਥੇਬੰਦੀ ਨੇ 2019 ਤੇ 2024 ਦੀਆਂ ਚੋਣਾਂ ਵੇਲੇ ਦਿੱਤੇ ਗਏ 4809 ਹਲਫਨਾਮਿਆਂ ਵਿੱਚੋਂ 4693 ਦੀ ਘੋਖ ਕੀਤੀ, ਜਿਸ 'ਚ ਪਤਾ ਲੱਗਾ ਕਿ 16 ਸਿਟਿੰਗ ਸਾਂਸਦ ਤੇ 135 ਵਿਧਾਇਕ ਔਰਤਾਂ ਖਿਲਾਫ ਅਪਰਾਧਾਂ ਦੇ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ। ਇਨ੍ਹਾਂ ਵਿੱਚੋਂ 25 ਸਾਂਸਦ ਤੇ ਵਿਧਾਇਕ ਪੱਛਮੀ ਬੰਗਾਲ ਦੇ ਹਨ, 21 ਆਂਧਰਾ ਪ੍ਰਦੇਸ਼ ਤੇ 17 ਓਡੀਸ਼ਾ ਦੇ ਹਨ। 16 ਸਾਂਸਦਾਂ ਤੇ ਵਿਧਾਇਕਾਂ ਵਿਰੁੱਧ ਤਾਂ ਬਲਾਤਕਾਰ ਦੇ ਮਾਮਲੇ ਹਨ, ਜਿਨ੍ਹਾਂ 'ਚ ਘੱਟੋ-ਘੱਟ ਸਜ਼ਾ 10 ਸਾਲ ਹੁੰਦੀ ਹੈ।

ਸਭ ਤੋਂ ਵੱਧ 54 ਸਾਂਸਦ ਤੇ ਵਿਧਾਇਕ ਭਾਜਪਾ ਦੇ ਹਨ। ਉਸ ਤੋਂ ਬਾਅਦ ਕਾਂਗਰਸ ਦੇ 23 ਤੇ ਤੇਲਗੂ ਦੇਸਮ ਪਾਰਟੀ ਦੇ 17 ਹਨ। ਭਾਜਪਾ ਤੇ ਕਾਂਗਰਸ ਦੇ ਪੰਜ-ਪੰਜ ਸਿਟਿੰਗ ਕਾਨੂੰਨਦਾਨਾਂ ਖਿਲਾਫ ਬਲਾਤਕਾਰ ਦੇ ਮਾਮਲੇ ਹਨ। ਇਹ ਰਿਪੋਰਟ ਇਸ ਕਰਕੇ ਅਹਿਮ ਹੈ ਕਿ ਪੱਛਮੀ ਬੰਗਾਲ ਵਿਚ ਡਾਕਟਰ ਨਾਲ ਬਲਾਤਕਾਰ ਕਰਨ ਤੋਂ ਬਾਅਦ ਉਸ ਦੀ ਹੱਤਿਆ ਦਾ ਮਾਮਲਾ ਕਾਫੀ ਗਰਮਾਇਆ ਹੋਇਆ ਹੈ। ਸਭ ਤੋਂ ਵੱਧ ਭਾਜਪਾ ਦੇ ਆਗੂ ਹੀ ਇਸ ਮਾਮਲੇ ਵਿਚ ਬੋਲ ਰਹੇ ਹਨ।

ਕਈ ਵੱਡੇ ਉਦਮੀਆਂ ਵੱਲੋਂ ਪੰਜਾਬ 'ਚ ਨਿਵੇਸ਼ ਦਾ ਵਾਅਦਾ

ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)-ਸਨ ਫਾਰਮਾਸਿਊਟੀਕਲ ਇੰਡਸਟਰੀਜ਼ ਲਿਮਟਿਡ, ਆਰ ਪੀ ਜੀ, ਸਿਫੀ ਟੈਕਨਾਲੋਜੀਜ਼ ਅਤੇ ਜੇ ਐੱਸ ਡਬਲਯੂ. ਗਰੁੱਪ ਵਰਗੀਆਂ ਪ੍ਰਮੁੱਖ ਕੰਪਨੀਆਂ ਵੱਲੋਂ ਪੰਜਾਬ ਵਿੱਚ ਨਿਵੇਸ਼ ਕਰਨ ਦੀ ਇੱਛਾ ਜ਼ਾਹਰ ਕੀਤੀ ਗਈ ਹੈ।

ਇਨ੍ਹਾਂ ਉਦਯੋਗਾਂ ਦੇ ਮੁਖੀਆਂ ਨਾਲ ਬੁੱਧਵਾਰ ਮੁੰਬਈ 'ਚ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਨਿਵੇਸ਼ ਦੇ ਵਿਆਪਕ ਮੌਕਿਆਂ ਨੂੰ ਉਜਾਗਰ ਕੀਤਾ ਅਤੇ ਸੂਬੇ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਦੇਸ ਦੇ ਉਦਯੋਗਿਕ ਧੁਰੇ ਵਜੋਂ ਤੇਜ਼ੀ ਨਾਲ ਉਭਰ ਰਹੇ ਸੂਬੇ ਵਿੱਚ ਨਿਵੇਸ਼ ਕਰਨ ਨਾਲ ਉੱਦਮੀਆਂ ਨੂੰ ਬਹੁਤ ਲਾਭ ਹੋਵੇਗਾ। ਉਨ੍ਹਾਂ ਕੰਪਨੀਆਂ ਦੇ ਨੁਮਾਇੰਦਿਆਂ ਨੂੰ ਆਪਣੇ ਕਾਰੋਬਾਰ ਦੇ ਵਿਸਥਾਰ ਲਈ ਸੂਬੇ ਦੇ ਇਸ ਉਦਯੋਗ ਪੱਖੀ ਮਾਹੌਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ, ਜਿਸ ਵਿੱਚ ਬੁਨਿਆਦੀ ਢਾਂਚਾ, ਨਿਰਵਿਘਨ ਬਿਜਲੀ, ਹੁਨਰਮੰਦ ਮਨੁੱਖੀ ਵਸੀਲੇ ਅਤੇ ਬਿਹਤਰ ਉਦਯੋਗਿਕ ਅਤੇ ਕੰਮਕਾਜੀ ਮਾਹੌਲ ਸ਼ਾਮਲ ਹੈ। ਸਨਅਤਕਾਰਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਵਾਸਤੇ ਸੱਦਾ ਦਿੰਦਿਆਂ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਨਵੇਂ ਵਿਚਾਰਾਂ ਅਤੇ ਕਾਢਾਂ ਲਈ ਹਮੇਸ਼ਾ ਤਿਆਰ ਹੈ।

ਮੁੱਖ ਮੰਤਰੀ ਨਾਲ ਮੀਟਿੰਗ ਦੌਰਾਨ ਸਨ ਫਾਰਮਾਸਿਊਟੀਕਲ ਇੰਡਸਟਰੀਜ਼ ਲਿਮਟਿਡ ਦੇ ਸੀ ਈ ਓ ਦਾਮੋਦਰਨ ਸਤਗੋਪਨ ਨੇ ਸੂਬੇ ਦੇ ਉਦਯੋਗ ਪੱਖੀ ਮਾਹੌਲ ਅਤੇ ਬਿਹਤਰ ਪ੍ਰਸ਼ਾਸਨ ਦਾ ਹਵਾਲਾ ਦਿੰਦਿਆਂ ਪੰਜਾਬ ਵਿੱਚ ਮਹੱਤਵਪੂਰਨ ਨਿਵੇਸ਼ ਕਰਨ ਸੰਬੰਧੀ ਆਪਣੀ ਕੰਪਨੀ ਦੀ ਡੂੰਘੀ ਦਿਲਚਸਪੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਇਹ ਮੀਟਿੰਗ ਇੱਕ ਵੱਡੀ ਭਾਈਵਾਲੀ ਦੀ ਸ਼ੁਰੂਆਤ ਹੈ, ਜਿਸ ਨਾਲ ਪੰਜਾਬ ਦੀ ਆਰਥਿਕਤਾ ਨੂੰ ਹੁਲਾਰਾ ਮਿਲੇਗਾ ਅਤੇ ਨਵੇਂ ਮੌਕੇ ਪੈਦਾ ਹੋਣਗੇ। ਕੰਪਨੀ ਨੇ ਸੂਬਾ ਸਰਕਾਰ ਦੀਆਂ ਉਦਯੋਗ ਪੱਖੀ ਨੀਤੀਆਂ ਸਦਕਾ ਆਪਣੇ ਮੌਜੂਦਾ ਟੌਂਸਾ ਪ੍ਰਾਜੈਕਟ ਦਾ ਵਿਸਥਾਰ ਕਰਨ ਵਿੱਚ ਦਿਲਚਸਪੀ ਪ੍ਰਗਟ ਕੀਤੀ।

ਇਸ ਤੋਂ ਪਹਿਲਾਂ ਦਾਮੋਦਰਨ ਸਤਗੋਪਨ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਫਾਰਮਾ ਕੰਪਨੀ ਦਾ ਸਾਲਾਨਾ ਟਰਨਓਵਰ 48,496 ਕਰੋੜ ਰੁਪਏ ਹੈ ਅਤੇ ਮੌਜੂਦਾ ਸਮੇਂ ਟੌਂਸਾ, ਬਲਾਚੌਰ (ਐੱਸ ਬੀ ਐੱਸ ਨਗਰ) ਅਤੇ ਮੁਹਾਲੀ ਵਿੱਚ ਪ੍ਰਾਜੈਕਟ ਕਾਰਜਸ਼ੀਲ ਹੈ। ਸਨ ਫਾਰਮਾ ਬ੍ਰਾਂਡਡ ਉਤਪਾਦਾਂ ਲਈ ਇਨ-ਲਾਇਸੈਂਸਿੰਗ, ਐੱਮ ਐਂਡ ਏ ਅਤੇ ਆਊਟ ਲਾਇਸੈਂਸਿੰਗ ਗਤੀਵਿਧੀਆਂ ਰਾਹੀਂ ਕਾਰੋਬਾਰ ਦਾ ਵਿਸਥਾਰ ਕਰਨ ਦੀ ਇਛੁੱਕ ਹੈ। ਉਨ੍ਹਾ ਕਿਹਾ ਕਿ ਸਨ ਫਾਰਮਾ ਵਿਸ਼ਵ ਪ੍ਰਸਿੱਧ ਅਕਾਦਮੀਆਂ ਅਤੇ ਸੰਸਥਾਵਾਂ ਨਾਲ ਸਾਂਝੇ ਉੱਦਮ ਅਤੇ ਖੋਜ ਸੰਬੰਧੀ ਭਾਈਵਾਲੀ ਵੀ ਸਥਾਪਤ ਕਰਨਾ ਚਾਹੁੰਦੀ ਹੈ।

ਆਰ ਪੀ ਜੀ ਗਰੁੱਪ ਦੇ ਵਾਈਸ ਚੇਅਰਮੈਨ ਅਨੰਤ ਗੋਇਨਕਾ ਨੇ ਆਪਣੇ ਗਰੁੱਪ ਵੱਲੋਂ ਸੂਬੇ ਵਿੱਚ ਨਿਵੇਸ਼ ਕਰਨ ਦੀ ਇੱਛਾ ਜ਼ਾਹਰ ਕਰਦਿਆਂ ਉਦਯੋਗਪਤੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਪੰਜਾਬ ਵਿੱਚ ਬਣਾਏ ਸਿੰਗਲ ਵਿੰਡੋ ਸਿਸਟਮ ਦੀ ਸ਼ਲਾਘਾ ਕੀਤੀ। ਪੰਜਾਬ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕਰਨ ਦੀ ਇੱਛਾ ਜ਼ਾਹਰ ਕਰਦਿਆਂ ਕਿਹਾ ਕਿ ਸੀਏਟ ਨੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਵਿਸਥਾਰ ਕਰਨ ਸੰਬੰਧੀ ਯੋਜਨਾਵਾਂ ਉਲੀਕੀਆਂ ਹਨ, ਕਿਉਂਕਿ ਸੂਬਾ ਸੀਏਟ ਦੇ ਵਿਕਾਸ ਲਈ ਇੱਕ ਆਦਰਸ਼ ਸਥਾਨ ਹੈ। ਗਰੁੱਪ ਵੱਲੋਂ ਪਹਿਲਾਂ ਹੀ ਦੱਖਣ ਅਤੇ ਪੱਛਮ ਵਿੱਚ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਗਿਆ ਹੈ ਅਤੇ ਹੁਣ ਪੰਜਾਬ ਦੀ ਵਾਰੀ ਹੈ।

ਸਿਫੀ ਟੈਕਨਾਲੋਜੀਜ਼ ਲਿਮਟਿਡ ਦੇ ਪ੍ਰਧਾਨ ਦਲੀਪ ਕੌਲ ਨੇ ਕਿਹਾ ਕਿ ਸਿਫੀ ਟੈਕਨਾਲੋਜੀਜ਼ ਨੇ ਪਹਿਲੇ ਪੜਾਅ ਵਿੱਚ ਮੋਹਾਲੀ ਵਿੱਚ ਇੱਕ ਸਮਰਪਿਤ/ ਕੈਪਟਿਵ ਡੇਟਾ ਸੈਂਟਰ ਸਥਾਪਤ ਕਰਨ ਅਤੇ ਪੰਜਾਬ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਆਧਾਰਤ ਹੋਰੀਜ਼ੋਂਟਲ ਡੇਟਾ ਸੈਂਟਰ ਵਿੱਚ 1500 ਕਰੋੜ ਰੁਪਏ ਦਾ ਨਿਵੇਸ਼ ਕਰਨ ਦਾ ਫੈਸਲਾ ਕੀਤਾ ਹੈ।

ਜੇ ਐੱਸ ਡਬਲਯੂ ਗਰੁੱਪ ਨੇ ਸੂਬੇ ਵਿੱਚ ਜੇ ਐੱਸ ਡਬਲਯੂ ਸਟੀਲ ਕੋਟਿੰਗ ਉਤਪਾਦਾਂ ਸਮੇਤ 1600 ਕਰੋੜ ਰੁਪਏ ਦਾ ਹੋਰ ਨਿਵੇਸ਼ ਕਰਨ ਲਈ ਸਹਿਮਤੀ ਪ੍ਰਗਟਾਈ। ਜੇ ਐੱਸ ਡਬਲਯੂ ਸਟੀਲ ਕੋਟੇਡ ਪ੍ਰੋਡਕਟਸ ਲਿਮਟਿਡ ਦੇ ਕਾਰੋਬਾਰੀ ਮੁਖੀ ਅਮਰਜੀਤ ਸਿੰਘ ਦਹੀਆ ਅਤੇ ਅਸ਼ਵਨੀ ਕੁਮਾਰ ਸ਼ਰਮਾ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਜੇ ਐੱਸ ਡਬਲਯੂ ਸਟੀਲ ਕੋਟਿੰਗ ਪ੍ਰੋਡਕਟਸ ਲਿਮ. ਨੇ ਵਿਸਥਾਰ ਲਈ 1600 ਕਰੋੜ ਰੁਪਏ ਦੀ ਲਾਗਤ ਨਾਲ ਰਾਜਪੁਰਾ ਵਿੱਚ ਮੌਜੂਦਾ ਪਲਾਂਟ ਦੇ ਨਾਲ ਲੱਗਦੀ 28.17 ਏਕੜ ਜ਼ਮੀਨ ਖਰੀਦੀ ਹੈ।

ਰੂਸ ਵੱਲੋਂ ਯੂਕਰੇਨ ਦਾ ਸਭ ਤੋਂ ਵੱਡਾ ਡਰੋਨ ਹਮਲਾ ਨਾਕਾਮ

ਮਾਸਕੋ : ਰੂਸੀ ਅਧਿਕਾਰੀਆਂ ਨੇ ਬੁੱਧਵਾਰ ਕਿਹਾ ਕਿ ਯੂਕਰੇਨ ਨੇ 2022 ਵਿਚ ਯੁੱਧ ਸ਼ੁਰੂ ਹੋਣ ਤੋਂ ਬਾਅਦ ਪਹਿਲੀ ਵਾਰ ਮਾਸਕੋ 'ਤੇ ਸਭ ਤੋਂ ਵੱਡਾ ਡਰੋਨ ਹਮਲਾ ਕੀਤਾ ਅਤੇ ਉਸ ਦੇ ਸਾਰੇ ਡਰੋਨ ਤਬਾਹ ਕਰ ਦਿੱਤੇ ਗਏ। ਰੂਸ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ ਮਾਸਕੋ ਨੇ ਰਾਤੋ-ਰਾਤ 45 ਯੂਕਰੇਨੀ ਡਰੋਨ ਤਬਾਹ ਕਰ ਦਿੱਤੇ। ਮਾਸਕੋ ਖੇਤਰ ਵਿਚ 11 ਡਰੋਨ ਤਬਾਹ ਕੀਤੇ ਗਏ, 23 ਡਰੋਨ ਬ੍ਰਾਇੰਸਕ ਖੇਤਰ ਵਿਚ, ਛੇ ਬੈਲਗੋਰੋਦ ਵਿਚ, ਤਿੰਨ ਕਲੁਗਾ ਵਿਚ ਅਤੇ ਦੋ ਕੁਰਸ ਖੇਤਰ ਵਿਚ ਤਬਾਹ ਕੀਤੇ ਗਏ।

ਚੰਪਈ ਨਵੀਂ ਪਾਰਟੀ ਬਣਾਉਣਗੇ

ਰਾਂਚੀ : ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਚੰਪਈ ਸੋਰੇਨ ਨੇ ਨਵੀਂ ਪਾਰਟੀ ਬਣਾਉਣ ਦਾ ਐਲਾਨ ਕੀਤਾ ਹੈ। ਉਨ੍ਹਾ ਕਿਹਾ—ਮੈਂ ਤਿੰਨ ਗੱਲਾਂ ਕਹੀਆਂ ਸਨ। ਸਿਆਸਤ ਛੱਡ ਦੇਵਾਂਗਾ, ਨਵੀਂ ਪਾਰਟੀ ਬਣਾਵਾਂਗਾ ਤੇ ਜੇ ਕੋਈ ਹਮਸਫਰ ਮਿਲਿਆ ਤਾਂ ਉਸ ਨਾਲ ਚੱਲਾਂਗਾ।

ਇਹ ਕਹਿਣ ਕਿ ਝਾਰਖੰਡ ਅਸੰਬਲੀ ਚੋਣਾਂ ਸਿਰ 'ਤੇ ਹਨ ਤੇ ਨਵੀਂ ਪਾਰਟੀ ਬਣਾਉਣ ਲਈ ਬਹੁਤਾ ਸਮਾਂ ਨਹੀਂ, ਚੰਪਈ ਨੇ ਕਿਹਾ ਕਿ ਜਦੋਂ ਇਕ ਦਿਨ 'ਚ 30-40 ਹਜ਼ਾਰ ਲੋਕ ਇਕੱਠੇ ਹੋ ਸਕਦੇ ਹਨ ਤਾਂ ਪਾਰਟੀ ਬਣਾਉਣ ਵਿਚ ਕੀ ਸਮੱਸਿਆ ਆਵੇਗੀ। ਉਹ ਇਕ ਹਫਤੇ ਵਿਚ ਪਾਰਟੀ ਬਣਾਉਣ ਜਾ ਰਹੇ ਹਨ।

ਹੇਮੰਤ ਸੋਰੇਨ ਦੇ ਜੇਲ੍ਹ ਜਾਣ ਵੇਲੇ ਝਾਰਖੰਡ ਮੁਕਤੀ ਮੋਰਚਾ ਨੇ ਚੰਪਈ ਨੂੰ ਮੁੱਖ ਮੰਤਰੀ ਬਣਾਇਆ ਸੀ ਅਤੇ ਸੋਰੇਨ ਦੇ ਬਾਹਰ ਆਉਣ ਤੋਂ ਬਾਅਦ ਹਟਾ ਦਿੱਤਾ ਗਿਆ ਸੀ ਤੇ ਸੋਰੇਨ ਮੁੜ ਮੁੱਖ ਮੰਤਰੀ ਬਣ ਗਏ ਸਨ। ਚੰਪਈ ਦਾ ਕਹਿਣਾ ਹੈ ਕਿ ਉਨ੍ਹਾ ਨੂੰ ਜ਼ਲੀਲ ਕਰਕੇ ਹਟਾਇਆ ਗਿਆ। ਕਈ ਦਿਨਾਂ ਤੋਂ ਚਰਚਾ ਸੀ ਕਿ ਚੰਪਈ ਭਾਜਪਾ ਵਿਚ ਸ਼ਾਮਲ ਹੋ ਸਕਦੇ ਹਨ।

ਮੋਦੀ ਪੋਲੈਂਡ ਤੇ ਯੂਕਰੇਨ ਲਈ ਰਵਾਨਾ

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਕਿਹਾ ਕਿ ਉਹ ਯੂਕਰੇਨ 'ਚ ਚੱਲ ਰਹੇ ਟਕਰਾਅ ਦੇ ਸ਼ਾਂਤੀਪੂਰਨ ਹੱਲ ਲਈ ਆਪਣੇ ਨਜ਼ਰੀਏ ਨੂੰ ਸਾਂਝਾ ਕਰਨ ਲਈ ਰਾਸ਼ਟਰਪਤੀ ਵੋਲਾਦੀਮੀਰ ਜ਼ੇਲੈਂਸਕੀ ਨਾਲ ਪਹਿਲਾਂ ਕੀਤੀ ਗੱਲਬਾਤ ਨੂੰ ਅੱਗੇ ਵਧਾਉਣ ਦੇ ਮੌਕੇ ਦੀ ਉਡੀਕ ਕਰ ਰਹੇ ਹਨ। ਪੋਲੈਂਡ ਅਤੇ ਯੂਕਰੇਨ ਦੇ ਦੌਰੇ 'ਤੇ ਰਵਾਨਾ ਹੋਣ ਤੋਂ ਪਹਿਲਾਂ ਉਨ੍ਹਾ ਜੰਗ ਪ੍ਰਭਾਵਤ ਖੇਤਰ 'ਚ ਸ਼ਾਂਤੀ ਅਤੇ ਸਥਿਰਤਾ ਦੀ ਛੇਤੀ ਬਹਾਲੀ ਦੀ ਉਮੀਦ ਵੀ ਪ੍ਰਗਟਾਈ। ਕਿਸੇ ਭਾਰਤੀ ਪ੍ਰਧਾਨ ਮੰਤਰੀ ਦਾ ਯੂਕਰੇਨ ਦਾ ਇਹ ਪਹਿਲਾ ਦੌਰਾ ਹੈ।

ਪੋਖਰਣ ਇਲਾਕੇ 'ਚ ਜਹਾਜ਼ 'ਚੋਂ ਡਿੱਗੀ ਚੀਜ਼ ਨਾਲ ਪਿਆ ਟੋਆ

ਜੈਪੁਰ : ਜੈਸਲਮੇਰ ਜ਼ਿਲ੍ਹੇ ਦੇ ਪੋਖਰਣ ਖੇਤਰ ਵਿਚ ਬੁੱਧਵਾਰ ਭਾਰਤੀ ਹਵਾਈ ਫੌਜ ਦੇ ਲੜਾਕੂ ਜਹਾਜ਼ ਤੋਂ ਬੰਬ ਵਰਗੀ ਕੋਈ ਚੀਜ਼ ਡਿੱਗਣ ਨਾਲ ਵੱਡਾ ਟੋਆ ਪੈ ਗਿਆ। ਹਵਾਈ ਫੌਜ ਨੇ ਕਿਹਾ ਕਿ ਇਹ ਘਟਨਾ ਸੁੰਨਸਾਨ ਖੇਤਰ 'ਚ ਵਾਪਰੀ ਅਤੇ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਤਕਨੀਕੀ ਖਰਾਬੀ ਕਾਰਨ ਏਅਰ ਸਟੇਰ ਅਚਾਨਕ ਪੋਖਰਣ ਫਾਇਰਿੰਗ ਰੇਂਜ ਦੇ ਨੇੜੇ ਭਾਰਤੀ ਹਵਾਈ ਫੌਜ ਦੇ ਲੜਾਕੂ ਜਹਾਜ਼ 'ਚੋਂ ਬਾਹਰ ਨਿਕਲ ਗਿਆ।

22-AUG-PAGE-1.qxd 8/21/2024 9:33 PM Page 2

ਸੀਬਾ ਸਕੂਲ ਦੀ ਟੀਮ ਯੂਥ ਫੈਸਟੀਵਲ ਲਈ ਰਵਾਨਾ

ਲਹਿਰਾਗਾਗਾ (ਪੱਤਰ ਪ੍ਰੇਰਕ) ਨੈਸ਼ਨਲ ਯੂਥ ਪ੍ਰੋਜੈਕਟ ਵੱਲੋਂ ਪੂਣੇ (ਮਹਾਂਰਾਸ਼ਟਰ) ਵਿਖੇ ਕਰਾਏ ਜਾ ਰਹੇ ਚਾਰ-ਰੋਜ਼ਾ ਨੈਸ਼ਨਲ ਕਲਚਰਲ ਯੂਥ ਫੈਸਟੀਵਲ 'ਚ ਸ਼ਮੂਲੀਅਤ ਕਰਨ ਲਈ ਲਈ ਸੀਬਾ ਸਕੂਲ ਦੀ 23 ਮੈਂਬਰੀ ਟੀਮ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਰਵਾਨਾ ਹੋਈ।ਉਨ੍ਹਾਂ ਦੱਸਿਆ ਕਿ ਸਕੂਲ ਵਿਦਿਆਰਥੀ ਇਸ ਕੈਂਪ ਦੌਰਾਨ ਭੰਗੜੇ ਤੇ ਲੁੱਡੀ ਦੀ ਪੇਸ਼ਕਾਰੀ ਕਰਨਗੇ ਤੇ ਵੱਖ-ਵੱਖ 23 ਰਾਜਾਂ ਤੋਂ ਆਏ ਨੌਜਵਾਨਾਂ-ਵਿਦਿਆਰਥੀਆਂ ਨਾਲ ਸੰਵਾਦ ਰਚਾਉਣਗੇ।ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਖਿੱਤਿਆਂ ਦੇ ਸੱਭਿਆਚਾਰ, ਭਾਸ਼ਾ ਤੇ ਹੋਰਨਾਂ ਪੱਖਾਂ ਤੋਂ ਜਾਣੂ ਹੋਣ ਲਈ ਅਜਿਹੇ ਕੈਂਪ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਟੀਮ ਵਿੱਚ ਮੈਡਮ ਅਮਨ ਢੀਂਡਸਾ, ਰਣਦੀਪ ਸੰਗਤਪੁਰਾ, ਮੋਨਿਕਾ ਰਾਣੀ, ਸ਼ਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਰਮਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਜਸਮਨਜੋਤ ਕੌਰ, ਅਮਰਜੀਤ ਕੌਰ, ਇਸ਼ਿਕਾ ਰਾਣੀ, ਇਸ਼ਿਕਾ ਗੁਪਤਾ, ਬਿਕਰਮਜੀਤ ਸਿੰਘ, ਹਰਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਜਸਪ੍ਰੀਤ ਸਿੰਘ, ਅਰਮਾਨਦੀਪ ਸਿੰਘ, ਹੁਸਨਪ੍ਰੀਤ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਸਾਹਿਲਦੀਪ ਸਿੰਘ ਤੇ ਅਰਮਾਨ ਸਿੰਘ ਸ਼ਾਮਲ ਹਨ।

ਬਰਨਾਲਾ ਧਰਨੇ ਦੀ ਤਿਆਰੀ ਲਈ ਪਿੰਡ-ਪਿੰਡ ਮੀਟਿੰਗਾਂ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਪਿੰਡ ਕਾਹਨੇਕੇ ਵਿਖੇ ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ 23 ਅਗਸਤ ਨੂੰ ਪੁਲਸ ਥਾਣਾ ਰੂੜੇਕੇ ਕਲਾਂ ਮੂਹਰੇ ਦਿੱਤੇ ਜਾ ਰਹੇ ਰੋਸ ਧਰਨੇ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹੇ ਭਰ ਅੰਦਰ ਪਿੰਡ-ਪਿੰਡ ਮੀਟਿੰਗਾਂ ਕਰਾ ਕੇ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲਮਾਜਰਾ ਨੇ ਪਿੰਡ ਗੰਗੋਹਰ ਵਿਖੇ ਮੀਟਿੰਗ ਨੂੰ ਸੰਬੋਧਨ ਕਰਨ ਉਪਰੰਤ ਕਰਦਿਆਂ ਦੱਸੀ।ਉਨ੍ਹਾਂ ਦੱਸਿਆ ਕਿ ਧਰਨੇ ਵਿੱਚ ਭਰਵੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਮੂਹ ਮਜ਼ਦੂਰ ਜਥੇਬੰਦੀਆਂ ਵੱਲੋਂ ਬਰਨਾਲਾ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਮੀਟਿੰਗਾਂ ਕਰਵਾ ਕੇ ਲਾਮਬੰਦੀ ਨੂੰ ਤੇਜ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਸਮੂਹ ਇਨਸਾਫ ਪਸੰਦ ਲੋਕਾਂ ਨੂੰ ਇਸ ਧਰਨੇ ਵਿੱਚ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ।

ਕ੍ਰਿਸ਼ਨ ਜਨਮ ਅਸ਼ਟਮੀ 26 ਨੂੰ ਮਨਾਈ ਜਾਵੇਗੀ

ਬਾਘਾ ਪੁਰਾਣਾ (ਮਨੀ ਸਿੰਗਲਾ) ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਤਿਉਹਾਰ ਨੂੰ ਦੇਖਦੇ ਹੋਏ ਪ੍ਰਾਚੀਨ ਸ਼੍ਰੀ ਸ਼ਿਵ ਸ਼ਨੀ ਮੰਦਰ ਪ੍ਰਬੰਧਕ ਕਮੇਟੀ (ਮਾਲ ਸਾਹਿਬ) ਵੱਲੋਂ ਘਰ-ਘਰ ਰਾਧੇ ਨਾਮ ਦੇ ਪ੍ਰਚਾਰ ਦੀ ਸੋਚ ਨਾਲ ਰੋਜ਼ਾਨਾ ਸਵੇਰੇ ਇੱਕ ਘਰ ਵਿੱਚ ਕੀਰਤਨ ਕੀਤਾ ਜਾ ਰਿਹਾ ਹੈ।ਪੰਜਵਾਂ ਕੀਰਤਨ ਸ਼੍ਰੀ ਰਮਨ ਅਗਰਵਾਲ (ਐਕਸਪਰਟ ਇੰਮੀਗ੍ਰੇਸ਼ਨ ਵਾਲੇ) ਦੇ ਗ੍ਰਹਿ ਵਿਖੇ ਕੀਤਾ ਗਿਆ।ਸੁਮਿਤ ਸਾਹਿਲ ਚੰਚਲ, ਕਮਲ ਕਿਸ਼ੋਰ ਤੇ ਪੰਡਤ ਕਾਕੂ ਸ਼ਰਮਾ ਵੱਲੋਂ ਆਪਣੇ ਭਜਨਾਂ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ।ਪ੍ਰਧਾਨ ਰਾਜ ਕੁਮਾਰ ਗਰਗ, ਦੀਪਕ ਬਾਂਸਲ ਰੇਲੂ, ਜਸਵੀਰ ਕੁਮਾਰ ਸ਼ੇਰੀ, ਅਰੁਣ ਬਾਂਸਲ ਲਵਪ੍ਰੀਤ ਸਿੰਘ ਲਵ, ਮੁਨੀਸ਼ ਗਰਗ ਟੀਨੀ, ਯੋਗੇਸ਼ ਬਾਂਸਲ ਯੋਗੀ ਨੇ ਦੱਸਿਆ ਕਿ 26 ਅਗਸਤ ਨੂੰ ਜਨਮ ਅਸ਼ਟਮੀ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਸੁੰਦਰ ਝਾਕੀਆਂ, ਫੁੱਲਾਂ ਅਤੇ ਰੰਗ-ਬਰੰਗੀਆਂ ਲਾਈਟਾਂ ਨਾਲ ਸਜਾਵਟ ਦੇਖਣਯੋਗ ਹੋਵੇਗੀ।ਝਾਕੀ ਉਦਘਾਟਨ ਦੀ ਰਸਮ ਸ਼੍ਰੀ ਰਾਜੂ ਸੇਤੀਆ ਜੀ (ਸੇਤੀਆ ਮਨੀ ਚੇਂਜਰ) ਵੱਲੋਂ ਅਦਾ ਕੀਤੀ ਜਾਵੇਗੀ। ਬਿਹਾਰੀ ਜੀ ਦੇ ਨਾਂਅ ਦਾ ਸੰਕੀਰਤਨ ਹੋਵੇਗਾ।ਰਾਤ ਨੂੰ 12 ਵਜੇ ਆਰਤੀ, ਕੇਕ ਤੇ ਛੱਪਣ ਭੋਗ ਲਾਇਆ ਜਾਵੇਗਾ।

ਭਾਕਿਯੂ ਕਾਦੀਆਂ ਦੀ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮਹਿਲ ਕਲਾਂ ਦੀ ਮੀਟਿੰਗ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਹੋਈ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਸਿੰਘ ਸਰਾਂ, ਮੀਤ ਪ੍ਰਧਾਨ ਮੱਘਰ ਸਿੰਘ ਸਹਿਜੜਾ, ਅਮਰਜੀਤ ਸਿੰਘ ਭੋਲਾ ਨੇ ਕਿਹਾ ਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੀ ਅਗਵਾਈ ਹੇਠ ਜਥੇਬੰਦੀ ਵੱਲੋਂ ਕਿਸਾਨੀ ਹਿੱਤਾਂ ਲਈ ਲੜੇ ਜਾ ਰਹੇ ਸੰਘਰਸ਼ਾਂ ਸਦਕਾ ਹਰ ਰੋਜ਼ ਵੱਡੀ ਗਿਣਤੀ ਵਿੱਚ ਕਿਸਾਨ, ਨੌਜਵਾਨ ਜਥੇਬੰਦੀ ਨਾਲ ਜੁੜ ਰਹੇ ਹਨ।ਕਿਸਾਨਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਜਥੇਬੰਦੀ ਵੱਲੋਂ ਲੜੇ ਜਾ ਰਹੇ ਸੰਘਰਸ਼ ਦਾ ਸਾਥ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ।ਜਨਰਲ ਸਕੱਤਰ ਜਸਵਿੰਦਰ ਸਿੰਘ ਛੀਨੀਵਾਲ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਕਣਕ ਦੀ ਬਿਜਾਈ ਲਈ ਡੀ ਏ ਪੀ ਦਾ ਪ੍ਰਬੰਧ ਹੁਣੇ ਕਰਨ, ਸ਼ਰੇਆਮ ਵਿਕ ਰਹੀਆਂ ਨਕਲੀ ਦਵਾਈਆਂ ਦੀ ਜਾਂਚ ਕਰਕੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ, ਟਰਾਂਸਫਾਰਮਰਾਂ, ਕੇਬਲ ਤਾਰਾਂ ਦੀਆਂ ਚੋਰੀਆਂ ਰੋਕਣ ਦੀ ਮੰਗ ਕੀਤੀ।

ਸ਼ਤਰੰਜ ਅੰਡਰ-14 ਸਾਲ ਲੜਕੀਆਂ ਤੇ ਲੜਕਿਆਂ ਨੇ ਪਹਿਲਾ ਤੇ ਦੂਜਾ ਸਥਾਨ ਹਾਸਲ ਕੀਤਾ

ਬਾਘਾਪੁਰਾਣਾ (ਮਨੀ ਸਿੰਗਲਾ) ਪੰਜਾਬ ਕਾਨਵੈਂਟ ਸਕੂਲ, ਜਿੱਥੇ ਵਿੱਦਿਅਕ ਖੇਤਰ ਵਿੱਚ 100% ਨਤੀਜੇ ਦੇ ਰਹੀ ਹੈ, ਉੱਥੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵੀ ਹਾਮੀ ਭਰਦੀ ਹੈ।ਤੰਦਰੁਸਤ ਸਿਹਤ ਲਈ ਯੋਗਾ ਦੇ ਨਾਲ-ਨਾਲ ਵੱਖ-ਵੱਖ ਖੇਡਾ ਵਿੱਚ ਭਾਗ ਲੈਣ ਲਈ ਵੀ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਦੇ ਰਹੀ ਹੈ।ਸੈਸ਼ਨ 2024-25 ਦੀਆਂ ਜ਼ੋਨ ਪੱਧਰੀ ਖੇਡਾਂ ਸ.ਸ.ਸ. ਸਕੂਲ ਲੰਗੇਆਣਾ ਖੁਰਦ ਵਿੱਚ ਹੋਈਆਂ। ਇਨ੍ਹਾਂ ਖੇਡਾਂ ਵਿੱਚ ਸ਼ਤਰੰਜ ਅੰਡਰ-14 ਸਾਲ ਵਿੱਚੋਂ ਲੜਕੀਆਂ ਤੇ ਲੜਕਿਆਂ ਨੇ ਪਹਿਲਾ ਅਤੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਡਾਇਰੈਕਟਰ ਅਜੇਪਾਲ ਸਿੰਘ ਤੇ ਪ੍ਰਿੰਸੀਪਲ ਮੈਡਮ ਨੀਲਿਮਾ ਨੇ ਜੇਤੂ ਖਿਡਾਰੀਆਂ ਨੂੰ ਅਤੇ ਹੈੱਡ ਡੀ.ਪੀ.ਈ. ਜਸਵਿੰਦਰ ਸਿੰਘ ਤੇ ਡੀ.ਪੀ.ਈ ਅਮਰਜੀਤ ਸਿੰਘ ਅਤੇ ਡੀ.ਪੀ.ਈ. ਮੈਡਮ ਵੀਰਪਾਲ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਹੱਲਾਸ਼ੇਰੀ ਦਿੱਤੀ।

ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਨੇ ਮੰਗ ਪੱਤਰ ਦਿੱਤਾ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਪ੍ਰਧਾਨ ਵਿੱਕੀ ਪਰੋਚਾ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਸੁਪਰੀਮ ਕੋਰਟ ਵੱਲੋਂ 01 ਅਗਸਤ ਨੂੰ ਜੋ ਐਸ ਸੀ, ਐਸ ਟੀ ਰਿਜਰਵੇਸ਼ਨ ਦੇ ਕੋਟੇ ਸਬੰਧੀ ਆਈ ਫ਼ੈਸਲੇ 'ਤੇ ਵਿਚਾਰ ਚਰਚਾ ਕੀਤੀ ਗਈ, ਬਾਰੇ ਵਿੱਕੀ ਪਰੋਚਾ ਨੇ ਕਿਹਾ ਕਿ ਦੇਸ਼ ਅੰਦਰ ਐਸ ਸੀ, ਐਸ ਟੀ ਸਮਾਜ ਦੇ ਪਛੜੇਪਣ ਦੇ ਪੂਰਾ ਸਰਵੇ ਕਰਨ ਤੋਂ ਬਾਅਦ ਕੀਤਾ ਗਿਆ ਹੈ।ਦੇਸ਼ ਦੇ ਅਤੀ ਪਿਛੜੇ ਐਸ ਸੀ ਤੇ ਐਸ ਟੀ ਇਸ ਫੈਸਲੇ ਦਾ ਸਵਾਗਤ ਕਰਦੇ ਹਨ।ਦੇਸ਼ ਦੀਆਂ ਕੁਝ ਰਾਜਨੀਤਿਕ ਪਾਰਟੀਆਂ ਆਪਣੀਆਂ ਰੋਟੀਆਂ ਸੇਕਣ ਲਈ, ਜਿਸ ਵਿੱਚ ਬਹੁਜਨ ਸਮਾਜ ਪਾਰਟੀ ਅਤੇ ਚੰਦਰ ਸ਼ੇਖਰ ਦੀ ਆਜ਼ਾਦ ਸਮਾਜ ਪਾਰਟੀ ਸ਼ਾਮਲ ਹੈ।ਇਹ ਪਾਰਟੀਆਂ ਦੇਸ਼ ਦਾ ਮਾਹੌਲ ਖਰਾਬ ਕਰ ਰਹੀਆਂ ਹਨ ਅਤੇ ਅਤੇ ਆਪਸੀ ਭਾਈਚਾਰਾ ਖਰਾਬ ਕਰ ਰਹੀਆਂ ਹਨ।ਇਨ੍ਹਾਂ ਪਾਰਟੀਆਂ ਨੇ ਸੁਪਰੀਮ ਕੋਰਟ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋਏ 21 ਅਗਸਤ ਨੂੰ ਭਾਰਤ ਬੰਦ ਦੀ ਕਾਲ ਦੇ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਹੈ।ਪੰਜਾਬ ਵਿੱਚ ਭਾਰਤ ਬੰਦ ਦੀ ਕਾਲ ਦਾ ਕੋਈ ਅਸਰ ਨਹੀਂ ਹੋਇਆ ਅਤੇ ਪੂਰੀ ਤਰ੍ਹਾਂ ਫੇਲ੍ਹ ਰਿਹਾ।ਇਸ ਤੋਂ ਬਾਅਦ ਪ੍ਰਧਾਨ ਮੰਤਰੀ ਭਾਰਤ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਂਅ 'ਤੇ ਤਹਿਸੀਲਦਾਰ ਧੂਰੀ ਨੂੰ ਮੰਗ ਪੱਤਰ ਦਿੱਤਾ ਗਿਆ।

ਨਵੇਂ ਵਿਦਿਆਰਥੀਆਂ ਲਈ ਇੰਡਕਸ਼ਨ ਪ੍ਰੋਗਰਾਮ ਕਰਾਇਆ

ਸਰਦੂਲਗੜ੍ਹ (ਅਵਤਾਰ ਜਟਾਣਾ) ਭਾਰਤ ਗਰੁੱਪ ਆਫ਼ ਕਾਲਜਿਜ਼ ਵਿਖੇ ਸੈਸ਼ਨ 2024 ਦੇ ਵਿਦਿਆਰਥੀਆਂ ਲਈ ਇੱਕ ਸ਼ੁਰੂਆਤੀ ਸੈਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਰਾਜੇਸ਼ ਗਰਗ, ਸੀ ਈ ਓ ਤੇ ਸ਼੍ਰੀ ਮੋਹਿਤ ਜੈਨ, ਐਡਮਿਸ਼ਨ ਡਾਇਰੈਕਟਰ, ਭਾਰਤ ਗਰੁੱਪ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਡਾਇਰੈਕਟਰ-ਪ੍ਰਿੰਸੀਪਲ ਡਾ. ਗੀਤੇਸ਼ ਗੋਗਾ, ਡੀਨ ਵੱਖ-ਵੱਖ ਵਿਭਾਗਾਂ ਦੀ ਫੈਕਲਟੀ ਅਤੇ ਵਿਦਿਆਰਥੀ ਇਸ ਮੌਕੇ ਸ਼ਾਮਲ ਸਨ।ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਵੱਲੋਂ ਦੀਪ ਜਲਾ ਕੇ ਕੀਤੀ ਗਈ। ਡਾਇਰੈਕਟਰ-ਪ੍ਰਿੰਸੀਪਲ ਨੇ ਸਾਰਿਆਂ ਦਾ ਸਵਾਗਤ ਕਰਦੇ ਹੋਏ ਤੇ ਕਾਲਜ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਹ ਕਾਲਜ ਮਾਨਸਾ ਜ਼ਿਲ੍ਹੇ ਦਾ ਇੱਕੋ-ਇੱਕ ਕਾਲਜ ਹੈ, ਜਿਸ ਵਿੱਚ ਇੰਜਨੀਅਰਿੰਗ, ਮੈਨੇਜਮੈਂਟ, ਕੰਪਿਊਟਰ ਸਾਇੰਸ, ਐਜੂਕੇਸ਼ਨ ਤੇ ਪੈਰਾਮੈਡੀਕਲ ਦੇ ਕੋਰਸ ਕਰਾਏ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਇਹ ਕਾਲਜ 15 ਸਾਲ ਪੁਰਾਣਾ ਹੈ ਤੇ ਇਸ ਦੀ ਮਾਨਤਾ ਐਮਆਰਐਸ-ਪੀ ਟੀ ਯੂ, ਬਠਿੰਡਾ ਤੇ ਏਆਈਸੀਟੀਈ, ਨਵੀਂ ਦਿੱਲੀ ਤੋਂ ਹੈ। ਡਾਇਰੈਕਟਰ, ਪ੍ਰਿੰਸੀਪਲ ਨੇ ਪ੍ਰੋਗਰਾਮ ਵਿੱਚ ਆਏ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਨਵੇਂ ਸੈਸ਼ਨ ਦੇ ਵਿਦਿਆਰਥੀਆਂ ਦੀਆਂ ਕਲਾਸਾਂ ਵੀ ਸ਼ੁਰੂ ਹੋ ਗਈਆਂ ਹਨ।ਉਨ੍ਹਾਂ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਨਿਯਮਾਂ ਅਤੇ ਅਨੁਸ਼ਾਸਨ ਦੀ ਪਾਲਣਾ ਕਰਦਿਆਂ ਪੜ੍ਹਾਈ ਕਰਨ ਦੀ ਅਪੀਲ ਕੀਤੀ।

ਫਰੀਡਮ ਫਾਈਟਰ ਜਥੇਬੰਦੀ ਨੇ ਨਵ ਨਿਯੁਕਤ ਡਿਪਟੀ ਕਮਿਸ਼ਨਰ ਦਾ ਕੀਤਾ ਸਵਾਗਤ

ਮਲੋਟ (ਗੁਰਮੀਤ ਸਿੰਘ ਮੱਕੜ) -ਫਰੀਡਮ ਫਾਈਟਰ ਉੱਤਰਾਧਿਕਾਰੀ ਜਥੇਬੰਦੀ ਸ੍ਰੀ ਮੁਕਤਸਰ ਸਾਹਿਬ ਦਾ ਪੰਜ ਮੈਂਬਰੀ ਕਮੇਟੀ ਦਾ ਇੱਕ ਵਫਦ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਯੋਗ ਅਗਵਾਈ ਹੇਠ ਨਵ ਨਿਯੁਕਤ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਆਹੁਦਾ ਸੰਭਾਲਣ ਦੇ ਮੌਕੇ ਮਿਲਿਆ ਅਤੇ ਜੀ ਆਇਆਂ ਕਿਹਾ। ਡਿਪਟੀ ਕਮਿਸ਼ਨਰ ਨੇ ਜਥੇਬੰਦੀ ਨੂੰ ਭਰੋਸਾ ਦਿੱਤਾ ਕਿ ਦੇਸ਼ ਭਗਤਾਂ ਦੇ ਵਾਰਿਸਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਮੀਟਿੰਗ ਵਿਚ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ, ਜਰਨਲ ਸਕੱਤਰ ਬਲਜਿੰਦਰ ਸਿੰਘ ਮਧੀਰ, ਖਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਮੀਤ ਪ੍ਰਧਾਨ ਜਗਪ੍ਰੀਤ ਛਾਬੜਾ, ਸਟੇਟ ਬਾਡੀ ਮੈਂਬਰ ਜਸਕਰਨ ਸਿੰਘ ਬੁੱਟਰ ਅਤੇ ਜਗਰੂਪ ਸਿੰਘ ਮਧੀਰ ਆਦਿ ਮੈਂਬਰ ਆਦਿ ਹਾਜ਼ਰ ਸਨ।

ਭਾਕਿਯੂ ਉਗਰਾਹਾਂ ਵੱਲੋਂ ਡੀ ਸੀ ਦਫ਼ਤਰ ਵਿਖੇ ਪੰਜ ਰੋਜ਼ਾ ਧਰਨਾ 27 ਤੋਂ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੀ ਬਲਾਕ ਪੱਧਰੀ ਇਕੱਤਰਤਾ ਪਿੰਡ ਵਜੀਦਕੇ ਕਲਾਂ ਵਿਖੇ ਹੋਈ।ਇਸ ਮੌਕੇ ਸੂਬਾ ਕਮੇਟੀ ਦੇ ਸੱਦੇ ਉੱਪਰ ਸੂਬਾ ਸਰਕਾਰ ਦੀ ਵਾਅਦਾਖਿਲਾਫ਼ੀ ਖਿਲਾਫ਼ 27 ਤੋਂ 31 ਅਗਸਤ ਤੱਕ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਵਿਖੇ ਦਿਨ-ਰਾਤ ਲੱਗਣ ਵਾਲੇ ਪੱਕੇ ਮੋਰਚੇ ਦੀ ਤਿਆਰੀ ਸਬੰਧੀ ਵਿਚਾਰ ਚਰਚਾ ਹੋਈ।

ਕਿਸਾਨ ਆਗੂ ਚਮਕੌਰ ਸਿੰਘ ਨੈਣੇਵਾਲ, ਬੁੱਕਣ ਸਿੰਘ ਸੱਦੋਵਾਲ, ਕੁਲਦੀਪ ਸਿੰਘ ਚੁਹਾਣਕੇ ਨੇ ਕਿਹਾ ਕਿ ਸੂਬਾ ਸਰਕਾਰ ਪਿਛਲੀਆਂ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਦੀ ਤਰ੍ਹਾਂ ਬਹੁਤ ਸਾਰੇ ਮਸਲਿਆਂ ਵਿੱਚ ਫੇਲ੍ਹ ਸਾਬਤ ਹੋ ਰਹੀ ਹੈ।ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖ਼ਤਮ ਕਰਨ ਦੀ ਗੱਲ ਹੀ ਨਹੀਂ ਹੋ ਰਹੀ।ਆਏ ਦਿਨ ਕਰਜ਼ਿਆਂ ਅਤੇ ਆਰਥਿਕ ਤੰਗੀਆਂ ਦਾ ਸ਼ਿਕਾਰ ਕਿਸਾਨ-ਮਜ਼ਦੂਰ ਖ਼ੁਦਕੁਸ਼ੀਆਂ ਕਰ ਰਹੇ ਹਨ।

ਆਗੂਆਂ ਨੇ ਡਿਊਟੀਆਂ ਲਾਉਂਦਿਆਂ ਕਿਹਾ ਕਿ ਸਰਕਾਰ ਦੀ ਵਾਅਦਾਖਿਲਾਫ਼ੀ ਖਿਲਾਫ਼ ਪੰਜ ਰੋਜ਼ਾ ਲਗਾਤਾਰ ਦਿਨ-ਰਾਤ ਲੱਗਣ ਵਾਲੇ ਮੋਰਚੇ ਲਈ ਪਿੰਡ ਪੱਧਰ ਤੇ ਕਿਸਾਨਾਂ-ਮਜ਼ਦੂਰਾਂ ਨੌਜਵਾਨਾਂ ਤੇ ਔਰਤਾਂ ਦੀ ਲਾਮਬੰਦੀ ਅਤੇ ਝੰਡਾ ਮਾਰਚ ਰਾਹੀਂ ਜਾਗਰੂਕ ਕਰਕੇ ਮੋਰਚੇ 'ਚ ਕਾਫ਼ਲੇ ਬੰਨ੍ਹ ਕੇ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਜਾਵੇਗਾ।ਇਸ ਮੌਕੇ ਜੱਜ ਸਿੰਘ ਗਹਿਲ, ਦਰਸ਼ਨ ਸਿੰਘ ਪੰਡੋਰੀ, ਦਰਬਾਰਾ ਸਿੰਘ ਗੁਰਮ, ਮੇਜਰ ਸਿੰਘ ਗੁੰਮਟੀ, ਅਮਰਜੀਤ ਸਿੰਘ ਵਜੀਦਕੇ, ਕੁਲਜੀਤ ਸਿੰਘ, ਇਸਤਰੀ ਆਗੂ ਸੁਖਵਿੰਦਰ ਕੌਰ, ਕੁਲਵਿੰਦਰ ਕੌਰ, ਸਰਬਜੀਤ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਫਤਰ ਅੱਗੇ ਲੱਗਣ ਵਾਲੇ ਮੋਰਚੇ ਵਿੱਚ ਵਰਕਰਾਂ

22-Aug-PAGE-3.qxd 8/21/2024 10:39 PM Page 1

ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨਾ ਸਾਡੀ ਪਹਿਲੀ ਤਰਜੀਹ : ਈ ਟੀ ਓ

* ਹਲਕਾ ਜੰਡਿਆਲਾ ਗੁਰੂ ਦੀਆਂ ਵੱਖ-ਵੱਖ ਗ੍ਰਾਮ ਪੰਚਾਇਤਾਂ ਨੂੰ ਦਿੱਤੀ 25 ਲੱਖ ਤੋਂ ਵੱਧ ਰਾਸ਼ੀ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਪਿੰਡਾਂ ਦੇ ਲੋਕਾਂ ਨੂੰ ਵੀ ਹਰ ਤਰ੍ਹਾਂ ਦੀਆਂ ਸ਼ਹਿਰੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਅਤੇ ਸਾਡੀ ਸਭ ਤੋਂ ਪਹਿਲੀ ਤਰਜੀਹ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨਾਂ ਹੈ।ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੀਆਂ 16 ਗ੍ਰਾਮ ਪੰਚਾਇਤਾਂ ਨੂੰ 25.25 ਲੱਖ ਰੁਪਏ ਦੀਆਂ ਗ੍ਰਾਂਟਾਂ ਵੰਡਣ ਸਮੇਂ ਕੀਤਾ।ਉਨ੍ਹਾਂ ਦੱਸਿਆ ਕਿ ਇਹ ਗ੍ਰਾਂਟਾਂ ਆਰਡੀਓ (ਐੱਸ ਸਕੀਮ ਤਹਿਤ) ਦਿੱਤੀਆਂ ਜਾ ਰਹੀਆਂ ਹਨ ਜਿਸ ਨਾਲ ਗ੍ਰਾਮ ਪੰਚਾਇਤਾਂ ਆਪਣੇ ਪਿੰਡਾਂ ਦੇ ਵਿਕਾਸ ਕਰਵਾ ਸਕਣਗੀਆਂ।ਈਟੀਓ ਨੇ ਦੱਸਿਆ ਕਿ ਹਲਕਾ ਜੰਡਿਆਲਾ ਗੁਰੂ ਦੀ ਗ੍ਰਾਮ ਪੰਚਾਇਤ ਧਾਰੜ ਨੂੰ 0.50 ਲੱਖ ਰੁਪਏ ਸੋਲਰ ਲਾਈਟਾਂ, 1.50 ਲੱਖ ਰੁਪਏ ਲਿਕਵਡ ਵੇਸਟ ਮੈਨੇਜਮੈਂਟ, ਗ੍ਰਾਮ ਪੰਚਾਇਤ ਰਾਣਾ ਕਲਾਂ ਨੂੰ 1 ਲੱਖ ਰੁਪਏ ਸੋਲਰ ਲਾਈਟਾਂ ਲਈ, 1.50 ਲੱਖ ਰੁਪਏ ਸਾਲਿਡ ਵੇਸਟ ਮੈਨੇਜਮੈਂਟ, ਗ੍ਰਾਮ ਪੰਚਾਇਤ ਹੁੰਦਲ ਹਾਰ 0.75 ਲੱਖ ਸੋਲਰ ਲਾਈਟਾਂ ਲਈ, ਗ੍ਰਾਮ ਪੰਚਾਇਤ ਨਿੱਝਰ ਪੁਰਾ ਨੂੰ 1 ਲੱਖ ਰੁਪਏ ਸੋਲਰ ਲਾਈਟਾਂ ਲਈ, ਗ੍ਰਾਮ ਪੰਚਾਇਤ ਨਵਾਂ ਕੋਟ 1 ਲੱਖ ਸੋਲਰ ਲਾਈਟਾਂ ਲਈ, ਗ੍ਰਾਮ ਪੰਚਾਇਤ ਬੁੰਡਾਲਾ ਨੂੰ 1.50 ਲੱਖ ਰੁਪਏ ਸੋਲਰ ਲਾਈਟਾਂ, 1.50 ਲੱਖ ਰੁਪਏ ਲਿਕੁਅਡ ਵੇਸਟਮੈਨੇਜਮੈਂਟ, ਮੱਖਣਵਿੰਡੀ ਨੂੰ 0.50 ਲੱਖ ਰੁਪਏ ਸੋਲਰ ਲਾਈਟਾਂ, 1.50 ਲਿਕੁਅਡ ਵੇਸਟ ਮੈਨੇਜਮੈਂਟ , ਮੱਲੀਆਂ ਅਤੇ ਧੀਰੇ ਕੋਟ ਨੂੰ 0.50-0.50 ਲੱਖ ਰੁਪਏ ਸੋਲਰ ਲਾਈਟਾਂ ਲਈ, ਗ੍ਰਾਮ ਪੰਚਾਇਤ ਗਹਿਰੀ ਨੂੰ 1.50 ਲੱਖ ਰੁਪਏ ਸਾਲਿਡ ਵੇਸਟ ਮੈਨੇਜਮੈਂਟ, ਗ੍ਰਾਮ ਪੰਚਾਇਤ ਦੇਵੀਦਾਸ ਪੁਰਾ ਨੂੰ 1.50 ਲੱਖ ਰੁਪਏ ਲਿਕੁਅਡ ਵੇਸਟ ਮੈਨੇਜਮੈਂਟ, ਗ੍ਰਾਮ ਪੰਚਾਇਤ ਫਤਿਹਪੁਰ ਰਾਜਪੂਤਾਂ ਨੂੰ ਲਿਕਡ ਵੇਸਟ ਮੈਨੇਜਮੈਂਟ ਲਈ1.50 ਲੱਖ ਰੁਪਏ, 2 ਲੱਖ ਰੁਪਏ ਕਬਰਿਸਤਾਨ ਲਈ, ਗ੍ਰਾਮ ਪੰਚਾਇਤ ਛਾਪਾ ਰਾਮ ਸਿੰਘ ਅਤੇ ਜਾਨੀਆਂ ਨੂੰ 1.50-1.50 ਲੱਖ ਰੁਪਏ ਲਿਕਡ ਵੇਸਟ ਮੈਨੇਜਮੈਂਟ ਲਈ, ਗ੍ਰਾਮ ਪੰਚਾਇਤ ਨੰਗਲ ਦਿਆਲ ਸਿੰਘ ਅਤੇ ਨੰਗਲੀ ਗੁਰੂ ਨੂੰ 1-1 ਲੱਖ ਰੁਪਏ, ਐਸ:ਸੀ ਪਿੰਡ ਜਿੰਨਾਂ ਦੀ ਅਬਾਦੀ 50 ਫੀਸਦੀ ਤੋਂ ਜਿਆਦਾ ਹੈ, ਨੂੰ ਗ੍ਰਾਂਟਾਂ ਦਿੱਤੀਆਂ ਗਈਆਂ। ਕੈਬਨਿਟ ਮੰਤਰੀ ਨੇ ਸਮੂਹ ਗ੍ਰਾਮ ਪੰਚਾਇਤਾਂ ਨੂੰ ਕਿਹਾ ਕਿ ਇਹ ਵਿਕਾਸ ਦੇ ਸਾਰੇ ਕੰਮ ਆਪਣੀ ਦੇਖ ਰੇਖ ਹੇਠ ਕਰਵਾਏ ਜਾਣ।ਉਨ੍ਹਾਂ ਕਿਹਾ ਕਿ ਇਹ ਲੋਕਾਂ ਦੇ ਖੂਨ ਪਸੀਨੇ ਦੀ ਕਮਾਈ ਹੈ ਅਤੇ ਇਹ ਪੈਸਾ ਲੋਕ ਭਲਾਈ ਹਿੱਤ ਹੀ ਵਰਤਿਆ ਜਾਣਾ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਮੈਡਮ ਸੁਹਿੰਦਰ ਕੌਰ, ਮਾਤਾ ਸੁਰਿੰਦਰ ਕੌਰ, ਸੁਨੈਨਾ ਰੰਧਾਵਾ, ਬੀਡੀਪੀਓ ਮਲਕੀਤ ਸਿੰਘ, ਸਤਿੰਦਰ ਸਿੰਘ ਤੋਂ ਇਲਾਵਾ ਗ੍ਰਾਮ ਪੰਚਾਇਤਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

ਜੰਡੀ ਤੇ ਚੌਂਤਾ ਦੇ ਦਰਜਨਾਂ ਨੌਜਵਾਨ ਆਮ ਆਦਮੀ ਪਾਰਟੀ 'ਚ ਸ਼ਾਮਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਨੌਜਵਾਨ ਵਰਗ ਦਾ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਪਾਰਟੀ ਦੇ ਬਲਾਕ ਪ੍ਰਧਾਨ ਕਸ਼ਮੀਰ ਚੰਦ ਦੀ ਪ੍ਰੇਰਣਾ ਸਦਕਾ ਪਿੰਡ ਜੰਡੀ ਅਤੇ ਚੌਂਤਾ ਦੇ ਦਰਜਨਾਂ ਨੌਜਵਾਨਾਂ ਨੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਅਵਿਨਾਸ਼ ਸਿੰਘ, ਮੋਹਿਤ ਠਾਕੁਰ, ਅਰੁਣ, ਅਭਿਸ਼ੇਕ ਮਿਨਹਾਸ, ਅੰਕਿਤ ਮਿਨਹਾਸ, ਹੰਸ ਸਿੰਘ, ਮੁਨੀਸ਼ ਠਾਕੁਰ, ਹਰਮਨ, ਰਘੂ ਮਿਨਹਾਸ, ਵੰਸ਼ ਠਾਕੁਰ, ਰੋਹਿਤ ਸਿੰਘ, ਸਮੀਰ, ਸ਼ਿਵਾ ਮਿਨਹਾਸ, ਰਿਤਿਕ ਮਿਨਹਾਸ, ਇਸ਼ਹਾਨ ਮਿਨਹਾਸ, ਯੁਧਵੀਰ ਸਿੰਘ, ਪ੍ਰਦੀਪ ਸਿੰਘ, ਰਣਵੀਰ ਮਿਨਹਾਸ, ਨਿੱਕੂ ਮਿਨਹਾਸ, ਪਰਮਿੰਦਰ ਮਿਨਹਾਸ, ਅਜੇ ਮਿਨਹਾਸ, ਦਿਨੇਸ਼ ਕੁਮਾਰ, ਰਜੇਸ਼ ਸਿੰਘ, ਰਮੇਸ਼ ਵਾਲੀਆ, ਦੀਪੂ ਮਿਨਹਾਸ ਤੇ ਬਿੱਟੂ ਦੇ ਨਾਂ ਸ਼ਾਮਲ ਹਨ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਸਨਮਾਨਿਤ ਕਰਨ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪਾਰਟੀ ਅੰਦਰ ਨੌਜਵਾਨਾਂ ਨੂੰ ਪੂਰੇ ਮਾਣ ਸਨਮਾਨ ਦਾ ਭਰੋਸਾ ਦਿਵਾਇਆ ਅਤੇ ਕਿਹਾ ਕਿ ਨੌਜਵਾਨ ਸਾਡੇ ਦੇਸ਼ ਦਾ ਭਵਿੱਖ ਅਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਨੌਜਵਾਨਾਂ ਨੇ ਹੀ ਅੱਗੇ ਆ ਕੇ ਵਾਗਡੋਰ ਸੰਭਾਲ਼ਣੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਬਿਨਾਂ ਕਿਸੇ ਭੇਦਭਾਵ ਅਤੇ ਭ੍ਰਿਸ਼ਟਾਚਾਰ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ ਜਿਸ ਨਾਲ ਪੰਜਾਬ ਤੋਂ ਮੂੰਹ ਮੋੜ ਕੇ ਵਿਦੇਸ਼ਾਂ ਵੱਲ ਕੂਚ ਰਹੀ ਜਵਾਨੀ ਅੰਦਰ ਇਕ ਨਵੀਂ ਉਮੀਦ ਦੀ ਕਿਰਨ ਜਾਗੀ ਹੈ ਕਿ ਉਹ ਪੰਜਾਬ ਅੰਦਰ ਅਪਣੇ ਦਮ ਤੇ ਰੁਜ਼ਗਾਰ ਪ੍ਰਾਪਤ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਪਿਛਲੀਆਂ ਸਰਕਾਰਾਂ ਦੇ ਲੀਡਰਾਂ ਨੇ ਅਪਣੇ ਹੀ ਪੁੱਤ ਭਤੀਜਿਆਂ ਨੂੰ ਨੌਕਰੀਆਂ ਦਿੱਤੀਆਂ ਪਰ ਆਮ ਘਰਾਂ ਦੇ ਨੌਜਵਾਨਾਂ ਦਾ ਕੁਝ ਨਹੀਂ ਸੋਚਿਆ ਪਰ ਹੁਣ ਅਜਿਹਾ ਨਹੀਂ ਹੋ ਰਿਹਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹੁਣ ਤੱਕ 45 ਹਜ਼ਾਰ ਤੋਂ ਵਧੇਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਗਿਣਤੀ ਹੋਰ ਵੀ ਵਧੇਗੀ।ਇਸ ਮੌਕੇ ਸੁਤੰਤਰ ਸਿੰਘ ਸਿੱਧਪੁਰ ਅਤੇ ਸਾਂਝੀ ਰਾਮ ਵੀ ਹਾਜ਼ਰ ਸਨ।

ਪੰਜ ਪੀਰ ਦੀ ਦਰਗਾਹ ਨੌਸ਼ਹਿਰਾ ਬਹਾਦਰ ਵਿਖੇ ਸੱਭਿਆਚਾਰਕ ਤੇ ਛਿੰਞ ਮੇਲਾ ਭਲਕੇ

ਗੁਰਦਾਸਪੁਰ, (ਜਨਕ ਮਹਾਜਨ)-ਬਲਾਕ ਗੁਰਦਾਸਪੁਰ ਅੰਦਰ ਪੈਂਦੇ ਪਿੰਡ ਨੌਸ਼ਹਿਰਾ ਬਹਾਦਰ ਵਿਖੇ ਪੰਜ ਪੀਰ ਦੀ ਦਰਗਾਹ ਨੂੰ ਸਮਰਪਿਤ ਤੇ ਪਿੰਡ ਦੀ ਸੁੱਖਸ਼ਾਂਤੀ ਤੇ ਇਲਾਕੇ ਦੀ ਚੜ੍ਹਦੀ ਕਲਾ ਨੂੰ ਮੁੱਖ ਰੱਖਦੇ ਹੋਏ ਸਲਾਨਾ ਸਭਿਆਚਾਰਕ ਤੇ ਛਿੰਞ ਮੇਲਾ 23 ਅਗਸਤ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਮੇਲੇ ਦੇ ਪ੍ਰਮੋਟਰ ਸੁਖਵਿੰਦਰ ਸਿੰਘ ਸੁੱਖਾ, ਗੁਰਦੀਪ ਸਿੰਘ ਗੋਹਤ ਪੋਖਰ, ਇੰਸਪੈਕਟਰ ਮੇਜਰ ਸਿੰਘ, ਗੁਰਪ੍ਰੀਤ ਸਿੰਘ ਅਮਰੀਕਾ, ਬਲਜਿੰਦਰ ਸਿੰਘ ਪੁਰਾਣਾ ਸ਼ਾਲਾ, ਡੀ. ਐੱਸ. ਪੀ. ਕਰਮਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮੇਲੇ ਨੂੰ ਚਾਰ ਚੰਨ ਉਘੀ ਗਾਇਕ ਜੋੜੀ ਨੂਰਦੀਪ ਨੂਰ ਬੋਹੜਵਾਲੀਆ ਅਤੇ ਗੁਰਵਿੰਦਰ ਗਿੱਲ ਲਗਾਉਣਗੇ। ਉਨ੍ਹਾਂ ਦੱਸਿਆ ਕਿ ਸਵੇਰੇ 2 ਮੈਚ ਕਬੱਡੀ ਅਤੇ 11 ਕੁਸ਼ਤੀਆਂ ਕਰਵਾਈਆਂ ਜਾਣਗੀਆਂ ਅਤੇ ਸਿਰਫ਼ ਸੱਦੇ ਹੋਏ ਪਹਿਲਵਾਨਾਂ ਨੂੰ ਖੇਡਣ ਦੀ ਇਜਾਜ਼ਤ ਹੋਵੇਗੀ। ਇਸ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਬਲਜੀਤ ਸਿੰਘ ਬੌਲੀ ਨਿਭਾਉਣਗੇ। ਇਸ ਮੌਕੇ ਗੁਰਦੀਪ ਸਿੰਘ ਗੋਹਤ ਪੋਖਰ, ਇਸ. ਮੇਜਰ ਸਿੰਘ, ਸਵ. ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ ਪੁਰਾਣਾ ਸ਼ਾਲਾ, ਡੀ. ਐੱਸ. ਪੀ. ਕਰਮਜੀਤ ਸਿੰਘ, ਕੈਪ. ਮਲਕੀਤ ਸਿੰਘ, ਭੁਪਿੰਦਰ ਸਿੰਘ, ਕੁਲਵਿੰਦਰ ਸਿੰਘ, ਨਵਜੋਤ ਸਿੰਘ, ਸ. ਰਣਜੀਤ ਸਿੰਘ, ਗਗਨ ਠੇਕੇਦਾਰ, ਸ਼ਿਗਾਰਾ ਸਿੰਘ ਆਦਿ ਹਾਜ਼ਰ ਸਨ।

ਚਾਰ ਹਫਤਿਆਂ ਦਾ ਡੇਅਰੀ ਉੱਦਮ ਸਿਖਲਾਈ ਕੋਰਸ 27 ਤੋਂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਡੇਅਰੀ ਵਿਕਾਸ ਬੋਰਡ/ਵਿਭਾਗ ਵੱਲੋਂ ਚਾਰ ਹਫ਼ਤੇ ਦਾ ਡੇਅਰੀ ਉੱਦਮ ਸਿਖਲਾਈ ਕੋਰਸ 27 ਅਗਸਤ ਤੋਂ 25 ਸਤੰਬਰ (ਚਾਰ ਹਫ਼ਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸ਼ੁਰੂ ਹੋ ਰਿਹਾ ਹੈ।ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਿਤ ਹੋਣ ਅਤੇ ਪਹਿਲਾਂ ਘੱਟੋ-ਘੱਟ 05 ਪਸ਼ੂ ਰੱਖੇ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।ਇਹ ਜਾਣਕਾਰੀ ਦਿੰਦਿਆਂ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਪਸ਼ੂਆਂ ਦੀ ਸਾਂਭ-ਸੰਭਾਲ, ਵੱਖ-ਵੱਖ ਬਿਮਾਰੀਆਂ, ਮਸਨੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ।ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈੱਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦੇ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਚਾਹਵਾਨ ਫਾਰਮਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰਬਰ-508 ਵਿਖੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਵਿਖੇ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫ਼ੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।ਉਨ੍ਹਾਂ ਕਿਹਾ ਕਿ ਚੁਣੇ ਹੋਏ ਸਿੱਖਿਆਰਥੀ ਜਨਰਲ ਕੈਟਾਗਰੀ ਲਈ ਫ਼ੀਸ 5000 ਅਤੇ ਅ: ਜਾਤੀ ਲਈ 4000 ਫ਼ੀਸ ਹੋਵੇਗੀ।ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਫੋਨ ਨੰਬਰ 8054800880, 7508973471 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸ਼ਾਹਬਾਦ ਦੀ ਪੰਚਾਇਤ ਨੇ ਨਵੇਂ ਆਏ ਸਿਵਲ ਸਰਜਨ ਡਾ. ਭਾਰਤ ਭੂਸ਼ਣ ਨੂੰ ਕੀਤਾ ਸਨਮਾਨਤ

ਗੁਰਦਾਸਪੁਰ (ਜਨਕ ਮਹਾਜਨ)-ਪਿੰਡ ਸ਼ਾਹਬਾਦ ਦੀ ਗਰਾਮ ਪੰਚਾਇਤ ਵੱਲੋਂ ਸਰਪੰਚ ਹਰਵਿੰਦਰਪਾਲ ਸਿੰਘ ਜੋਤੀ ਅਤੇ ਸ਼ਾਹਬਾਦ ਵੈੱਲਫ਼ੇਅਰ ਸੁਸਾਇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਕਾਹਲੋਂ ਦੀ ਅਗਵਾਈ ਹੇਠ ਸਿਵਲ ਸਰਜਨ ਡਾ. ਭਾਰਤ ਭੂਸ਼ਣ ਨੂੰ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਰਪੰਚ ਜੋਤੀ ਅਤੇ ਪ੍ਰਧਾਨ ਕਾਹਲੋਂ ਨੇ ਸਿਵਲ ਸਰਜਨ ਨੂੰ ਆਪਣੇ ਵਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਡਾ. ਭਾਰਤ ਭੂਸ਼ਣ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਡੀ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਲੋਕਾਂ ਨੂੰ ਘਰਾਂ ਦੇ ਨੇੜੇ ਬਿਹਤਰ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ਦੇ ਤਹਿਤ ਮੁਹੱਲਾ ਕਲੀਨਿਕ ਖੋਲ੍ਹੇ ਗਏ ਹਨ ਜਿਥੇ ਲੋਕਾਂ ਵਲੋਂ ਮੁਫ਼ਤ ਟੈਸਟ ਕਰਵਾ ਕੇ ਆਪਣਾ ਇਲਾਜ਼ ਕਰਵਾਇਆ ਜਾ ਰਿਹਾ ਹੈ।

ਜ਼ਿਲ੍ਹਾ ਕਾਨੂੰਗੋ ਐਸੋਸੀਏਸ਼ਨ ਅਤੇ ਪਟਵਾਰ ਯੂਨੀਅਨ ਗੁਰਦਾਸਪੁਰ ਵੱਲੋਂ ਨਵੇਂ ਆਏ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੂੰ 'ਜੀ ਆਇਆਂ' ਆਖਿਆ ਗਿਆ। ਇਸ ਸਮੇਂ ਕਾਨੂੰਗੋ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਨੱਤ, ਜਨਰਲ ਸਕੱਤਰ ਸੁਰਜੀਤ ਸਿੰਘ ਸੈਣੀ, ਨੁਮਾਇੰਦਾ ਪੰਜਾਬ ਬਲਜੀਤ ਗੁਰਾਇਆ, ਕਾਨੂੰਗੋ ਰਮੇਸ਼ ਲਾਲ, ਰਮਨ ਮਹਾਜਨ, ਮਨਦੀਪ ਸ਼ਰਮਾ, ਬਲਦੇਵ ਬੱਬੇਹਾਲੀ, ਪਟਵਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਰੰਧਾਵਾ, ਪਟਵਾਰੀ ਕਾਕਾ ਸਿੰਘ, ਰਜੇਸ਼ ਕੁਮਾਰ, ਪ੍ਰਦੀਪ ਕੁਮਾਰ ਉਰਫ ਟੋਨੀ, ਸੇਵਾਦਾਰ ਤਿੱਬੜ ਹਾਜ਼ਰ ਹੋਏ। ਇਸ ਮੌਕੇ ਉਨ੍ਹਾਂ ਡੀਸੀ ਗੁਰਦਾਸਪੁਰ ਨਾਲ ਪਟਵਾਰੀਆਂ ਦੀਆਂ ਤਰੱਕੀਆਂ ਮੈਡੀਕਲ ਬਿੱਲਾਂ ਤੇ ਬਦਲੀਆਂ ਸਬੰਧੀ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ। (ਫੋਟੋ ਤੇ ਵੇਰਵਾ: ਜਨਕ ਮਹਾਜਨ)

ਬੇਗਮਪੁਰਾ ਟਾਈਗਰ ਫੋਰਸ ਨੇ ਗੈਂਗ ਰੇਪ ਦੇ ਵਿਰੁੱਧ ਕੱਢਿਆ ਕੈਂਡਲ ਮਾਰਚ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਕਲਕੱਤਾ ਦੀ ਇੱਕ ਟ੍ਰੇਨੀ ਡਾਕਟਰ ਨਾਲ ਬਲਾਤਕਾਰ ਕਰਕੇ ਕਤਲ ਕਰਨ ਦੇ ਵਿਰੁੱਧ ਬੇਗਮਪੁਰਾ ਟਾਈਗਰ ਫੋਰਸ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਰੋਸ ਵਜੋਂ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਇੱਕ ਵਿਸ਼ਾਲ ਰੋਸ ਕੈਂਡਲ ਮਾਰਚ ਕੱਢਿਆ ਗਿਆ। ਇਸ ਕੈਂਡਲ ਮਾਰਚ ਵਿੱਚ ਫੋਰਸ ਦੇ ਪੰਜਾਬ ਪ੍ਰਧਾਨ ਬੀਰਪ

22-Aug-PAGE-4.qxd 8/21/2024 10:38 PM Page 1

ਨਵਾਂ ਜ਼ਮਾਨਾ
ਵੀਰਵਾਰ, 22 ਅਗਸਤ 2024

ਭਾਜਪਾ ਨੂੰ ਰਾਮ ਰਹੀਮ ਦਾ ਸਹਾਰਾ

ਬਲਾਤਕਾਰ ਦੇ ਦੋਸ਼ ਵਿੱਚ 20 ਸਾਲ ਦੀ ਸਜ਼ਾ ਕੱਟ ਰਿਹਾ ਡੇਰਾ ਸੱਚਾ ਸੌਦਾ ਦਾ ਮੁਖੀ ਗੁਰਮੀਤ ਰਾਮ ਰਹੀਮ 21 ਦਿਨਾਂ ਦੀ ਫਰਲੋ 'ਤੇ ਫਿਰ ਜੇਲ੍ਹ ਤੋਂ ਬਾਹਰ ਆ ਗਿਆ ਹੈ। ਪਿਛਲੇ 4 ਸਾਲਾਂ ਦੌਰਾਨ ਉਹ 10 ਵਾਰ ਜੇਲ੍ਹ 'ਚੋਂ ਬਾਹਰ ਆ ਚੁੱਕਾ ਹੈ। ਉਸ ਦੇ ਬਾਹਰ ਆਉਣ ਦੀ ਖਾਸ ਗੱਲ ਇਹ ਹੈ ਕਿ ਬਹੁਤੀ ਵਾਰ ਉਹ ਉਸ ਸਮੇਂ ਜੇਲ੍ਹ 'ਚੋਂ ਬਾਹਰ ਆਇਆ ਜਾਂ ਲਿਆਂਦਾ ਗਿਆ ਹੈ, ਜਦੋਂ ਹਰਿਆਣਾ, ਪੰਜਾਬ ਜਾਂ ਰਾਜਸਥਾਨ ਵਿੱਚ ਚੋਣਾਂ ਹੋਣੀਆਂ ਹੁੰਦੀਆਂ ਹਨ। ਇਨ੍ਹਾਂ ਤਿੰਨਾਂ ਰਾਜਾਂ ਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ ਉਸ ਦੇ ਸ਼ਰਧਾਲੂਆਂ ਦੀ ਚੋਖੀ ਗਿਣਤੀ ਹੈ।

ਗੁਰਮੀਤ ਰਾਮ ਰਹੀਮ ਆਪਣੀਆਂ ਦੋ ਚੇਲੀਆਂ ਨਾਲ ਬਲਾਤਕਾਰ ਕਰਨ ਦੇ ਦੋਸ਼ ਵਿੱਚ 25 ਅਗਸਤ 2017 ਤੋਂ 20 ਸਾਲ ਦੀ ਸਜ਼ਾ ਕੱਟ ਰਿਹਾ ਹੈ। ਇਸ ਦੇ ਨਾਲ ਹੀ ਉਸ ਨੂੰ ਪੱਤਰਕਾਰ ਰਾਮ ਚੰਦਰ ਛਤਰਪਤੀ ਤੇ ਸਾਬਕਾ ਡੇਰਾ ਮੈਨੇਜਰ ਰਣਜੀਤ ਸਿੰਘ ਦੀਆਂ ਹੱਤਿਆਵਾਂ ਵਿੱਚ ਵੀ ਦੋ ਉਮਰ ਕੈਦ ਦੀਆਂ ਸਜ਼ਾਵਾਂ ਦਿੱਤੀਆਂ ਗਈਆਂ ਸਨ। ਇਸ ਸਾਲ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਰਣਜੀਤ ਸਿੰਘ ਕਤਲ ਕੇਸ ਵਿੱਚੋਂ ਉਸ ਨੂੰ ਬਰੀ ਕਰ ਦਿੱਤਾ ਸੀ।

ਏਨੇ ਸੰਗੀਨ ਅਪਰਾਧਾਂ ਦਾ ਦੋਸ਼ੀ ਗੁਰਮੀਤ ਰਾਮ ਰਹੀਮ ਹੁਣ ਤੱਕ 255 ਦਿਨ ਜੇਲ੍ਹ ਤੋਂ ਬਾਹਰ ਆ ਚੁੱਕਾ ਹੈ। ਫ਼ਰਵਰੀ 2022 ਵਿੱਚ ਉਸ ਨੂੰ ਉਸ ਵੇਲੇ 21 ਦਿਨ ਦੀ ਪੈਰੋਲ ਮਿਲੀ ਸੀ, ਜਦੋਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਸਨ। ਉਸੇ ਸਾਲ ਜੂਨ ਵਿੱਚ ਉਸ ਨੂੰ ਫਿਰ 30 ਦਿਨਾਂ ਦੀ ਪੈਰੋਲ ਮਿਲੀ, ਜਦੋਂ ਹਰਿਆਣਾ ਵਿੱਚ ਮਿਊਂਸਪਲ ਚੋਣਾਂ ਸਨ। ਫਿਰ ਉਹ ਅਕਤੂਬਰ ਵਿੱਚ 40 ਦਿਨਾਂ ਲਈ ਜੇਲ੍ਹ ਤੋਂ ਬਾਹਰ ਆਇਆ, ਜਦੋਂ ਆਦਮਪੁਰ ਵਿਧਾਨ ਸਭਾ ਸੀਟ ਦੀ ਉਪ ਚੋਣ ਸੀ। ਇਸ ਸਾਲ ਉਹ 91 ਦਿਨ ਜੇਲ੍ਹ ਤੋਂ ਬਾਹਰ ਰਿਹਾ ਸੀ। ਅਗਲੇ ਸਾਲ 2023 ਵਿੱਚ ਵੀ ਉਸ ਨੂੰ 91 ਦਿਨਾਂ ਦੀ ਜੇਲ੍ਹੋਂ ਛੁੱਟੀ ਮਿਲੀ ਸੀ। ਇਸ ਸਾਲ ਜਨਵਰੀ ਵਿੱਚ ਉਸ ਨੂੰ 40 ਦਿਨ ਦੀ ਪੈਰੋਲ ਆਪਣੇ ਗੁਰੂ ਸ਼ਾਹ ਸਤਨਾਮ ਸਿੰਘ ਦੀ ਵਰ੍ਹੇਗੰਢ ਵਿੱਚ ਸ਼ਾਮਲ ਹੋਣ ਲਈ ਮਿਲੀ ਸੀ। ਜੁਲਾਈ ਵਿੱਚ ਫਿਰ 30 ਦਿਨਾਂ ਲਈ ਜੇਲ੍ਹੋਂ ਬਾਹਰ ਆਇਆ, ਜਦੋਂ ਹਰਿਆਣਾ ਵਿੱਚ ਪੰਚਾਇਤ ਚੋਣਾਂ ਹੋਣੀਆਂ ਸਨ। ਉਸ ਸਾਲ ਨਵੰਬਰ ਵਿੱਚ ਉਹ ਉਸ ਵੇਲੇ 21 ਦਿਨਾਂ ਲਈ ਬਾਹਰ ਆਇਆ, ਜਦੋਂ ਰਾਜਸਥਾਨ ਵਿਧਾਨ ਸਭਾ ਦੀਆਂ ਚੋਣਾਂ ਦੇ ਦਿਨ ਸਨ।

ਚਾਲੂ ਸਾਲ 2024 ਵਿੱਚ ਵੀ ਹੁਣ ਤੱਕ ਉਹ 71 ਦਿਨ ਲਈ ਜੇਲ੍ਹ ਤੋਂ ਬਾਹਰ ਆ ਚੁੱਕਾ ਹੈ। ਲੋਕ ਸਭਾ ਚੋਣਾਂ ਤੋਂ ਪਹਿਲਾਂ ਰਾਮ ਰਹੀਮ ਨੂੰ 50 ਦਿਨ ਦੀ ਸਭ ਤੋਂ ਵੱਧ ਲੰਮੀ ਛੁੱਟੀ ਦਿੱਤੀ ਗਈ ਸੀ। ਹੁਣ ਜਦੋਂ ਹਰਿਆਣਾ ਵਿਧਾਨ ਸਭਾ ਦੀਆਂ ਚੋਣਾਂ ਦਾ ਐਲਾਨ ਹੋ ਚੁੱਕਾ ਹੈ, ਰਾਮ ਰਹੀਮ 21 ਦਿਨਾਂ ਦੀ ਫਰਲੋ ਮਾਣ ਰਿਹਾ ਹੈ।

ਗੁਰਮੀਤ ਰਾਮ ਰਹੀਮ ਦਾ ਚੋਣਾਂ ਦੇ ਮੌਕੇ 'ਤੇ ਬਾਹਰ ਆਉਣਾ ਕੋਈ ਸੰਯੋਗ ਨਹੀਂ, ਸਗੋਂ ਸੱਤਾਧਾਰੀਆਂ ਦੀ ਸਿਆਸੀ ਲੋੜ ਹੈ। ਪਿਛਲੇ ਰਿਕਾਰਡ ਨੂੰ ਦੇਖਿਆ ਜਾਵੇ ਤਾਂ ਹਰਿਆਣਾ ਵਿਧਾਨ ਸਭਾ ਦੀਆਂ 2014 ਦੀਆਂ ਚੋਣਾਂ ਸਮੇਂ ਭਾਜਪਾ ਦੀ ਚੋਣ ਮੁਹਿੰਮ ਦੇ ਇੰਚਾਰਜ ਕੈਲਾਸ਼ ਵਿਜੈਵਰਗੀਆ ਭਾਜਪਾ ਦੇ 44 ਉਮੀਦਵਾਰਾਂ ਨੂੰ ਲੈ ਕੇ ਗੁਰਮੀਤ ਰਾਮ ਰਹੀਮ ਤੋਂ ਅਸ਼ੀਰਵਾਦ ਲੈਣ ਗਏ ਸਨ। ਚੋਣ ਜਿੱਤਣ ਤੋਂ ਬਾਅਦ ਉਹ ਮੁੜ ਮੰਤਰੀਆਂ ਤੇ ਵਿਧਾਇਕਾਂ ਨੂੰ ਲੈ ਕੇ ਗੁਰਮੀਤ ਰਾਮ ਰਹੀਮ ਦਾ ਧੰਨਵਾਦ ਕਰਨ ਗਏ ਸਨ। ਸਿੱਧੇ ਤੌਰ 'ਤੇ ਰਾਮ ਰਹੀਮ ਭਾਵੇਂ ਕਿਸੇ ਪਾਰਟੀ ਦੇ ਹੱਕ ਵਿੱਚ ਸਮਰਥਨ ਦੇਣ ਦਾ ਐਲਾਨ ਨਹੀਂ ਕਰਦਾ, ਪਰ ਜਿਸ ਸਰਕਾਰ ਦੀ ਕ੍ਰਿਪਾ ਨਾਲ ਉਹ ਵਾਰ-ਵਾਰ ਬਾਹਰ ਆ ਰਿਹਾ ਹੈ, ਇਸ ਤੋਂ ਉਸ ਦੇ ਸਿਆਸੀ ਸੰਬੰਧਾਂ ਦਾ ਸਹਿਜੇ ਪਤਾ ਲੱਗ ਜਾਂਦਾ ਹੈ।

ਗੁਰਮੀਤ ਰਾਮ ਰਹੀਮ ਦੇ ਵਾਰ-ਵਾਰ ਜੇਲ੍ਹ ਤੋਂ ਬਾਹਰ ਆਉਣ ਬਾਰੇ ਇਕ ਕਾਰਟੂਨਿਸਟ ਨੇ ਵਧੀਆ ਕਾਰਟੂਨ ਬਣਾਇਆ ਹੈ, ਜਿਸ ਵਿੱਚ ਜੇਲ੍ਹਰ ਉਸ ਨੂੰ ਜੇਲ੍ਹ ਦੀਆਂ ਕੁੰਜੀਆਂ ਫੜਾ ਕੇ ਕਹਿ ਰਿਹਾ ਹੈ, 'ਸੰਤ ਜੀ, ਤੁਸੀਂ ਇਹ ਆਪਣੇ ਕੋਲ ਹੀ ਰੱਖ ਛੱਡੋ।'

-ਚੰਦ ਫਤਿਹਪੁਰੀ

ਸੰਘੀ ਢਾਂਚੇ ਦੀ ਭਾਵਨਾ ਖਿਲਾਫ਼ ਵਰਤਾਰਾ ਖ਼ਤਰਨਾਕ

ਕੁਝ ਦਿਨ ਪਹਿਲਾਂ ਹੀ ਪੰਜਾਬ ਦੇ 37ਵੇਂ ਰਾਜਪਾਲ ਵਜੋਂ 79 ਸਾਲ ਦੀ ਉਮਰ ਦੇ ਗੁਲਾਬ ਚੰਦ ਕਟਾਰੀਆ ਨੇ ਚਾਰਜ ਲਿਆ ਹੈ। ਉਹ ਸਿੱਕੇਬੰਦ ਭਾਜਪਾ ਨੇਤਾ ਹਨ। ਗੁਲਾਬ ਚੰਦ ਕਟਾਰੀਆ ਨੇ ਬਨਵਾਰੀ ਲਾਲ ਪ੍ਰੋਹਿਤ ਦੀ ਥਾਂ ਲਈ ਹੈ, ਜਿਹਨਾ ਦਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ, ਉਹਨਾ ਦੇ ਪੂਰੇ ਕਾਰਜਕਾਲ ਦੌਰਾਨ ਇੱਟ-ਖੜਿੱਕਾ ਰਿਹਾ। ਸੂਬੇ ਦੇ ਦੋਵੇਂ ਸੰਵਿਧਾਨਿਕ ਆਗੂ ਮੇਹਣੇ-ਮੇਹਣੀ ਤਾਂ ਹੋਏ ਹੀ, ਕੋਰਟ -ਕਚਹਿਰੀਆਂ 'ਚ ਕੇਸ ਲੜਦੇ ਰਹੇ ਅਤੇ ਪੰਜਾਬ ਦੇ ਖ਼ਜ਼ਾਨੇ ਨੂੰ ਚੂਨਾ ਲਾਉਂਦੇ ਰਹੇ।

ਗਵਰਨਰ ਬਨਵਾਰੀ ਲਾਲ ਪ੍ਰੋਹਿਤ ਦੇ ਕਦਮ ਚਿੰਨ੍ਹਾਂ 'ਤੇ ਚਲਦਿਆਂ ਨਵੇਂ ਗਵਰਨਰ ਗੁਲਾਬ ਚੰਦ ਕਟਾਰੀਆ ਨੇ ਚਾਰਜ ਸੰਭਾਲਦਿਆਂ ਹੀ ਪੰਜਾਬ ਦੇ ਪ੍ਰਸ਼ਾਸਕੀ ਸਕੱਤਰਾਂ ਨਾਲ ਮੀਟਿੰਗਾਂ ਆਰੰਭ ਕਰ ਦਿੱਤੀਆਂ। ਇਨ੍ਹਾਂ ਮੀਟਿੰਗਾਂ ਨੂੰ ਭਾਰਤੀ ਸੰਵਿਧਾਨ ਵਿੱਚ ਅੰਕਿਤ ਸੰਘੀ ਢਾਂਚੇ ਦੀ ਭਾਵਨਾ ਦੇ ਖਿਲਾਫ਼ ਮੰਨਿਆ ਜਾ ਰਿਹਾ ਹੈ ਅਤੇ ਕੇਂਦਰ ਸਰਕਾਰ ਵੱਲੋਂ ਰਾਜ ਦੇ ਅੰਦਰੂਨੀ ਮਾਮਲਿਆਂ 'ਚ ਦਖ਼ਲ ਗਰਦਾਨਿਆ ਜਾ ਰਿਹਾ ਹੈ।

ਪੰਜਾਬ ਦੀ ਹਾਕਮ ਧਿਰ, ਵਿਰੋਧੀ ਧਿਰ, ਸ਼੍ਰੋਮਣੀ ਅਕਾਲੀ ਦਲ ਲਗਭਗ ਸਾਰੀਆਂ ਹੀ ਸਿਆਸੀ ਪਾਰਟੀਆਂ ਨੇ ਇਸ ਕਾਰਵਾਈ ਨੂੰ ਗਲਤ ਕਰਾਰ ਦਿੱਤਾ ਹੈ।

ਲਗਭਗ ਇੱਕ ਦਹਾਕੇ ਦੇ ਮੋਦੀ ਸਰਕਾਰ ਦੇ ਕਾਰਜਕਾਲ ਦੌਰਾਨ ਦੇਸ਼ ਦੇ ਸੰਘੀ ਢਾਂਚੇ ਨੂੰ ਵਿਗਾੜਨ ਤੇ ਉਖਾੜਨ ਲਈ ਯਤਨ ਹੋ ਰਹੇ ਹਨ। ਰਾਜਪਾਲ ਖ਼ਾਸ ਤੌਰ 'ਤੇ ਉਨ੍ਹਾਂ ਸੂਬਿਆਂ ਵਿੱਚ ਸਿੱਧਾ ਪ੍ਰਸ਼ਾਸਕੀ ਦਖ਼ਲ ਦੇ ਰਹੇ ਹਨ, ਜਿਨ੍ਹਾਂ ਸੂਬਿਆਂ ਵਿੱਚ ਭਾਜਪਾ ਦੀ ਸਰਕਾਰ ਨਹੀਂ ਹੈ। ਇਸ ਦਖ਼ਲ-ਅੰਦਾਜ਼ੀ ਦੇ ਖਿਲਾਫ਼ ਵਿਰੋਧੀ ਧਿਰ ਵਾਲੀਆਂ ਸੂਬਾ ਸਰਕਾਰਾਂ ਵਿਰੋਧ ਕਰ ਰਹੀਆਂ ਹਨ, ਪਰ ਬੇਵੱਸ ਦਿਖਦੀਆਂ ਹਨ।

ਬਿਨਾਂ ਸ਼ੱਕ ਇਸ ਤਰ੍ਹਾਂ ਦੀਆਂ ਕਾਰਵਾਈਆਂ ਰਾਜ ਦੇ ਮਾਮਲਿਆਂ ਵਿੱਚ ਕੇਂਦਰ ਸਰਕਾਰ ਦੀ ਦਖ਼ਲ-ਅੰਦਾਜ਼ੀ ਹੈ ਅਤੇ ਸੂਬੇ ਦੇ ਹਿੱਤਾਂ ਦੇ ਵਿਰੁੱਧ ਹੈ। ਇਸ ਨਾਲ ਕੇਂਦਰ-ਰਾਜ ਸਬੰਧਾਂ 'ਤੇ ਸਿੱਧਾ ਅਸਰ ਪਏਗਾ। ਇਸ ਕਿਸਮ ਦੇ ਦਖ਼ਲ ਦਾ ਮਤਲਬ ਅਫ਼ਸਰਾਂ ਨੂੰ ਦੋਹਰੀ ਕਮਾਂਡ ਦੇਣ ਦੇ ਤੁਲ ਹੈ। ਇਸ ਨਾਲ ਚੁਣੀ ਧਿਰ ਨੂੰ ਆਪਣੀ ਸਰਕਾਰ ਚਲਾਉਣ ਲਈ ਵਧੇਰੇ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਇਹੋ ਜਿਹੇ ਦਖ਼ਲ ਦਾ ਸਿੱਟਾ ਕੇਂਦਰ ਤੇ ਸੂਬਿਆਂ ਦੇ ਟਕਰਾਅ 'ਚ ਵੇਖਿਆ ਜਾ ਰਿਹਾ ਹੈ। ਪੰਜਾਬ, ਪੱਛਮੀ ਬੰਗਾਲ 'ਚ ਇਹ ਟਕਰਾਅ ਹੱਦਾਂ-ਬੰਨੇ ਟੱਪ ਚੁੱਕਾ ਹੈ। ਕੇਂਦਰ ਰਾਜਾਂ ਨੂੰ ਆਪਣੀਆਂ ਲੋੜਾਂ ਅਨੁਸਾਰ ਯੋਜਨਾਬੰਦੀ ਨਹੀਂ ਕਰਨ ਦੇ ਰਿਹਾ, ਸਕੀਮਾਂ ਬਣਾਉਣ ਦੀ ਆਗਿਆ ਨਹੀਂ ਦੇ ਰਿਹਾ । ਇਹੋ ਹੀ ਕਾਰਨ ਹੈ ਕਿ ਸਿਹਤ, ਸਿੱਖਿਆ ਲਈ ਕੇਂਦਰ ਸਰਕਾਰ ਵੱਲੋਂ ਕੇਂਦਰੀ ਫੰਡ ਰੋਕ ਦਿੱਤੇ ਜਾਂਦੇ ਹਨ। ਪੰਜਾਬ 'ਚ ਮਾਨ ਸਰਕਾਰ ਦੇ ਕੇਂਦਰੀ ਫੰਡ ਰੋਕ ਦਿੱਤੇ ਗਏ, ਕਿਉਂਕਿ ਉਨ੍ਹਾਂ ਕੇਂਦਰੀ ਸਕੀਮਾਂ ਦੀ ਥਾਂ 'ਮੁਹੱਲਾ ਕਲੀਨਿਕ' ਬਣਾ ਦਿੱਤੇ। ਪੰਜਾਬ 'ਚ ਪੇਂਡੂ ਵਿਕਾਸ ਫੰਡ (ਆਰ ਡੀ ਐੱਫ) ਦੇ ਬਕਾਏ ਦੇਣ ਤੋਂ ਨਾਂਹ ਕਰ ਦਿੱਤੀ ਗਈ। ਇਥੇ ਹੀ ਬੱਸ ਨਹੀਂ, ਸੂਬੇ ਦੇ ਸਰਹੱਦੀ ਇਲਾਕਿਆਂ ਵਿੱਚ ਕੇਂਦਰ ਨੇ ਬੀ ਐਸ ਐਫ ਤਾਇਨਾਤ ਕਰਕੇ ਅਤੇ ਉਸ ਏਜੰਸੀ ਦੀਆਂ ਤਾਕਤਾਂ ਦਾ ਘੇਰਾ ਵਧਾ ਕੇ ਕੇਂਦਰ ਨੇ ਆਪਣਾ ਕੰਟਰੋਲ ਵਧਾ ਲਿਆ ਹੈ।

ਕਿਸੇ ਵੀ ਸੂਬੇ ਵਿੱਚ ਦੋ ਸਮਾਂਤਰ ਸਰਕਾਰਾਂ ਨਹੀਂ ਹੋ ਸਕਦੀਆਂ। ਇਸ ਨਾਲ ਪੁਲਸ, ਪ੍ਰਸ਼ਾਸਨ 'ਚ ਵਿਗਾੜ ਪੈਦਾ ਹੁੰਦਾ ਹੈ। ਆਈ ਏ ਐੱਸ ਅਫ਼ਸਰ, ਆਈ.ਪੀ.ਐੱਸ. ਅਫ਼ਸਰ, ਜਿਹੜੇ ਕੇਂਦਰ ਸਰਕਾਰ ਲਈ ਵੀ ਜਵਾਬਦੇਹ ਹਨ, ਇਹੋ ਜਿਹੇ ਹਾਲਾਤ 'ਚ ਉਨ੍ਹਾਂ ਦੇ ਕੰਮ ਕਰਨ ਦੇ ਤੌਰ-ਤਰੀਕਿਆਂ 'ਤੇ ਫ਼ਰਕ ਪੈਂਦਾ ਹੈ। ਸੰਘੀ ਢਾਂਚੇ ਦੀ ਭਾਵਨਾ ਤਾਂ ਇਹ ਹੈ ਕਿ ਸੂਬਿਆਂ ਨੂੰ ਆਪਣੇ ਕੰਮ ਆਪ ਚਲਾਉਣ ਦਿੱਤੇ ਜਾਣ । ਪੰਜਾਬ, ਪੱਛਮੀ ਬੰਗਾਲ ਵਰਗੇ ਸਰਹੱਦੀ ਰਾਜਾਂ ਵਿੱਚ ਤਾਂ ਅਜਿਹਾ ਹੋਣਾ ਹੋਰ ਵੀ ਜ਼ਰੂਰੀ ਹੈ।

ਗੁਰਮੀਤ ਸਿੰਘ ਪਲਾਹੀ

ਕੇਂਦਰ ਸਰਕਾਰ ਵੱਲੋਂ ਸੂਬਿਆਂ ਦੇ ਹੱਕ ਖੋਹਣ ਦਾ ਮਾਮਲਾ ਨਵਾਂ ਨਹੀਂ। ਕੇਂਦਰ ਆਪਣੀਆਂ ਵਿਰੋਧੀ ਸੂਬਿਆਂ ਦੀ ਸਰਕਾਰਾਂ ਨੂੰ ਗੈਰ-ਸੰਵਿਧਾਨਿਕ ਤੌਰ 'ਤੇ ਤੋੜਦਾ ਵੀ ਰਿਹਾ ਹੈ ਅਤੇ ਹੁਣ ਪਿਛਲੇ ਇੱਕ ਦਹਾਕੇ ਤੋਂ ਇਹ ਵਰਤਾਰਾ ਸਿਖ਼ਰਾਂ ਛੋਹ ਗਿਆ ਹੈ। ਕੇਂਦਰ ਦੀ ਮੋਦੀ ਸਰਕਾਰ ਸੱਭੋ ਕੁਝ ਆਪਣੀ ਮੁੱਠੀ 'ਚ ਕਰਨਾ ਚਾਹੁੰਦੀ ਹੈ, ਜਿਸ ਨਾਲ ਸੰਘੀ ਢਾਂਚੇ ਦੀ ਭਾਵਨਾ 'ਤੇ ਸੱਟ ਪੈਂਦੀ ਨਜ਼ਰ ਆਉਂਦੀ ਹੈ।

ਸੂਬਿਆਂ ਦੇ ਹੱਕਾਂ ਉਤੇ ਜਦੋਂ ਛਾਪਾ ਪੈਂਦਾ ਹੈ, ਉਸ ਵੇਲੇ ਉਥੋਂ ਦੇ ਲੋਕਾਂ 'ਚ ਵਿਆਪਕ ਰੋਸ ਵੇਖਣ ਨੂੰ ਮਿਲਦਾ ਹੈ। ਪੰਜਾਬ ਦਾ ਦਿੱਲੀ ਸਰਕਾਰ ਨਾਲ ਮੌਜੂਦਾ ਦੌਰ ਵਿੱਚ ਅਤੇ ਪਹਿਲਾਂ ਵੀ ਟਕਰਾਅ ਸਿਖ਼ਰਾਂ 'ਤੇ ਪੁੱਜਦਾ ਰਿਹਾ ਹੈ। ਸੂਬਿਆਂ ਲਈ ਵੱਧ ਅਧਿਕਾਰਾਂ ਦੀ ਮੰਗ ਇਸੇ ਕਰਕੇ ਉੱਠਦੀ ਰਹੀ ਹੈ। ਪੰਜਾਬ ਵਿੱਚੋਂ ਬਗਾਵਤੀ ਸੁਰਾਂ ਉੱਠਣ ਦਾ ਕਾਰਨ ਹੀ ਇਹੋ ਸੀ ਕਿ ਅਨੰਦਪੁਰ ਸਾਹਿਬ ਦਾ ਸਿਆਸੀ ਮਤਾ ਪੰਜਾਬ ਦੀ ਖੇਤਰੀ ਪਾਰਟੀ ਨੇ ਪਾਸ ਕੀਤਾ। ਭਾਵੇਂ ਮੌਕੇ ਦੀ ਕਾਂਗਰਸ ਸਰਕਾਰ ਨੇ ਇਸ ਮਤੇ ਨੂੰ ਵੱਖਵਾਦੀ ਦੱਸਦਿਆਂ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਖ਼ਤਰੇ ਵਜੋਂ ਪੇਸ਼ ਕੀਤਾ, ਪਰ ਇਸ ਮਤੇ ਵਿੱਚ ਜਿਹੜੇ ਪੱਖ ਉਲੀਕੇ ਗਏ, ਉਨ੍ਹਾਂ ਨੂੰ ਦੇਸ਼ ਦੇ ਹੋਰ ਕਈ ਸੂਬਿਆਂ ਦੇ ਲੋਕਾਂ ਵੱਲੋਂ ਹੁੰਗਾਰਾ ਮਿਲਿਆ, ਕਿਉਂਕਿ ਕੇਂਦਰ ਦੀਆਂ ਸਰਕਾਰਾਂ ਭਾਵੇਂ ਉਹ ਕਾਂਗਰਸ ਦੀ ਸਰਕਾਰ ਸੀ ਜਾਂ ਹੁਣ ਵਾਲੀ ਭਾਜਪਾ ਸਰਕਾਰ, ਉਹ ਸੂਬਿਆਂ ਦੀਆਂ ਸਰਕਾਰਾਂ ਨੂੰ ਇੱਕ ਮਿਊਂਸਪਲ ਕਮੇਟੀ ਵਾਂਗ ਚਲਾਉਂਦੀ ਦਿਖਦੀ ਰਹੀ।

ਅਨੰਦਪੁਰ ਮਤਾ ਫੈਡਰਿਲਜ਼ਮ ਨੂੰ ਪ੍ਰਭਾਸ਼ਿਤ ਕਰਦਾ ਹੈ। ਇਸ ਅਨੁਸਾਰ, 'ਇਸ ਨਵੇਂ ਪੰਜਾਬ ਤੇ ਦੇਸ਼ ਦੇ ਹੋਰ ਸੂਬਿਆਂ ਵਿੱਚ ਕੇਂਦਰ ਦਾ ਦਖ਼ਲ ਕੇਵਲ ਮੁਲਕ ਦੇ ਡਿਫੈਂਸ, ਪ੍ਰਦੇਸੀ ਮਾਮਲਿਆਂ, ਤਾਰ-ਡਾਕ, ਤੇ ਰੇਲਵੇ ਅਤੇ ਕਰੰਸੀ ਦੇ ਮਹਿਕਮਿਆਂ ਤੱਕ ਸੀਮਤ ਹੋਵੇ ਅਤੇ ਬਾਕੀ ਸਾਰੇ ਮਹਿਕਮੇ ਪੰਜਾਬ ਦੇ ਆਪਣੇ ਅਧਿਕਾਰ ਵਿੱਚ ਹੋਣ, ਇਨ੍ਹਾਂ ਦੇ ਪ੍ਰਬੰਧ ਲਈ ਪੰਜਾਬ ਨੂੰ ਆਪਣਾ ਆਈਨਾ ਆਪ ਬਣਾਉਣ ਦਾ ਪੂਰਨ ਅਧਿਕਾਰ ਹੋਵੇ।'

ਇਸ ਮਤੇ ਦਾ ਮੰਤਵ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਧਿਆਨ ਵਿੱਚ ਰੱਖਦਿਆਂ ਸੂਬਿਆਂ ਨੂੰ ਖ਼ੁਦਮੁਖਤਿਆਰੀ ਦੁਆਉਣਾ ਹੈ, ਕਿਉਂਕਿ ਅਨੇਕਤਾ ਵਿੱਚ ਏਕਤਾ ਹੀ ਸਾਡੇ ਦੇਸ਼ ਨੂੰ ਬਣਾਉਂਦੀ ਹੈ, ਪਰ ਇਹ ਮਤਾ ਅਕਾਲੀ-ਭਾਜਪਾ ਦੇ ਆਪਸੀ ਗੱਠਜੋੜ ਅਤੇ ਸੂਬਿਆਂ ਨੂੰ ਵੱਧ ਅਧਿਕਾਰਾਂ ਦੀ ਗੱਲ ਨੂੰ ਛੱਡਦਿਆਂ ਸਿਰਫ਼ ਰਾਜ ਕਰਨ ਤੱਕ ਸੀਮਤ ਰਹਿਣ ਕਾਰਨ ਅਕਾਲੀ ਦਲ ਵੱਲੋਂ ਲਗਭਗ ਛੱਡ ਹੀ ਦਿੱਤਾ ਗਿਆ।

ਅੱਜ ਜਦੋਂ ਕੇਂਦਰ ਦੀ ਸਰਕਾਰ ਸੂਬਿਆਂ ਦੇ ਪ੍ਰਬੰਧ ਵਿੱਚ ਆਪਣੇ ਥਾਪੇ 'ਸੂਬੇਦਾਰਾਂ' (ਰਾਜਪਾਲਾਂ) ਰਾਹੀਂ ਬੇਲੋੜਾ ਦਖ਼ਲ ਦੇ ਰਹੀ ਹੈ ਤਾਂ ਵਿਰੋਧੀ ਧਿਰਾਂ ਵਾਲੇ ਸੂਬੇ, ਸੂਬਿਆਂ ਲਈ ਵੱਧ ਅਧਿਕਾਰਾਂ ਦੀ ਮੰਗ ਕਰਨ ਲੱਗ ਪਏ ਹਨ ਅਤੇ ਇਥੋਂ ਦੇ ਲੋਕ ਵੀ ਵੱਧ ਹੱਕਾਂ ਦੀ ਮੰਗ ਲਈ ਇਕਜੁੱਟ ਹੋਣ ਲੱਗੇ ਹਨ।

ਕੇਂਦਰ ਦੀ ਮੋਦੀ ਸਰਕਾਰ ਨੇ ਜਦੋਂ ਸੂਬਿਆਂ ਦੇ ਅਧਿਕਾਰ ਖੇਤਰ ਵਾਲੀ ਮੱਦ ਖੇਤੀ 'ਚ ਦਖ਼ਲ ਦੇ ਕੇ ਆਪਣੇ ਤੌਰ 'ਤੇ ਖੇਤੀ ਕਾਨੂੰਨ ਬਣਾਏ ਤਾਂ ਪੰਜਾਬ ਦੇ ਲੋਕਾਂ ਨੇ ਇਸ ਨੂੰ ਸੰਘੀ ਢਾਂਚੇ 'ਚ ਸਿੱਧਾ ਦਖ਼ਲ ਮੰਨਿਆ, ਖੇਤੀ ਕਾਨੂੰਨਾਂ ਵਿਰੁੱਧ ਸੰਘਰਸ਼ ਚੱਲਿਆ ਤੇ ਕੇਂਦਰੀ ਹਾਕਮਾਂ ਨੂੰ ਇਹ ਕਾਨੂੰਨ ਵਾਪਸ ਲੈਣੇ ਪਏ।

ਹੁਣ ਵੀ ਪੰਜਾਬ 'ਚ ਕਾਨੂੰਨ ਵਿਵਸਥਾ ਢਹਿ-ਢੇਰੀ ਹੋਣ ਨੂੰ ਮੁੱਦਾ ਬਣਾ ਕੇ ਕੇਂਦਰ ਸਰਕਾਰ ਵੱਲੋਂ ਉਸਾਰੀ ਜਾ ਰਹੀ ਐਕਸਪ੍ਰੈੱਸ ਹਾਈਵੇ ਲਈ ਜ਼ਮੀਨਾਂ ਐਕਵਾਇਰ ਨਾ ਕਰਨ ਵਰਗੀਆਂ ਅਸਫਲਤਾਵਾਂ ਕਾਰਨ ਕੇਂਦਰ ਨੂੰ ਰਾਜ ਦੇ ਅੰਦਰੂਨੀ ਮਾਮਲਿਆਂ ਵਿੱਚ ਦਖ਼ਲ ਦੇਣ ਦਾ ਮੌਕਾ ਮਿਲਿਆ ਹੈ। ਉਸ ਵੱਲੋਂ ਕੁਝ ਸੜਕੀ ਪ੍ਰਾਜੈਕਟ ਪਹਿਲਾਂ ਹੀ ਰੱਦ ਕਰ ਦਿੱਤੇ ਗਏ ਹਨ ਅਤੇ ਐਕਸਪ੍ਰੈੱਸ ਹਾਈਵੇ ਨੂੰ ਰੱਦ ਕਰਨ ਦੀਆਂ ਧਮਕੀਆਂ ਕੇਂਦਰ ਵੱਲੋਂ ਸੂਬੇ ਨੂੰ ਲਗਾਤਾਰ ਮਿਲ ਰਹੀਆਂ ਹਨ।

ਮੌਜੂਦਾ ਕੇਂਦਰ ਸਰਕਾਰ ਦਾ ਏਜੰਡਾ ਸ਼ਕਤੀਆਂ ਦੇ ਕੇਂਦਰੀਕਰਨ ਵਾਲਾ ਹੈ। ਸਾਰੀਆਂ ਸ਼ਕਤੀਆਂ ਕੇਂਦਰ ਦੀ ਮੁੱਠੀ 'ਚ ਦੇਣ ਦਾ ਹੈ। ਉਸ ਦਾ ਏਜੰਡਾ ਧਨ ਕੁਬੇਰਾਂ ਦੀ ਕਠਪੁਤਲੀ ਬਣ ਕੇ ਦੇਸ਼ 'ਚ ਨਿੱਜੀਕਰਨ 'ਚ ਵਾਧੇ ਦਾ ਹੈ । ਬਹੁਤੇ ਸੂਬੇ ਸ਼ਕਤੀਆਂ ਕੇਂਦਰ ਹੱਥ ਫੜਾਉਣ ਦੇ ਹੱਕ 'ਚ ਨਹੀਂ ਹਨ। ਖ਼ਾਸ ਤੌਰ 'ਤੇ ਖੇਤਰੀ ਪਾਰਟੀਆਂ ਤਾਂ ਇਸ ਦਾ ਲਗਾਤਾਰ ਵਿਰੋਧ ਕਰਦੀਆਂ ਹਨ। ਇਹ ਪਾਰਟੀਆਂ ਕੇਂਦਰ ਦੀ

22-AUG-PAGE-5.qxd 8/21/2024 9:34 PM Page 1

ਮਨਰੇਗਾ ਕਾਮਿਆਂ ਨੇ ਡੀ ਐੱਸ ਪੀ ਨਾਲ ਕੀਤੀ ਮੁਲਾਕਾਤ

ਨਾਭਾ (ਵਰਿੰਦਰ ਵਰਮਾ)-ਨਾਭਾ ਬੀ ਡੀ ਪੀ ਓ ਦਫਤਰ 31 ਜੁਲਾਈ ਤੋਂ ਲਗਾਤਾਰ ਧਰਨੇ 'ਤੇ ਬੈਠੇ ਮਨਰੇਗਾ ਮਜ਼ਦੂਰਾਂ ਦਾ ਇੱਕ ਵਫਦ ਅੱਜ ਨਾਭਾ ਡੀ ਐਸ ਪੀ ਪ੍ਰਭਜੋਤ ਕੌਰ ਨੂੰ ਮਿਲਿਆ। ਮਨਰੇਗਾ ਮਜ਼ਦੂਰ ਆਗੂਆਂ ਨੇ ਦੱਸਿਆ ਕਿ ਬੀਤੇ ਦਿਨ ਦੰਦਰਾਲਾ ਢੀਂਡਸਾ ਚੌਕੀ ਤੋਂ ਇੱਕ ਪੁਲਸ ਮੁਲਾਜ਼ਮ ਨਸ਼ੇ ਦੀ ਹਾਲਤ 'ਚ ਹਨੇਰਾ ਹੋਏ ਨੋਹਰਾ ਪਿੰਡ ਨਿਵਾਸੀ ਸਰਗਰਮ ਮਜ਼ਦੂਰ ਆਗੂ ਸੁਖਵਿੰਦਰ ਕੌਰ ਨੂੰ ਜ਼ੁਬਾਨੀ ਥਾਣੇ ਆਉਣ ਦੀ ਧਮਕੀ ਦੇ ਕੇ ਗਿਆ ਕਿ ਉਸ ਖਿਲਾਫ ਮਨਰੇਗਾ ਮਜ਼ਦੂਰਾਂ ਤੋਂ ਪੈਸੇ ਇਕੱਠੇ ਕਰਨ ਦੀ ਪ੍ਰਸ਼ਾਸਨ ਵੱਲੋਂ ਸ਼ਿਕਾਇਤ ਆਈ ਹੈ।

ਇਸ ਸੰਬੰਧੀ ਜਦੋਂ ਸੁਖਵਿੰਦਰ ਕੌਰ ਨੇ ਕਿਹਾ ਕਿ ਛੇ ਮਹੀਨੇ ਪਹਿਲਾਂ ਉਨ੍ਹਾਂ ਵੱਲੋਂ ਚੋਰੀ ਦੀ ਸ਼ਿਕਾਇਤ ਦਰਜ ਕਰਵਾਈ ਗਈ ਸੀ ਪਰ ਉਸ ਬਾਬਤ ਤਾਂ ਅੱਜ ਤੱਕ ਐਫ ਆਈ ਆਰ ਤੱਕ ਨਹੀਂ ਹੋਈ ਤੇ ਕਿਸੇ ਨੇ ਮੌਕਾ ਵਾਰਦਾਤ ਦਾ ਗੇੜਾ ਵੀ ਨਾ ਮਾਰਿਆ ਤੇ ਹੁਣ ਸੰਘਰਸ਼ ਵਿੱਚ ਸਰਗਰਮ ਹੋਣ ਕਾਰਨ ਉਸ ਨੂੰ ਬਿਨਾਂ ਕੋਈ ਪਰਵਾਨਾ ਜਾਰੀ ਕੀਤੇ ਥਾਣੇ ਬੁਲਾਉਣ ਤੋਂ ਕੀ ਮਤਲਬ ਕੱਢਿਆ ਜਾਵੇ ਤਾਂ ਉਕਤ ਪੁਲਸ ਮੁਲਾਜ਼ਮ ਨੇ ਬਦਤਮੀਜ਼ੀ ਨਾਲ ਧਮਕੀ ਦਿੰਦਿਆਂ ਕਿਹਾ ਕਿ ਫੇਰ ਪੁਲਸ ਨੂੰ ਹੋਰ ਤਰੀਕੇ ਵੀ ਆਉਂਦੇ ਹਨ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਉਹ ਨਾਭਾ ਡੀ ਐਸ ਪੀ ਦੇ ਧਿਆਨ ਵਿੱਚ ਲਿਆਂਦਾ ਹੈ ਜਿਸ ਤੇ ਡੀ ਐਸ ਪੀ ਪ੍ਰਭਜੋਤ ਕੌਰ ਨੇ ਕਿਹਾ ਕਿ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਸਕੱਤਰ ਰਮਨਜੋਤ ਕੌਰ ਬਾਬਰਪੁਰ, ਬਲਾਕ ਪ੍ਰਧਾਨ ਕੁਲਵੰਤ ਕੌਰ ਥੂਹੀ ਨੇ ਕਿਹਾ ਕਿ ਜਥੇਬੰਦੀਆਂ ਫੰਡ ਇਕੱਠਾ ਕਰਦੀਆਂ ਹੀ ਹੁੰਦੀਆਂ ਹਨ ਤੇ ਮਨਰੇਗਾ ਐਕਟ ਵੀ ਵਿਸ਼ੇਸ਼ ਤੌਰ 'ਤੇ ਮਜ਼ਦੂਰਾਂ ਨੂੰ ਜਥੇਬੰਦੀ ਬਣਾਉਣ ਤੇ ਫੰਡ ਇਕੱਤਰ ਕਰਨ ਦੀ ਆਜ਼ਾਦੀ ਦਿੰਦਾ ਹੈ ਤੇ ਪ੍ਰਸ਼ਾਸਨ ਤੋਂ ਅੱਕੇ ਲੋਕ ਆਪਣੀ ਮਰਜ਼ੀ ਨਾਲ ਸੰਘਰਸ਼ ਲਈ ਦਾਨ ਦਿੰਦੇ ਹਨ, ਜਥੇਬੰਦੀ ਕੋਲ ਜ਼ਬਰਦਸਤੀ ਕਰਨ ਦੀ ਕੋਈ ਤਾਕਤ ਨਹੀਂ। ਇਹੀ ਨਹੀਂ ਐਕਟ ਅਨੁਸਾਰ ਪ੍ਰਸ਼ਾਸਨ ਨੇ ਜਥੇਬੰਦੀ ਨਾਲ ਆਏ ਮਹੀਨੇ ਮੀਟਿੰਗ ਕਰਨੀ ਹੁੰਦੀ ਹੈ ਤੇ ਮਨਰੇਗਾ ਸੰਬੰਧੀ ਮੁਸ਼ਕਲਾਂ ਦਾ ਤੁਰੰਤ ਹੱਲ ਕਰਨਾ ਹੁੰਦਾ ਹੈ। ਪਰ ਇਥੇ ਪ੍ਰਸ਼ਾਸਨ ਮਜ਼ਦੂਰਾਂ ਦੀਆਂ ਅਰਜ਼ੀਆਂ ਦਾ ਨਿਪਟਾਰਾ ਕਰਨ ਦੀ ਥਾਂ ਇਸ ਤਰੀਕੇ ਦੇ ਹੱਥਕੰਡੇ ਅਪਣਾ ਰਿਹਾ ਹੈ ਤਾਂ ਅਸੀਂ ਬਦਲਾਅ ਦੀ ਇਹ ਕਹਾਣੀ ਲੋਕਾਂ ਦੀ ਕਚਿਹਰੀ ਵੀ ਰਖਾਂਗੇ।

ਜੈਨੇਸਿਸ ਅਮਨਦੀਪ ਹਸਪਤਾਲ ਵੱਲੋਂ ਫ੍ਰੀ ਮੈਡੀਕਲ ਕੈਂਪ 24 ਨੂੰ

ਮਮਦੋਟ, (ਜਸਬੀਰ ਸਿੰਘ ਕੰਬੋਜ) ਜੈਨਸਿਸ ਅਮਨਦੀਪ ਮਲਟੀਸਪੈਸ਼ਲਿਟੀ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਸਿਟੀ ਹਾਰਟ ਸਕੂਲ ਵਿਖੇ ਸਕੂਲ ਮੈਨੇਜਮੈਂਟ ਅਤੇ ਪ੍ਰੈਸ ਕਲੱਬ (ਰਜਿ:) ਦੇ ਸਹਿਯੋਗ ਨਾਲ 24 ਅਗਸਤ ਨੂੰ ਸਵੇਰੇ 9:00 ਵਜੇ ਵਜੇ ਤੋਂ ਦੁਪਹਿਰ 1:30 ਵਜੇ ਤੱਕ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਾਇਆ ਜਾ ਰਿਹਾ ਹੈ।

ਹਸਪਤਾਲ ਦੇ ਮਾਹਿਰ ਡਾ. ਗੁਰਪ੍ਰੀਤ ਸਿੰਘ ਸੋਢੀ ਨੇ ਦੱਸਿਆ ਕਿ ਇਸ ਕੈਂਪ ਵਿੱਚ ਹੱਡੀਆਂ ਅਤੇ ਜੋੜਾਂ ਦਾ ਇਲਾਜ, ਗੋਡੇ ਅਤੇ ਚੂਲ੍ਹੇ ਦੇ ਖਰਾਬ ਜੋੜ, ਦੇਰ ਤੋਂ ਕਿਸੇ ਵੀ ਇਲਾਜ ਨਾਲ ਨਾ ਜੁੜ ਰਹੀ ਹੱਡੀ ਡਾ ਇਲਾਜ, ਵਿੰਗੇ ਟੇਢੇ ਅੰਗਾਂ ਦਾ ਇਲਾਜ, ਖੇਡਾਂ ਦੌਰਾਨ ਲੱਗੀਆਂ ਸੱਟਾਂ ਦਾ ਇਲਾਜ, ਗਿੱਟੇ ਅਤੇ ਪੈਰਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਕਨਿਸ਼ ਕਿੰਨਰਾ, ਜਨਰਲ ਮੈਡੀਸਨ ਦੇ ਮਾਹਿਰ ਡਾਕਟਰ ਪ੍ਰਦੀਪ ਮਿੱਤਲ, ਸ਼ੂਗਰ ਨਾਲ ਖਰਾਬ ਹੋਏ ਪੈਰਾਂ ਦਾ ਇਲਾਜ, ਛਾਤੀ ਦੇ ਰੋਗ, ਹਾਈ ਬਲੱਡ ਪ੍ਰੈਸ਼ਰ, ਦਿਲ ਦੇ ਰੋਗ ਤੇ ਕੰਨ, ਨੱਕ ਅਤੇ ਗਲ਼ਾ, ਕੰਨ ਦੇ ਪਰਦੇ ਦਾ ਨਵੀਂ ਤਕਨੀਕ ਦੁਆਰਾ ਇਲਾਜ, ਗਲੇ ਦੀਆਂ ਗਿਲਟੀਆਂ ਦਾ ਅਪ੍ਰੇਸ਼ਨ, ਹਕਲਾਉਣ ਤੇ ਥਥਲਾਉਣ ਦਾ ਸਪੀਚ ਥਰੈਪੀ ਦੇ ਮਾਹਿਰ ਡਾ. ਵਿਗਨੇਸ਼ ਏ.ਕੇ.ਜਨਾਨਾ ਰੋਗ (ਔਰਤਾਂ ਦੇ ਰੋਗ) ਬੱਚਿਆਂ ਦੇ ਰੋਗ, ਮੌਸਮੀ ਬੁਖਾਰ, ਜ਼ੁਕਾਮ ਅਤੇ ਖਾਂਸੀ, ਵਾਰ-ਵਾਰ ਦਸਤ ਲੱਗਣਾ, ਪੇਟ ਵਿੱਚ ਦਰਦ ਹੋਣਾ, ਖ਼ੂਨ ਤੇ ਛਾਤੀ ਦੀ ਪੁਰਾਣੀ ਇਨਫੈਕਸ਼ਨ, ਪੀਲੀਏ ਦਾ ਇਲਾਜ, ਨਵਜੰਮੇ ਬੱਚਿਆਂ ਦੀ ਦੇਖਭਾਲ ਡਾ. (ਮੇਜਰ) ਡੇਵਿਡ ਆਗਸਟਾਇਨ, ਬਾਂਝਪਨ ਦੀਆਂ ਸਮੱਸਿਆਵਾਂ ਦੇ ਮਾਹਿਰ ਡਾ. ਪੂਨਮ ਜੰਗੀਰ ਮਰੀਜ਼ਾਂ ਦਾ ਚੈੱਕਅਪ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਕੈਂਪ 'ਚ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ।

ਸਿੱਖਿਆ ਤੇ ਸਿਹਤਮੰਦ ਸਰੀਰ ਜੀਵਨ ਦੇ ਸਭ ਤੋਂ ਵਧੀਆ ਧਨ : ਡਾ. ਜੈਨ

101 ਲੜਕੀਆਂ ਨੂੰ ਇਮਿਊਨਿਟੀ ਬੂਸਟਰ ਕਿੱਟਾਂ ਵੰਡੀਆਂ

ਧੂਰੀ, (ਰਾਜੇਸ਼ਵਰ ਪਿੰਟੂ, ਅਮਨ ਗਰਗ) ਸਿੱਖਿਆ ਮਨੁੱਖੀ ਵਿਕਾਸ ਤੇ ਪ੍ਰਗਤੀ ਲਈ ਬੇਹੱਦ ਅਹਿਮ ਹੈ।ਇਸ ਨਾਲ ਸਮਾਜ ਵਿੱਚ ਸਮਝ, ਗਿਆਨ ਤੇ ਸਮਰਪਣ ਦੀ ਭਾਵਨਾ ਵਿਕਸਤ ਹੁੰਦੀ ਹੈ, ਜੋ ਹਰੇਕ ਖੇਤਰ ਵਿੱਚ ਖੁਸ਼ਹਾਲੀ ਦਾ ਰਾਹ ਪੱਧਰ ਕਰਦੀ ਹੈ।ਸਿੱਖਿਆ ਨਾਲ ਨੈਤਿਕ ਕੀਮਤਾਂ-ਕਦਰਾਂ, ਸਮਾਜ ਸੇਵਾ ਦੀ ਭਾਵਨਾ, ਸਮਾਜਿਕ ਨਿਆਂ ਤੇ ਸਮਰਸਤਾ ਦੇ ਮਹੱਤਵ ਦਾ ਗਿਆਨ ਮਿਲਦਾ ਹੈ। ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਸਿੱਖਿਆ ਨੂੰ ਗੰਭੀਰਤਾ ਨਾਲ ਲੈਣ ਤੇ ਇੱਕ ਉਦੇਸ਼ ਨਿਰਧਾਰਤ ਕਰਕੇ ਉਸ ਨੂੰ ਹਾਸਲ ਕਰਨ ਲਈ ਸਖਤ ਮਿਹਨਤ ਕਰਨ।ਇਹ ਵਿਚਾਰ ਸੇਵਾ ਟਰੱਸਟ ਯੂ.ਕੇ (ਭਾਰਤ) ਦੇ ਸੰਸਥਾਪਕ ਚਰਨ ਕੰਵਲ ਸੋਖੋਂ ਤੇ ਕੌਮੀ ਚੇਅਰਮੈਨ ਨਰੇਸ਼ ਮਿੱਤਲ ਦੀ ਰਹਿਨੁਮਾਈ ਹੇਠ ਮਾਲਵਾ ਖਾਲਸਾ ਸਕੂਲ ਵਿਖੇ ਆਯੋਜਤ ਕੀਤੇ ਗਏ ਜਾਗਰੂਕਤਾ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਟਰੱਸਟ ਦੇ ਕੌਮੀ ਵਾਈਸ ਚੇਅਰਮੈਨ ਡਾ. ਵਰਿੰਦਰ ਜੈਨ ਨੇ ਪ੍ਰਗਟ ਕੀਤੇ।ਇਸ ਤੋਂ ਪਹਿਲਾਂ ਸਕੂਲ ਦੀ ਪ੍ਰਿੰਸੀਪਲ ਸਰਬਜੀਤ ਕੌਰ ਤੇ ਮੈਡਮ ਨਵਦੀਪ ਸ਼ਰਮਾ ਨੇ ਉਨ੍ਹਾਂ ਦਾ ਤੇ ਉਨ੍ਹਾਂ ਦੀ ਪੂਰੀ ਟੀਮ ਦਾ ਸਕੂਲ ਵਿਖੇ ਪੁੱਜਣ 'ਤੇ ਸਵਾਗਤ ਵੀ ਕੀਤਾ ਡਾ. ਜੈਨ ਨੇ ਵਿਦਿਆਰਥੀਆਂ ਨੂੰ ਚੰਗੀ ਸਿਹਤ ਲਈ ਸੰਤੁਲਤ ਆਹਾਰ ਲੈਣ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਸਿਹਤਮੰਦ ਸਰੀਰ ਹੀ ਜੀਵਨ ਦਾ ਸਭ ਤੋਂ ਵਧੀਆ ਧਨ ਹੈ, ਕਿਉਂਕਿ ਸਿਹਤਮੰਦ ਸਰੀਰ ਨਾਲ ਹੀ ਅਸੀਂ ਜੀਵਨ ਨੂੰ ਸੁਚਾਰੂ ਰੂਪ ਵਿੱਚ ਚਲਾ ਸਕਦੇ ਹਾਂ। ਇਸ ਮੌਕੇ ਟਰੱਸਟ ਦੀ ਜ਼ਿਲਾ ਟੀਮ ਦੇ ਅਸ਼ੋਕ ਸਿੰਗਲਾ, ਅਨਿਲ ਗੁਪਤਾ, ਰਵਿੰਦਰ ਸ਼ਰਮਾ, ਸੌਰਭ ਸ਼ਰਮਾ, ਅਵਤਾਰ ਸਿੰਘ, ਸੰਜੀਵ ਸਿੰਗਲਾ ਆਦਿ ਨੇ 171ਵੇਂ ਪ੍ਰੋਜੈਕਟ ਹੇਠ ਡਾਬਰ ਇੰਡੀਆ ਲਿਮਟਿਡ ਦੇ ਸਹਿਯੋਗ ਨਾਲ 'ਸਿਹਤਮੰਦ ਭਾਰਤ-ਸਿਹਤਮੰਦ ਸਮੁਦਾਏ' ਮੁਹਿੰਮ ਅਧੀਨ ਪੰਜਵੀਂ ਤੋਂ ਬਾਰ੍ਹਵੀਂ ਕਲਾਸ ਦੀਆਂ 101 ਲੜਕੀਆਂ, ਲੜਕੇ, ਬੀ.ਐਡ ਵਿਦਿਆਰਥੀਆਂ ਸਮੇਤ 10 ਕਰਮਚਾਰੀਆਂ ਨੂੰ ਲਗਭਗ 1 ਲੱਖ ਰੁਪਏ ਦੀ ਡਾਬਰ ਇਮਿਊਨਿਟੀ ਬੂਸਟਰ ਕਿੱਟਾਂ ਵੰਡੀਆਂ।

ਸੌਰਭ ਸ਼ਰਮਾ ਨੇ ਦੱਸਿਆ ਕਿ ਟਰੱਸਟ ਦੀ ਸਿਹਤਮੰਦ ਭਾਰਤ-ਸਿਹਤਮੰਦ ਸਮੁਦਾਏ ਪ੍ਰੋਗਰਾਮ ਅਧੀਨ ਅੰਤਰਰਾਸ਼ਟਰੀ ਕੰਪਨੀਆਂ ਦੇ ਸਹਿਯੋਗ ਨਾਲ ਸਿਹਤਮੰਦ ਜੀਵਨ ਸਭ ਤੋਂ ਵਧੀਆ, ਸਿੱਖਿਆ, ਸਾਫ਼ ਵਾਤਾਵਰਣ, ਮਹਿਲਾ ਸਸ਼ਕਤੀਕਰਨ, ਸਿੱਖਿਅਤ ਵਿਦਿਆਰਥੀ, ਬਜ਼ੁਰਗਾਂ ਦਾ ਆਸ਼ਰਮ, ਸਲੱਮ ਖੇਤਰ ਸਹਾਇਤਾ ਪ੍ਰੋਗਰਾਮਾਂ ਤਹਿਤ ਜ਼ਿਲ੍ਹਾ ਟੀਮ ਵੱਲੋਂ 171 ਸਮਾਗਮਾਂ 'ਚ 1 ਲੱਖ 24 ਹਜ਼ਾਰ 511 ਲੋਕਾਂ ਨੂੰ 1 ਕਰੋੜ 30 ਲੱਖ ਦੀ ਪੋਸ਼ਣ ਸਮੱਗਰੀ ਤੇ ਦਵਾਈਆਂ ਵੰਡੀਆਂ ਜਾ ਚੁੱਕੀਆਂ ਹਨ।ਇਸ ਤੋਂ ਇਲਾਵਾ ਹਰਿਤ ਭਾਰਤ-ਹਰਿਤ ਧਰਤੀ ਦੇ ਤਹਿਤ 1000 ਬੂਟੇ ਵੀ ਵੰਡੇ ਗਏ ਹਨ।

ਕਾਤਰਾਂ

'ਵਰਸਿਟੀ ਕਾਲਜ ਬੇਨੜਾ 'ਚ ਸਦਭਾਵਨਾ ਦਿਵਸ ਮਨਾਇਆ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਸਦਭਾਵਨਾ ਦਿਵਸ ਵਿਸ਼ੇਸ਼ ਤੌਰ 'ਤੇ ਮਨਾਇਆ ਗਿਆ।ਅਰਥ-ਸ਼ਾਸਤਰ ਵਿਸ਼ੇ ਦੇ ਅਧਿਆਪਕ ਡਾ. ਊਸ਼ਾ ਜੈਨ ਨੇ ਮੁੱਖ ਵਕਤਾ ਵਜੋਂ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਇਸ ਦਿਵਸ ਦਾ ਮੁੱਖ ਉਦੇਸ਼ ਸੱਭਿਆਚਾਰਕ, ਧਾਰਮਿਕ ਤੇ ਜਾਤੀਵਾਦੀ ਭੇਦਭਾਵ ਤੋਂ ਉੱਪਰ ਉੱਠ ਕੇ ਸਮਾਜ ਕਲਿਆਣ ਲਈ ਇਕਜੁਟ ਹੋ ਕੇ ਕੰਮ ਕਰਨਾ ਹੈ।ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਸਦਭਾਵਨਾ ਤੇ ਏਕਤਾ ਦੇ ਮਹੱਤਵ ਬਾਰੇ ਉਚੇਚੇ ਤੌਰ 'ਤੇ ਜ਼ਿਕਰ ਕੀਤਾ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਨੁੱਖਤਾ ਦੀ ਸੇਵਾ, ਭਾਈਚਾਰਕ ਸਾਂਝ ਅਤੇ ਮਿਲ-ਜੁਲ ਕੇ ਰਹਿਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਐੱਨ ਐੱਸ ਐੱਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ, ਰੈੱਡ ਰਿਬਨ ਕਲੱਬ ਦੇ ਕੋਆਰਡੀਨੇਟਰ ਡਾ. ਗਗਨਦੀਪ ਸਿੰਘ ਤੇ ਡਾ. ਰਾਕੇਸ਼ ਕੁਮਾਰ ਤੋਂ ਇਲਾਵਾ ਕਾਲਜ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਠੇਕਾ ਚੁਕਾਉਣ ਲਈ ਪਿੰਡ ਵਾਸੀਆਂ ਵੱਲੋਂ ਰੋਸ ਪ੍ਰਦਰਸ਼ਨ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਪਿੰਡ ਕ੍ਰਿਪਾਲ ਸਿੰਘ ਵਾਲਾ (ਬਰਨਾਲਾ) ਵਿਖੇ ਪਿੰਡ ਵਾਸੀਆਂ ਵਲੋਂ ਸ਼ਰਾਬ ਦੇ ਠੇਕੇ ਨੂੰ ਚੁਕਵਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਧਰਮਪਾਲ ਸਿੰਘ, ਸੰਸਾਰ ਸਿੰਘ ਨੇ ਕਿਹਾ ਕਿ ਠੇਕਾ ਪਿੰਡ ਦੇ ਨੇੜੇ ਹੋਣ ਕਰਕੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਥੋਂ ਦਾਰੂ ਪੀ ਕੇ ਲੋਕ ਘਰਾਂ ਕੋਲ ਜਾ ਕੇ ਗਾਲੀ ਗਲੋਚ ਕਰਦੇ ਹਨ, ਜਿਸ ਕਰਕੇ ਪਿੰਡ ਦੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਮੌਕੇ ਠੇਕੇ ਦੇ ਮੁਲਾਜ਼ਮ ਜੱਗਾ ਸਿੰਘ ਨੇ ਕਿਹਾ ਕਿ ਇਹ ਠੇਕਾ ਪਿਛਲੇ ਚਾਰ ਸਾਲਾਂ ਤੋਂ ਪਿੰਡ ਕ੍ਰਿਪਾਲ ਸਿੰਘ ਵਾਲਾ ਵਿਖੇ ਮਨਜ਼ੂਰ ਹੈ, ਜਿਸ ਦੀ ਮਨਜ਼ੂਰੀ 31 ਮਾਰਚ 2025 ਤੱਕ ਸਾਡੇ ਕੋਲ ਹੈ, ਫਿਰ ਵੀ ਲੋਕਾਂ ਦੀ ਇਸ ਮੁਸ਼ਕਲ ਦੇ ਮੱਦੇਨਜ਼ਰ ਅਸੀਂ ਜਲਦੀ ਹੀ ਇਸ ਠੇਕੇ ਨੂੰ ਕਿਸੇ ਹੋਰ ਜਗ੍ਹਾ ਉੱਤੇ ਰਖਵਾ ਦਿਵਾਂਗੇ।

'ਦਰਸ਼ਨ ਬਜ਼ੁਰਗਾਂ ਦੇ' ਆਸ਼ਰਮ 'ਚ ਬਜ਼ੁਰਗ ਦੀ ਮੌਤ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਦਰਸ਼ਨ ਬਜ਼ੁਰਗਾਂ ਦੇ ਆਸ਼ਰਮ 'ਚ ਰਹਿੰਦੇ ਇਕ ਬਜ਼ੁਰਗ ਦੀ ਸਵੇਰੇ ਮੌਤ ਹੋ ਜਾਣ ਦੀ ਖਬਰ ਮਿਲੀ ਹੈ।ਆਸ਼ਰਮ ਪ੍ਰਬੰਧਕ ਪਰਮਿੰਦਰ ਸਿੰਘ ਹਮੀਦੀ ਅਨੁਸਾਰ ਮ੍ਰਿਤਕ ਰੂਪ ਚੰਦ (74) ਪੁੱਤਰ ਅਮੀ ਚੰਦ ਵਾਸੀ ਸੇਖਾ ਨੂੰ 6 ਮਹੀਨੇ ਪਹਿਲਾਂ ਦਾਣਾ ਮੰਡੀ ਸੇਖਾ ਤੋਂ ਲਾਵਾਰਿਸ ਹਾਲਤ ਵਿੱਚ ਆਸ਼ਰਮ ਲਿਆਂਦਾ ਗਿਆ।ਉਹ ਬੀਮਾਰੀ ਤੋਂ ਪੀੜਤ ਕਾਰਨ ਲੱਤਾਂ ਤੋਂ ਤੁਰਨ ਫਿਰਨ ਤੋਂ ਅਸਮਰੱਥ ਸੀ।ਆਸ਼ਰਮ ਵਲੋਂ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਤੋਂ ਕਰਾਇਆ ਗਿਆ ਸੀ।ਜਿੱਥੇ ਇਲਾਜ ਅਧੀਨ ਉਸ ਦੀ ਅੱਜ ਸਵੇਰੇ ਮੌਤ ਹੋ ਗਈ।ਮ੍ਰਿਤਕ ਬਜ਼ੁਰਗ ਰੂਪ ਚੰਦ ਸੇਖਾ ਦਾ ਅੰਤਮ ਸੰਸਕਾਰ ਧਾਰਮਿਕ ਰਸਮਾਂ ਅਨੁਸਾਰ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਇਸ ਮੌਕੇ ਬੀਬੀ ਬਲਜਿੰਦਰ ਕੌਰ ਮਾਂਗੇਵਾਲ, ਡਾ: ਅਮਰਜੀਤ ਸਿੰਘ, ਜੀਵਨ ਸਿੰਘ ਸੇਖਾ, ਲੱਖਾ ਸਿੰਘ ਖਿਆਲੀ, ਇੰਦਰਜੀਤ ਸਿੰਘ, ਯਾਦਵਿੰਦਰ ਸਿੰਘ, ਜਰਨੈਲ ਸਿੰਘ, ਗੁਰਸੇਵਕ ਸਿੰਘ, ਤਰਨਵੀਰ ਸਿੰਘ, ਬੀਰਬਲ ਕੌਰ ਤੇ ਲਵਪ੍ਰੀਤ ਕੌਰ ਆਦਿ ਹਾਜ਼ਰ ਸਨ।

ਭਾਕਿਯੂ (ਏਕਤਾ-ਉਗਰਾਹਾਂ) ਵੱਲੋਂ ਕੋਲਕਾਤਾ ਕਾਂਡ ਦੇ ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਦੀ ਮੰਗ

ਪਟਿਆਲਾ (ਰਾਜਿੰਦਰ ਸਿੰਘ ਬਿੰਦ) ਕਲਕੱਤਾ ਦੇ ਆਰ ਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿਖੇ ਸਿਖਿਆਰਥੀ ਡਾਕਟਰ ਔਰਤ ਨਾਲ਼ ਗੁੰਡਾ ਗਿਰੋਹ ਵੱਲੋਂ ਸਮੂਹਕ ਬਲਾਤਕਾਰ ਕਰਨ ਤੋਂ ਬਾਅਦ ਉਸਦਾ ਬੇਰਹਿਮੀ ਨਾਲ ਕਤਲ ਕਰਨ ਦੀ ਘਿਨਾਉਣੀ ਘਟਨਾ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਸਖ਼ਤ ਨਿੰਦਾ ਕੀਤੀ ਗਈ ਹੈ।ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਵੱਲੋਂ ਵਹਿਸ਼ੀਆਨਾ ਕਾਰੇ ਦੇ ਦੋਸ਼ੀ ਦਰਿੰਦਿਆਂ ਨੂੰ ਸਖ਼ਤ ਤੋਂ ਸਖ਼ਤ ਮਿਸਾਲੀ ਸਜ਼ਾ ਦੇਣ ਦੀ ਮੰਗ ਕੀਤੀ ਗਈ ਹੈ।ਇਸ ਦਰਿੰਦਗੀ ਖਿਲਾਫ ਸੰਘਰਸ਼ਸ਼ੀਲ ਹੜਤਾਲੀ ਡਾਕਟਰਾਂ ਤੇ ਹੋਰ ਤਬਕਿਆਂ ਦੇ ਸੰਘਰਸ਼ਾਂ ਦੀ ਹਮਾਇਤ ਕੀਤੀ ਗਈ ਹੈ।ਉਨ੍ਹਾਂ ਦੋਸ਼ ਲਾਇਆ ਹੈ ਕਿ ਦੇਸ਼ ਭਰ ਅੰਦਰ ਲਗਭਗ ਰੋਜ਼ਾਨਾ ਵਾਪਰ ਰਹੀਆਂ ਅਜਿਹੀਆਂ ਅਣਮਨੁੱਖੀ ਵਹਿਸ਼ੀ ਘਟਨਾਵਾਂ ਲਈ ਮੁੱਖ ਤੌਰ ਉੱਤੇ ਰਾਜਨੀਤਕ ਸਮਾਜਿਕ ਪ੍ਰਬੰਧ ਜ਼ਿੰਮੇਵਾਰ ਹੈ, ਕਿਉਂਕਿ ਆਮ ਤੌਰ 'ਤੇ ਅਜਿਹੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਨਹੀਂ ਦਿੱਤੀਆਂ ਜਾਂਦੀਆਂ, ਸਗੋਂ ਸਮਾਜ ਅੰਦਰ ਔਰਤ ਵਰਗ ਬਾਰੇ ਪ੍ਰਚਲਤ ਪਿਛਾਂਹ-ਖਿੱਚੂ ਜਗੀਰੂ ਧਾਰਨਾਵਾਂ ਤੋਂ ਸਮਾਜ ਨੂੰ ਮੁਕਤ ਕਰਨ ਲਈ ਵੀ ਕਿਸੇ ਹਕੂਮਤੀ ਪਾਰਟੀ ਜਾਂ ਉਨ੍ਹਾਂ ਦੀ ਸਰਕਾਰ ਵੱਲੋ

22 August - Page - 6.qxd 8/21/2024 10:35 PM Page 1

ਬਲੌਜ਼ਮਜ਼ ਕਾਨਵੈਂਟ ਦੇ ਗੁਰਸ਼ਾਨ ਸਿੰਘ ਨੇ ਗੋਲਡ ਮੈਡਲ ਜਿੱਤਿਆ

ਜਗਰਾਉਂ (ਅਮਿਤ ਖੰਨਾ)- ਬਲੌਜ਼ਮਜ ਕਾਨਵੈਂਟ ਸਕੂਲ ਦੇ ਵਿਦਿਆਰਥੀ ਖੇਡ ਗਤੀਵਿਧੀਆਂ ਵਿੱਚ ਦਿਨੋ ਦਿਨ ਆਪਣਾ ਨਾਮ ਬੁਲੰਦ ਉਚਾਈਆਂ ਤੇ ਪਹੁੰਚਦਾ ਕਰ ਰਹੇ ਹਨ। ਉਸੇ ਲੜੀ ਤਹਿਤ 68ਵੀਆਂ ਜ਼ਿਲ੍ਹਾ ਪੱਧਰ ਦੀਆਂ ਹੋਈਆਂ ਖੇਡਾਂ ਵਿੱਚ ਭਾਈ ਨਗਾਹੀਆ ਸਿੰਘ ਕੁਸ਼ਤੀ ਅਖਾੜਾ ਆਲਮਗੀਰ ਵਿਖੇ ਗੁਰਸ਼ਾਨ ਸਿੰਘ ਪੁੱਤਰ ਗੁਰਮੀਤ ਸਿੰਘ ਭਲਵਾਨ ਨੇ ਆਪਣੀ ਸੁਥਰੀ ਖੇਡ ਖੇਡਦਿਆਂ ਕਈ ਭਲਵਾਨਾਂ ਨੂੰ ਚਿੱਤ ਕਰਦਿਆਂ ਗੋਲਡ ਮੈਡਲ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਮਾਪਿਆਂ ਅਤੇ ਵਿਦਿਆਰਥੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਅਲੱਗ ਖੇਡਾਂ ਵੱਖਰੀ ਪਹਿਚਾਣ ਬਣਾਉਂਦੀਆਂ ਹਨ ਜਿਸ ਦੇ ਨਤੀਜੇ ਭਵਿੱਖ ਵਿੱਚ ਚੰਗੇ ਮੁਕਾਮ ਤੇ ਪਹੁੰਚਾਉਣ ਵਿੱਚ ਸਹਾਈ ਸਿੱਧ ਹੁੰਦੇ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਵਾਈਸ ਪ੍ਰਿੰਸੀ ਮਿਸਿਜ਼ ਰੰਜਨਾ ਕੌਸ਼ਲ ਨੇ ਵੀ ਵਿਦਿਆਰਥੀ ਨੂੰ ਵਧਾਈ ਦਿੱਤੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲੈਣ ਲਈ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਦਫਤਰ ਡਿਪਟੀ ਕਮਿਸ਼ਨਰ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਰਿੰਦਰ ਸਿੰਘ ਢਿੱਲੋਂ ਏ.ਡੀ.ਸੀ.ਡੀ., ਬਲਜੀਤ ਕੌਰ ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਬਕਾਇਆ ਕੰਮਾਂ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਿਆ ਜਾਵੇ ਅਤੇ ਜੇਕਰ ਕਿਸੇ ਕੰਮ ਨੂੰ ਨੇਪਰੇ ਚਾੜ੍ਹਨ ਵਿੱਚ ਕੋਈ ਪ੍ਰੇਸ਼ਾਨੀ ਪੇਸ਼ ਆਉਂਦੀ ਹੈ ਤਾਂ ਉਹ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਾਲ ਤਾਲਮੇਲ ਕਰਨ।ਉਨ੍ਹਾਂ ਮੀਟਿੰਗ ਦੌਰਾਨ ਹਦਾਇਤ ਕੀਤੀ ਕਿ ਜਦੋਂ ਵੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸੇ ਵੀ ਪ੍ਰਕਾਰ ਦੀ ਕੋਈ ਮੀਟਿੰਗ ਆਯੋਜਿਤ ਕੀਤੀ ਜਾਂਦੀ ਹੈ ਤਾਂ ਉਸ ਵਿੱਚ ਸਮੇਂ ਸਿਰ ਪਹੁੰਚਿਆ ਜਾਵੇ।ਉਨ੍ਹਾਂ ਮੀਟਿੰਗ ਵਿੱਚ ਸ਼ਾਮਿਲ ਨਾ ਹੋਣ ਵਾਲੇ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਦਿਆਂ ਕਿਹਾ ਕਿ ਇਸ ਦਾ ਜਵਾਬ ਜਲਦੀ ਦਿੱਤਾ ਜਾਵੇ ਨਹੀਂ ਤਾਂ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।ਜੰਗਲੀ ਜੀਵ ਅਤੇ ਵਣ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਸਬੰਧਤ ਵਿਭਾਗ ਨੂੰ ਹਦਾਇਤ ਕੀਤੀ ਕਿ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਲਈ ਦਿੱਤੇ ਗਏ ਟੀਚੇ ਨੂੰ ਮੁਕੰਮਲ ਕੀਤਾ ਜਾਵੇ ਅਤੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲੈ ਕੇ ਪੌਦੇ ਲਗਾਉਣ ਦੀ ਮੁਹਿੰਮ ਨੂੰ ਤੇਜ਼ ਕੀਤਾ ਜਾਵੇ।

ਚੌਕੀਦਾਰ-ਕਮ-ਸੇਵਾਦਾਰ ਦੀ ਲੋੜ

ਸਭਾ ਵਿਚ ਸੇਵਾਦਾਰ-ਕਮ-ਚੌਕੀਦਾਰ ਦੀ ਪੋਸਟ ਲਈ ਚਾਹਵਾਨ ਉਮੀਦਵਾਰ ਦੀ ਯੋਗਤਾ ਦਸਵੀਂ ਪੱਧਰ ਦੀ ਪੰਜਾਬੀ ਦੀ ਵਿਦਿਅਕ ਯੋਗਤਾ ਹੈ। ਉਮਰ 18 ਤੋਂ 35 ਸਾਲ ਅਤੇ ਉਮੀਦਵਾਰ ਸਭਾ ਦੇ ਦਾਇਰੇ ਦਾ ਨਿਵਾਸੀ ਹੋਵੇ। ਉਮੀਦਵਾਰ ਆਪਣੀ ਅਰਜ਼ੀ ਅਤੇ ਯੋਗਤਾ ਸਰਟੀਫਿਕੇਟ ਦੀ ਤਸਦੀਕਸ਼ੁਦਾ ਕਾਪੀ ਮਿਤੀ 04.09.2024 ਨੂੰ ਬਾਅਦ ਦੁਪਹਿਰ ਸਭਾ ਦੇ ਦਫਤਰ ਪਿੰਡ ਮਾਜ਼ੀਮੇਘਾ, ਤਹਿਸੀਲ ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ ਵਿਖੇ ਸਕੱਤਰ ਪਾਸ ਜਮ੍ਹਾਂ ਕਰਵਾਏ।

ਵੱਲੋਂ : ਜਸਵੰਤ ਸਿੰਘ ਪ੍ਰਧਾਨ।

ਪਬਲਿਕ ਨੋਟਿਸ

ਪੰਜਾਬ ਨੈਸ਼ਨਲ ਬੈਂਕ ਬਰਾਂਚ ਫੁਹਾਰਾ ਚੌਕ, ਗੁਰੂ ਹਰਸਾਏ, ਜ਼ਿਲ੍ਹਾ ਫਿਰੋਜ਼ਪੁਰ (ਪੰਜਾਬ) ਸੂਚਿਤ ਕਰਦਾ ਹੈ ਕਿ ਸ੍ਰੀ ਗੁਲਸ਼ਨ ਕੁਮਾਰ ਵਾਸੀ ਗਲੀ ਨੰ: 10, ਮਕਾਨ ਨੰ: 3, ਕ੍ਰਿਸ਼ਨਾ ਮੰਦਰ ਵਾਲੀ ਗਲੀ, ਗੁਰੂ ਹਰਸਹਾਏ, ਪੰਜਾਬ-152022 ਨੇ ਇਸ ਬੈਂਕ ਤੋਂ ਗੋਲਡ ਲੋਨ 85000/- ਰੁਪਏ 23.5 ਗ੍ਰਾਮ ਸੋਨਾ ਦੀ ਸਕਿਉਰਿਟੀ ਬਦਲੇ ਲਿਆ ਸੀ ਅਤੇ ਇਹ ਖਾਤਾ ਐੱਨ ਪੀ ਏ ਹੋ ਗਿਆ ਹੈ, ਜੋ ਕਿ ਇਹ ਰਕਮ ਅਦਾ ਨਹੀਂ ਕਰ ਸਕਦਾ। ਇਸ ਲਈ ਬੈਂਕ ਬਰਾਂਚ ਇਸ ਸੋਨੇ ਦੀ ਨਿਲਾਮੀ ਮਿਤੀ 04.09.2024 ਨੂੰ ਕਰ ਰਹੀ ਹੈ। ਚਾਹਵਾਨ ਵਿਅਕਤੀ ਇਸ ਬੋਲੀ ਵਿਚ ਹਿੱਸਾ ਲੈ ਸਕਦੇ ਹਨ।

ਵੱਲੋਂ : ਮੈਨੇਜਰ, ਪੰਜਾਬ ਨੈਸ਼ਨਲ ਬੈਂਕ, ਗੁਰੂ ਹਰਸਹਾਏ।

COURT NOTICE

(U/o 5 Rule 20 CPC)
(Under Guardian and Ward Act)
In the Court of
Sanjiv Joshi
Principal Judge , Family Court
Camp at Phagwara, Phagwara
CNR No. PBKPF2-000147-2024
Next Date :- 04.10.2024
Kamaldeep Kaur
Vs.
General Public

Notice To :
:- General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 04.10.2024 at 10:00 A.M.

For details logon to https://highcourtchd.gov.in/?mod=district notice&district=Kapurthala

Principal Judge , Family Court
Camp at Phagwara, Kapurthala
Dated this day of 09-08-2024

COURT NOTICE

(U/o 5 Rule 20 CPC)
In the Court of
Sh. Jagmohan Singh Sanghe
Principal Judge, Family Court, Jalandhar
GW/145/2024
CNR No. PBJL01-009676-2024
Next Date :- 04-10-2024

Petition Under Guardian and Ward Act
Parul Sapra S/o Narinder K Sapra
Address : 10 Mohalla No. 16 Jalandhar Cantt.

Vs.

1) General Public
Address : General Public
2) Pooja Sapra W/o Parul Sapra D/o Tarsem Garg, Address - 69 Mohalla No. 26 Jalandhar Cantt at Present of Retd. Subedar J P Kaushal H. No. 35/35 Golden Colony Deep Nagar Jalandhar also at Kosmo Hyundai GT Road Opp. Hotel Mariton Village Birring Jalandhar.

Publication Issued to : General Public
:- General Public

In above titled case, the defendant(s)/ respondent(s) could not be served. It is ordered that defendant(s) /respondent(s) should appear in person or through counsel on 04-10-2024 at 10:00 A.M.

For details logon to https://highcourtchd.gov.in/?trs=district notice&district=Jalandhar

Principal Judge, Family Court, Jalandhar
Dated this day of 26-07-2024

COURT NOTICE

In the Court of
Dr. Jai Inder Singh, P.C.S.,
Tribunal Cum Sub Divisional Magistrate, Jalandhar-1
Case No. 140/SDM/24
Date of Instt. 15.11.2024
Next Date of Hearing: 28-08-2024
Bhupinder Kaur Versus Simarpreet Kaur
Senior Citizen Act, 2007
Publication Issued to. :

Simarpreet Kaur D/o Kanwar Pushpinderpal Singh S/o Maninder Singh of House No. 62, New Colony, Gulmarg Avenue, Ladhewali, Tehsil Jalandhar-1, District Jalandhar.
....Respondent

Whereas it has been proved to the satisfaction of the court that the above noted respondent(s) cannot be served in the ordinary way of service. Hence this proclamation issued against the above that they should appear in Person or through their counsel on 28.08.2024 at 02.30 P.M. before this court.

Take notice that, in default of their appearance on the day above mentioned, the above said case will be heard and determined in their absence according to the law.

Given under my hand and the seal of the court.

Tribunal Cum Sub Divisional Magistrate, Jalandhar-1
Dated 07.08.2024

PUBLIC NOTICE

Under the instruction of ICICI HFC I hereby informed the general public that Sham Lal s/o Yashpal is owner of Property Plot Private nos 31, 32, 33, 34, 35 min, Total measuring 40 Square Yards bearing Khasra no.157/2 min and Plot Private nos 36 min 37, 38 Salam measuring length 50 feet breadth 38.2 feet, Total measuring 212 Square Yards bearing Khasra no.157/2, 164 min, Total measuring of all plots 252 Square Yards from which Plot measuring length 50 feet breadth 22.5 feet, Total measuring 125 sq yards, Boundaries as per site One Side : Deepa, Other side : Others, Front: Gali, Backside: Others, situated at Vallah Abadi Jaspal Nagar Near Sabji Mandi Vallah, Tehsil & District Amritsar. That the chain of title is complete in all respect as in the Jamabandi for the year 2001-02 Amit s/o Iqbal Chand, Surjit Kaur w/o Amrik Singh are the owners of 15 Marlas and Seema w/o Sushil is the owner of 6 marlas. Then Amit s/o Iqbal Chand (3M), Surjit Kaur w/o Amrik Singh (3M), Seema w/o Sushil (4M) sold 10 marlas of property to Davinder Kaur w/o Jagdish Singh & Pawandeep Kaur d/o Palwinder Singh of which mutation no. 9075 has been sanctioned by revenue authorities vide sale deed régd dt. 4.12.06 as doc no 7893. And Amit Gumbar s/o Iqbal Chand, Surjit Kaur w/o Amrik Singh (4 M), Seema w/o Sushil Kumar (3 marla) sold 7 Marlas of property to Parminder Kaur w/o Balbir Singh of which mutation no. 9246 has been sanctioned by revenue authorities vide sale deed regd dt 9.3.07 as doc no 11019 and in the Jamabandi for the year 2006-07 Amit s/o Iqbal Chand, Surjit_ Kaur w/o Amrik Singh (7 Marlas) and Seema w/o Sushil (4 Marlas) are the owner of 11 Marlas from Khasra no 164 and Davinder Kaur w/o Jagdish Singh (6.5 Marlas), Pawandeep Kaur d/o Parvinder Singh (3.5 Marlas), Parminder Kaur w/o Balbir Singh (2.5 Marlas) are the owners of 12.5 Marlas of property from Khasra no.157/2 Then name of Amit s/o Iqbal Chand, Seema w/o Sushil Kumar is corrected to Amit Gumbar s/o Iqbal Chand & Seema w/o Sunil Kumar vide Fard Badar no.135 by revenue authorities. Then Amit Gumbar s/o Iqbal Chand, Surjit Kaur w/o Amrik Singh (2.5 Marlas) & Seema w/o Sushil Kumar (2 Marlas) sold 4.5 Marlas of property to Parminder Kaur w/o Balbir Singh of which mutation no.10659 has been sanctioned by revenue authorities vide sale regd dt deed 9.3.07 as doc no 11019, Then Davinder Kaur w/o Jagdish Singh & Pawandeep Kaur d/o Palwinder Singh (40 sq yards) & Parminder Kaur w/o Balbir Singh (212 sq yards) sold 252 sq yards of property to Soma Rani w/o Daulat Ram Kapoor & Kavita Rani w/o Davinder Kumar vide sale deed regd dated 25.05.2011 as doc no.1649 of which mutation no.10779 & 10780 has been sanctioned by revenue authorities and same are remained as owners of 8.5 Marlas in the Jamabandi for the year 2011-12, 2016-17. Then Kavita Rani w/o Davinder Kumar & Soma Rani w/o Daulat Ram sold 4.2 Marlas of property to Partap Singh s/o. Swaran Singh of which mutation no.13358 has been sanctioned by revenue authorities. And Kavita Rani w/o Davinder Kumar & Soma Rani w/o Daulat Ram sold 125 Square Yards of property to Sham Lal s/o Yashpal vide sale deed regd dated-17,02.2020 as doc no.2019-20/89/1/9274 of which mutation no.14098 has been sanctioned by revenue authorities. Sham Lal s/o Yashpal has lost the following previous original documents 1. Original Sale Deed Original Sale Deed executed by Amit Ghambir s/o Inqlab Chand and Surjit kaur w/o Amrik Singh and Seema Arora w/o Sunil Kumar in favour of of Parminder Kaur w/o Balbir Singh regd dated 09.03,2007 as doc no.11019. LOST Information report dt 20.8.2024 Sr no 505324/2024 Community Policing Wing, Punjab has also been got registered in this respect. Anybody having claim or claiming any prior rights or interest in any manner in this property or has raised loan by depositing the aforesaid Sale Deed to any person/ bank/corporation/financial institution may approach the undersigned in writing and may submit objections within 10 days in writing from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with ICICI HFC

Vikas Verma (Advocate)
House No. 264 Basant Avenue Near I.M.A. House Amritsar. Ph. : 9815156302

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮਨਦੀਪ ਸਿੰਘ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ ਫਗਵਾੜਾ, ਜ਼ਿਲ੍ਹਾ ਕਪੂਰਥਲਾ

1) ਸੰਜੀਵ ਕੁਮਾਰ ਪੱਬੀ ਪੁੱਤਰ ਜੋਗਿੰਦਰ ਪਾਲ ਪੱਬੀ, 2) ਧਰਮਿੰਦਰ ਕੁਮਾਰ ਪੱਬੀ ਪੁੱਤਰ ਜੋਗਿੰਦਰਪਾਲ ਪੱਬੀ ਦੋਨੋਂ ਵਾਸੀਆਨ ਪਿੰਡ ਰਿਹਾਣਾ ਜੱਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। .....ਡਰੀਕ ਅੱਵਲ

ਬਨਾਮ

1. ਸਾਧੂ ਸਿੰਘ ਪੁੱਤਰ ਜਵਾਲਾ ਸਿੰਘ ਪੁੱਤਰ ਈਸ਼ਰ ਸਿੰਘ, 2. ਅਮਰ ਕੌਰ ਪੁੱਤਰੀ ਜਵਾਲਾ ਸਿੰਘ ਪੁੱਤਰ ਈਸ਼ਰ ਸਿੰਘ, 3. ਗੁਰਦੇਵ ਕੌਰ ਵਿਧਵਾ ਬਲਜੀਤ ਸਿੰਘ ਪੁੱਤਰ ਪਿਆਰਾ ਸਿੰਘ, 4. ਬਲਵਿੰਦਰ ਕੌਰ ਪੁੱਤਰੀ ਬਲਜੀਤ ਸਿੰਘ ਪੁੱਤਰ ਪਿਆਰਾ ਸਿੰਘ, 5. ਕੁਲਵਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਪੁੱਤਰ ਪਿਆਰਾ ਸਿੰਘ, 6. ਮਨਜਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਪੁੱਤਰ ਪਿਆਰਾ ਸਿੰਘ, 7. ਰਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ, 8. ਛਿੰਦੋ ਪੁੱਤਰੀ ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ, 9. ਗੁਰਮੀਤ ਕੌਰ ਪੁੱਤਰੀ ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ, 10. ਜਗਦੀਸ਼ ਕੌਰ ਪੁੱਤਰੀ ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ, 11. ਕੇਵਲ ਸਿੰਘ ਪੁੱਤਰ ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ, 12. ਕੁਲਵੰਤ ਰਾਏ ਪੁੱਤਰ ਜੋਗਿੰਦਰ ਪਾਲ, 13. ਈਸ਼ਰ ਸਿੰਘ ਪੁੱਤਰ ਰਵਿੰਦਰ ਸਿੰਘ, 14. ਪਲਵਿੰਦਰ ਕੌਰ ਪੁੱਤਰੀ ਬਲਜੀਤ ਸਿੰਘ ਪੁੱਤਰ ਪਿਆਰਾ ਸਿੰਘ,15. ਪਰਵੀਨ ਕੌਰ ਪਤਨੀ ਗੁਰਜੀਤ ਰਾਏ ਪੁੱਤਰ ਰਤਨ ਚੰਦ, 16. ਪਰਦੀਪ ਸਿੰਘ ਪੁੱਤਰ ਬਲਬੀਰ ਸਿੰਘ ਪੁੱਤਰ ਸ਼ੇਰਕ ਸਿੰਘ, 17. ਸੁਖਵੰਤ ਕੌਰ ਪਤਨੀ ਰਘਬੀਰ ਸਿੰਘ ਪੁੱਤਰ ਦੀਵਾਨ ਸਿੰਘ, 18. ਗੁਰਦੇਵ ਕੌਰ ਦਿਓਲ ਪਤਨੀ ਤਰਲੋਕ ਸਿੰਘ ਦਿਉਲ ਪੁੱਤਰ ਸਾਧੂ ਸਿੰਘ ਸਾਰੇ ਵਾਸੀਆਨ ਪਿੰਡ ਰਿਹਾਣਾ ਜੱਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। .....ਡਰੀਕ ਦੋਮ

ਦਰਖਾਸਤ ਤਕਸੀਮ ਅਰਾਜੀ 1. 03 ਕਨਾਲ 13 ਮਰਲੇ ਖਸਰਾ ਨੰ: 464/2/3-13, ਖੇਵਟ ਨੰ: 328/312, ਖਤੌਨੀ ਨੰ: 507, 2) ਰਕਬਾ 02 ਕਨਾਲ 0 ਮਰਲਾ 990/464/2-0, ਖੇਵਟ ਨੰ: 328/312, ਖਤੌਨੀ ਨੰ: 508, 3),

ਰਕਬਾ 19 ਕਨਾਲ 11 ਮਰਲੇ ਖਸਰਾ ਨੰ: 461/19-11, ਖੇਵਟ ਨੰ: 340/322 ਮਿਨ, ਖਤੌਨੀ ਨੰ: 520 ਵਾਕਿਆ ਰਕਬਾ ਪਿੰਡ ਰਿਹਾਣਾ ਜੱਟਾਂ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਜਮ੍ਹਾਂਬੰਦੀ ਸਾਲ 2019-20.

ਉਕਤ ਕੇਸ ਵਿਚ ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਅਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਇਸ ਇਸ਼ਤਿਹਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਫਰੀਕੈਨ ਦੋਮ ਦੀ ਤਲਬੀ ਲਈ ਮਿਤੀ 30.08.2024 ਮੁਕਰਰ ਕੀਤੀ ਗਈ ਹੈ। ਇਹ ਫਰੀਕੈਨ ਦੋਮ ਉਕਤ ਤਰੀਕ ਨੂੰ ਅਸਾਲਤਨ ਜਾਂ ਵਕਾਲਤਨ ਰਾਹੀਂ ਹਾਜ਼ਰ ਹੋ ਕੇ ਪੈਰਵੀ ਕਰ ਸਕਦੇ ਹਨ। ਨਾ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਇਨ੍ਹਾਂ ਫਰੀਕੈਨ ਦੋਮ ਦੇ ਵਿਰੁੱਧ ਯਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 14.08.2024 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ ਹੈ।

ਨੰਬਰ : 167 ਗੰਡਰ/2 — ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਗਵਾੜਾ।

ਪੰਜਾਬ ਨੈਸ਼ਨਲ ਬੈਂਕ punjab national bank

ਬਰਾਂਚ : (ਬਰਾਂਚ ਕੋਡ-023300), ਜਲੰਧਰ ਕੈਂਟ, ਪਿਨ-144005

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ ਜਲੰਧਰ ਕੈਂਟ, ਪਿਨ-144005 ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੂੰ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

ਲੜੀ ਨੰ:	ਲਾਕਰ ਨੰ.	ਨਾਂਅ	ਬਰਾਂਚ
1.	AD00118	ਹਰੀ ਰਾਮ ਅਤੇ ਪ੍ਰਿਥਵੀ ਰਾਜ ਅਰੋੜਾ	ਜਲੰਧਰ ਕੈਂਟ
2.	AH00522	ਹੀਰਾ ਲਾਲ ਅਤੇ ਰਜਨੀ	ਜਲੰਧਰ ਕੈਂਟ
3.	AA00015	ਦੀਪਿਕਾ ਗੋਇਲ ਅਤੇ ਰਾਕੇਸ਼ ਸ਼ਰਮਾ	ਜਲੰਧਰ ਕੈਂਟ
4.	AH00436	ਰਾਜ ਕੁਮਾਰੀ ਹੰਸ ਅਤੇ ਕ੍ਰਿਸ਼ਨਾ ਲਾਲ ਹੰਸ	ਜਲੰਧਰ ਕੈਂਟ

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਕਿਰਾਇਆ ਡੀਡ ਦੀ ਕਲਾਜ਼ ਨੰ. 8- 9 ਤਹਿਤ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰ

22-AUG-PAGE-7.qxd 8/21/2024 9:35 PM Page 1

ਮਿਡ-ਡੇ ਮੀਲ ਵਰਕਰਾਂ ਵੱਲੋਂ ਝਾੜੂ ਫੂਕ ਪ੍ਰਦਰਸ਼ਨ

ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ) ਮਿਡ ਡੇਅ ਮੀਲ ਵਰਕਰ ਯੂਨੀਅਨ ਵੱਲੋਂ ਗੁਰੂਦੁਆਰਾ ਗੁਰੂ ਤੇਗ਼ ਬਹਾਦਰ

ਸਾਹਿਬ ਤੋਂ ਸ਼ਹੀਦ ਭਗਤ ਸਿੰਘ ਚੌਕ ਰੋਸ ਮਾਰਚ ਕੀਤਾ ਗਿਆ।ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਸਰਕਾਰ ਤੇ 'ਆਪ' ਦਾ ਚੋਣ ਨਿਸ਼ਾਨ ਝਾੜੂ ਫੂਕ ਮੁਜਾਹਰਾ ਕੀਤਾ। ਇਕੱਤਰ ਹੋਏ ਜਥੇਬੰਦੀ ਵਰਕਰਾਂ ਵੱਲੋਂ ਸਰਕਾਰ ਖ਼ਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਜ਼ਿਲ੍ਹਾ ਸਕੱਤਰ ਬੀਨਾ ਘੱਗਾ ਨੇ ਦੋਸ਼ ਲਾਇਆ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਮੌਜੂਦਾ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਪਣੇ ਨਿਵਾਸ ਸਥਾਨ ਤੇ ਕੁੱਕ ਵਰਕਰਾਂ ਨੂੰ ਇਹ ਵਿਸ਼ਵਾਸ ਦਿਵਾਇਆ ਸੀ ਕਿ ਆਮ ਆਦਮੀ ਦੀ ਸਰਕਾਰ ਆਉਣ 'ਤੇ ਮਿਡ ਮੀਲ ਵਰਕਰਾਂ ਦੀ ਤਨਖਾਹ ਛੇ ਹਜ਼ਾਰ ਕੀਤੀ ਜਾਵੇਗੀ, ਪਰ ਸਰਕਾਰ ਬਣਨ ਤੋਂ ਬਾਅਦ ਤਨਖਾਹ ਦੁਗਣੀ ਤਾਂ ਕੀ ਕਰਨੀ ਸੀ, ਸਰਕਾਰ ਮੀਟਿੰਗਾਂ ਕਰਨ ਤੋਂ ਵੀ ਮੁੱਕਰ ਰਹੀ ਹੈ। ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਘੱਟਣ ਦਾ ਬਹਾਨਾ ਬਣਾ ਕੇ ਵਰਕਰਾਂ ਦੀ ਛਾਂਟੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹੁਣ ਜਦੋਂ ਆਪਣੀਆਂ ਮੰਗਾਂ ਮੰਗਵਾਉਣ ਖਾਤਰ ਇਨ੍ਹਾਂ ਦੀਆਂ ਕੋਠੀਆਂ ਅੱਗੇ ਜਾਇਆ ਜਾਂਦਾ ਤਾਂ ਇਨ੍ਹਾਂ ਵੱਲੋਂ ਪੁਲੀਸ ਰੋਕਾਂ ਲਾ ਕੇ ਰੋਕਿਆ ਜਾਂਦਾ।ਜਥੇਬੰਦੀ ਵਰਕਰਾਂ ਦੇ ਘੱਟੋ-ਘੱਟ ਤਨਖਾਹ ਸਕੇਲ ਲਾਗੂ ਕਰਾਉਣ, ਛਾਂਟੀ ਰੁਕਵਾਉਣ, ਵਰਕਰਾਂ ਨੂੰ ਮਿਲਣ ਵਾਲੀਆਂ ਛੁੱਟੀਆਂ ਸੰਬੰਧੀ ਪੱਤਰ ਨੂੰ ਲਾਗੂ ਕਰਾਉਣ, ਸਮੁੱਚੇ ਵਰਕਰਾਂ ਦਾ ਬੀਮਾ ਕਰਾਉਣ, ਵਰਕਰ ਦੀ ਮੌਤ ਹੋਣ 'ਤੇ ਮੁਆਵਜ਼ਾ ਅਤੇ ਉਸਦੇ ਪਰਵਾਰ ਦੇ ਮੈਂਬਰਾਂ ਨੂੰ ਹੀ ਕੰਮ 'ਤੇ ਰੱਖਣ ਲਈ ਸੰਘਰਸ਼ ਕਰਦੀ ਆ ਰਹੀ ਹੈ।

ਸੂਬਾ ਕਮੇਟੀ ਦੀ ਸਿੱਖਿਆ ਮੰਤਰੀ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਹੋਈ, ਜਿਸ ਵਿੱਚ ਵਰਕਰਾਂ ਦੀਆਂ ਮੰਗਾਂ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਜੇ ਤੱਕ ਉਨ੍ਹਾਂ ਦੀ ਕੋਈ ਵੀ ਮੰਗ ਪੂਰੀ ਨਹੀਂ ਹੋਈ।ਲੋਕ ਸਭਾ ਚੋਣਾਂ ਵਿੱਚ ਕੁੱਕ ਵਰਕਰਾਂ ਕੋਲੋਂ ਚੋਣ ਅਮਲੇ ਲਈ ਭੋਜਨ ਤਿਆਰ ਕਰਾਇਆ ਗਿਆ, ਪਰ ਸਰਕਾਰ ਵੱਲੋਂ ਵਰਕਰਾਂ ਨੂੰ ਮਿਹਨਤਾਨਾਂ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਹੈ ਕਿ ਜੇਕਰ ਸਰਕਾਰ ਨੇ ਕੀਤੇ ਵਆਦੇ ਪੂਰੇ ਨਾ ਕੀਤੇ ਤਾਂ ਪੰਜਾਬ ਦੀਆਂ ਸਮੂਹ ਕੁੱਕ ਵਰਕਰਾਂ ਵੱਲੋਂ ਵਿਸ਼ਾਲ ਲਾਮਬੰਦੀ ਕਰਕੇ 1 ਸਤੰਬਰ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।

ਚੋਰਾਂ ਵੱਲੋਂ ਲਾਇਸੈਂਸੀ ਰਿਵਾਲਵਰ ਤੇ 6 ਲੱਖ ਦੇ ਗਹਿਣੇ ਚੋਰੀ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) ਗੁਰੂ ਨਾਨਕ ਮੁਹੱਲਾ ਦੇ ਵਸਨੀਕ ਮਨਮੋਹਣ ਸ਼ਰਮਾ ਦੇ ਘਰ ਬੀਤੀ ਰਾਤ ਚੋਰਾਂ ਨੇ ਚੋਰੀ ਕਰ ਲਈ, ਜਿਸ ਵਿਚ ਉਸਦਾ ਲਾਇਸੈਂਸੀ ਰਿਵਾਲਵਰ ਅਤੇ ਕੁਝ ਕੀਮਤੀ ਗਹਿਣੇ ਚੋਰੀ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਨਮੋਹਣ ਸ਼ਰਮਾ ਨੇ ਦੱਸਿਆ ਕਿ ਉਹ ਆਪਣੀ ਪਤਨੀ ਤੇ ਬੱਚਿਆਂ ਸਮੇਤ ਰੱਖੜੀ ਬੰਨ੍ਹਣ ਲਈ ਸ਼ਿਮਲਾ (ਹਿਮਾਚਲ ਪ੍ਰਦੇਸ਼) ਗਏ ਹੋਏ ਸਨ ਤੇ ਘਰ ਨੂੰ ਤਾਲਾ ਲਾ ਕੇ ਚਾਬੀ ਗੁਆਂਢੀਆਂ ਨੂੰ ਫੜਾ ਗਏ।

ਸਵੇਰੇ ਘਰ ਦੇ ਬਾਹਰ ਤਾਂ ਤਾਲਾ ਲੱਗਾ ਹੋਇਆ ਸੀ ਤੇ ਜਦੋਂ ਗੁਆਂਢੀਆਂ ਨੇ ਤਾਲ੍ਹਾ ਖੋਲ ਕੇ ਘਰ ਦਾ ਮੇਨ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ ਤਾਂ ਉਹ ਨਾ ਖੁੱਲ੍ਹਿਆ। ਉਨ੍ਹਾਂ ਨੇ ਆਸ-ਪਾਸ ਹੋਰ ਗੁਆਂਢੀਆਂ ਨੂੰ ਬੁਲਾਇਆ ਅਤੇ ਜਦੋਂ ਕੰਧ ਟੱਪ ਕੇ ਦੇਖਿਆ ਤਾਂ ਅੰਦਰ ਮੇਨ ਦਰਵਾਜ਼ੇ ਨੂੰ ਅੰਦਰੋਂ ਕੁੰਡਾ ਲੱਗਾ ਹੋਇਆ ਸੀ, ਜਦਕਿ ਕੋਠੀ ਦਾ ਲੌਬੀ ਵਾਲਾ ਦਰਵਾਜ਼ਾ ਤੋੜਿਆ ਹੋਇਆ ਸੀ। ਘਰ ਦੇ ਅੰਦਰ ਜਾ ਕੇ ਦੇਖਿਆ ਤਾਂ ਸਾਰਾ ਸਮਾਨ ਖਿੱਲਰਿਆ ਪਿਆ ਸੀ, ਬੈੱਡਾਂ ਤੇ ਅਲਮਾਰੀਆਂ ਦੀ ਚੰਗੀ ਤਰ੍ਹਾਂ ਫਰੋਲਾ-ਫਰਾਲੀ ਕੀਤੀ ਸੀ। ਮਾਲਕ ਮਨਮੋਹਣ ਸ਼ਰਮਾ ਨੇ ਦੱਸਿਆ ਕਿ ਘਰ ਵਿਚ ਨਕਦੀ ਤਾਂ ਕੁਝ ਵੀ ਨਹੀਂ ਸੀ ਪਰ ਇੱਕ ਬੇਸ਼ਕੀਮਤੀ ਸੁੱਚੇ ਮੋਤੀਆਂ ਦਾ ਸੈੱਟ, ਸੋਨੇ ਦੇ ਟਾਪਸ ਅਤੇ 2 ਕੜੇ ਪਏ ਸਨ, ਜੋ ਅਲਮਾਰੀ ਵਿਚੋਂ ਗਾਇਬ ਸਨ, ਜਿਨ੍ਹਾਂ ਦੀ ਕੀਮਤ ਕਰੀਬ 6 ਲੱਖ ਰੁਪਏ ਹੈ। ਇਸ ਤੋਂ ਇਲਾਵਾ ਮੇਰਾ ਇੱਕ ਲਾਇਸੈਂਸੀ 32 ਬੋਰ ਦਾ ਰਿਵਾਲਵਰ ਜੋ ਕਿ ਅਲਮਾਰੀ ਵਿਚ ਹੀ ਪਿਆ ਸੀ, ਉਹ ਵੀ ਚੋਰ ਉਡਾ ਕੇ ਲੈ ਗਏ। ਸੀਸੀਟੀਵੀ ਕੈਮਰੇ ਵਿਚ ਚੋਰਾਂ ਦੀਆਂ ਕੁਝ ਗਤੀਵਿਧੀਆਂ ਕੈਦ ਹੋਈਆਂ ਤੇ ਉਨ੍ਹਾਂ ਮਨਮੋਹਣ ਸ਼ਰਮਾ ਦੇ ਘਰ ਬਾਹਰ ਲੱਗਾ ਕੈਮਰਾ ਵੀ ਤੋੜ ਦਿੱਤਾ। ਘਟਨਾ ਦੀ ਸੂਚਨਾ ਪੁਲਸ ਨੂੰ ਦੇ ਦਿੱਤੀ ਹੈ।

ਡਾਕਟਰਾਂ ਨਾਲ ਕਿਸੇ ਪ੍ਰਕਾਰ ਦੀ ਵਧੀਕੀ ਬਰਦਾਸ਼ਤ ਨਹੀਂ ਹੋਵੇਗੀ : ਕੋਹਲੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸਰਕਾਰੀ ਰਾਜਿੰਦਰਾ ਹਸਪਤਾਲ ਅਤੇ ਮੈਡੀਕਲ ਕਾਲਜ ਪਟਿਆਲਾ ਦੇ ਡਾਕਟਰਾਂ ਵੱਲੋਂ ਕੀਤੀ ਹੜਤਾਲ 'ਚ ਅੱਜ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਦੀ ਹਰ ਸਮੱਸਿਆ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਐਸ.ਐਸ.ਪੀ. ਡਾ. ਨਾਨਕ ਸਿੰਘ, ਵੇਅਰ ਹਾਊਸ ਦੇ ਵਾਇਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਸਮੇਤ ਰਾਜਿੰਦਰਾ ਹਸਪਤਾਲ ਅਤੇ ਮੈਡੀਕਲ ਸਟਾਫ ਦਾ ਸਮੁੱਚਾ ਅਮਲਾ ਸ਼ਾਮਲ ਸੀ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਵਿਸ਼ਵਾਸ ਦਿਵਾਇਆ ਕਿ ਅਸੀਂ ਵੀ ਕਿਸੇ ਦੇ ਪੁੱਤ ਅਤੇ ਭਰਾ ਹਾਂ। ਇਸ ਲਈ ਮਹਿਲਾ ਸੁਰੱਖਿਆ ਸਭ ਤੋਂ ਪਹਿਲਾ ਫਰਜ਼ ਹੈ, ਜਿਸ ਨੂੰ ਅਸੀਂ ਨਿਭਾਅ ਰਹੇ ਹਾਂ ਅਤੇ ਅੱਗੇ ਤੋਂ ਵੀ ਚੰਗੇ ਤਰੀਕੇ ਨਾਲ ਨਿਭਾਵਾਂਗੇ। ਉਨ੍ਹਾਂ ਕਿਹਾ ਕਿ ਜੋ ਹੋਇਆ ਉਹ ਗ਼ਲਤ ਹੈ, ਪਰ ਅਸੀਂ ਕੋਸ਼ਿਸ਼ ਕਰਾਂਗੇ ਕਿ ਅੱਗੇ ਤੋਂ ਅਜਿਹਾ ਨਾ ਹੋਵੇ, ਜਿਸ ਨੂੰ ਰੋਕਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਵਿਧਾਇਕ ਨੇ ਕਿਹਾ ਕਿ ਕਿਸੇ ਵੀ ਡਾਕਟਰ ਨਾਲ ਵਧੀਕੀ ਬਰਦਾਸ਼ਤ ਨਹੀਂ ਹੋਵੇਗੀ। ਇਸ ਦੌਰਾਨ ਸੰਘਰਸ਼ੀ ਡਾਕਟਰਾਂ ਨੇ ਆਪਣੀਆਂ ਮੰਗਾਂ ਦੁਹਰਾਉਂਦਿਆਂ ਦੱਸਿਆ ਕਿ ਰਾਜਿੰਦਰਾ ਹਸਪਤਾਲ ਅਤੇ ਮੈਡੀਕਲ ਕਾਲਜ ਨੂੰ ਪੂਰਨ ਤੌਰ 'ਤੇ ਸੀ.ਸੀ.ਟੀ.ਵੀ ਨਾਲ ਲੈਸ ਕੀਤਾ ਜਾਵੇ, ਪੁਲਸ ਗ਼ਸਤ ਵਧਾਈ ਜਾਵੇ, ਮਹਿਲਾ ਸੁਰੱਖਿਆ ਗਾਰਡ ਤਾਇਨਾਤ ਕੀਤੇ ਜਾਣ, ਹਰ ਪਾਸਿਓਂ ਲਾਈਟਾਂ ਦਾ ਪ੍ਰਬੰਧ ਕੀਤਾ ਜਾਵੇ, ਪੀ.ਸੀ.ਆਰ. ਗਸ਼ਤ ਹੋਰ ਤੇਜ਼ ਹੋਵੇ, ਰਾਤ ਸਮੇਂ ਸਾਰੇ ਗੇਟ ਬੰਦ ਕੀਤੇ ਜਾਣ ਅਤੇ ਇੱਕ ਗੇਟ ਖੁੱਲ੍ਹਾ ਰੱਖਿਆ ਜਾਵੇ, ਜਿਸ 'ਤੇ ਸੁਰੱਖਿਆ ਗਾਰਡ ਤਾਇਨਾਤ ਹੋਣ, ਕਿਊ.ਆਰ.ਟੀ. (ਕੁਇਕ ਰਿਐਕਸ਼ਨ ਟੀਮ) ਦਾ ਗਠਨ ਕੀਤਾ ਜਾਵੇ ਤਾਂ ਕਿ ਕਿਸੇ ਅਣਸੁਖਾਵੀਂ ਘਟਨਾ ਵਾਪਰਨ ਸਮੇਂ ਤੁਰੰਤ ਇਸ ਟੀਮ ਦੀ ਮਦਦ ਲਈ ਜਾ ਸਕੇ। ਇਸ ਟੀਮ ਦੇ ਦਿਨ ਰਾਤ ਚਾਰ-ਚਾਰ ਮੈਂਬਰ ਤਾਇਨਾਤ

ਕੀਤੇ ਜਾਣ, ਹਸਪਤਾਲ ਅੰਦਰ ਵੀਡੀਓਗ੍ਰਾਫੀ ਮਨ੍ਹਾ ਕੀਤੀ ਜਾਵੇ, ਪੀ.ਜੀ.ਆਈ. ਦੀ ਤਰਜ਼ 'ਤੇ ਹਸਪਤਾਲ ਅੰਦਰ ਮਰੀਜ਼ਾਂ ਨੂੰ ਮਿਲਣ ਆਉਣ ਵਾਲੇ ਵਾਰਸਾਂ ਦਾ ਕਾਰਡ ਬਣਾਇਆ ਜਾਵੇ ਤਾਂ ਕਿ ਇੱਕ ਤੋਂ ਵੱਧ ਵਾਰਸ ਵਾਰਡ ਅੰਦਰ ਦਾਖਲ ਨਾ ਹੋ ਸਕਣ। ਡਾਕਟਰਾਂ ਦੀਆਂ ਇਨ੍ਹਾਂ ਮੰਗਾਂ 'ਤੇ ਵਾਅਦਾ ਪ੍ਰਗਟ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਜਿਸ ਤਰ੍ਹਾਂ ਡਾਕਟਰੀ ਟੀਮ ਕਹੇਗੀ ਉਸੇ ਤਰ੍ਹਾਂ ਕੰਮ ਹੋਵੇਗਾ। ਇਨ੍ਹਾਂ ਮੰਗਾਂ 'ਤੇ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ 10 ਤੋਂ 15 ਦਿਨਾਂ ਅੰਦਰ ਨਤੀਜੇ ਦਿਖਣੇ ਸ਼ੁਰੂ ਹੋ ਜਾਣਗੇ। ਜੇਕਰ ਚੰਗਾ ਵਾਤਾਵਰਣ ਨਹੀਂ ਹੋਵੇਗਾ ਤਾਂ ਡਾਕਟਰ ਲੋਕਾਂ ਦੀ ਸੇਵਾ ਕਿਵੇਂ ਕਰ ਸਕਣਗੇ। ਇਸ ਲਈ ਅਸੀਂ ਡਾਕਟਰਾਂ ਦੀਆਂ ਮੰਗਾਂ ਪੂਰੀਆਂ ਕਰਨ ਵਾਸਤੇ ਵਚਨਬੱਧ ਹਾਂ। ਹਸਪਤਾਲ ਅੰਦਰ ਚੰਗਾ ਮਾਹੌਲ ਬਣਾਉਣ ਲਈ ਵੀ ਵਚਨਵੱਧ ਹਾਂ। ਇਸ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਡਾਕਟਰਾਂ ਤੋਂ ਸਾਥ ਦੀ ਵੀ ਮੰਗ ਕੀਤੀ ਤਾਂ ਕਿ ਜਿਹੜੇ ਵੀ ਕੰਮ ਹੋਣ ਵਾਲੇ ਹਨ ਉਨ੍ਹਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ ਤਾਂ ਕਿ ਉਹ ਸਮੇਂ ਸਿਰ ਸਰਕਾਰ ਨਾਲ ਤਾਲਮੇਲ ਕਰਕੇ ਨਿਪਟਾਏ ਜਾ ਸਕਣ

ਕਾਤਰਾਂ

ਜਮਹੂਰੀ ਅਧਿਕਾਰ ਸਭਾ ਵੱਲੋਂ ਡਾਕਟਰਾਂ ਦੇ ਘੋਲ 'ਚ ਕੁੱਦਣ ਦਾ ਐਲਾਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਪਟਿਆਲਾ ਕਲਕੱਤਾ ਡਾਕਟਰ ਰੇਪ ਤੇ ਕਤਲ ਕਾਂਡ ਖਿਲਾਫ ਦੇਸ਼ ਵਿਆਪੀ ਸੰਘਰਸ਼ ਵਿੱਚ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਤੇ 22 ਅਗਸਤ ਨੂੰ ਗੈਸਟ ਫੈਕਲਟੀ ਅਧਿਆਪਕਾਂ ਦੇ ਘੋਲ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਸ਼ਾਮਲ ਹੋਵੇਗੀ। ਮੀਟਿੰਗ ਦੇ ਫੈਸਲੇ ਪ੍ਰੈਸ ਲਈ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਵਿਧੂ ਸ਼ੇਖਰ ਭਾਰਦਵਾਜ ਨੇ ਦੱਸਿਆ ਕਿ ਸਭਾ ਸੂਬੇ ਦੇ ਸੱਦੇ 'ਤੇ ਦੇਸ਼ ਵਿੱਚ ਪਾਸ ਕੀਤੇ ਕੀਤੇ ਤਿੰਨ ਕਾਲੇ ਕਾਨੂੰਨਾਂ ਖਿਲਾਫ ਤੇ ਪ੍ਰਸਿੱਧ ਬੁੱਧੀਜੀਵੀ ਅਰੁੰਧਤੀ ਰਾਏ ਤੇ ਪ੍ਰੋਫੈਸਰ ਸ਼ੌਕਤ ਹੁਸੈਨ ਖਿਲਾਫ ਕੇਸ ਦਰਜ ਕਰਨ ਤੇ 14 ਸਤੰਬਰ ਨੂੰ ਸ਼ਹਿਰ ਦੀਆਂ ਜਨਤਕ ਜਮਹੂਰੀ ਕਿਸਾਨ ਮਜ਼ਦੂਰ ਵਿਦਿਆਰਥੀਆਂ ਨਾਲ ਰਲ ਕੇ ਕਨਵੈਨਸ਼ਨ ਕਰੇਗੀ। ਜਿਹਦੇ ਮੁੱਖ ਬੁਲਾਰੇ ਹਾਈ ਕੋਰਟ ਦੇ ਉਘੇ ਵਕੀਲ ਰਾਜਿੰਦਰ ਸਿੰਘ ਹੋਣਗੇ।

ਸਪੀਕਰ ਵੱਲੋਂ ਗੁਰਇੰਦਰ ਮੋਹਨ ਸਿੰਘ ਸਨਮਾਨਤ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) ਬਾਬਾ ਫ਼ਰੀਦ ਸੰਸਥਾਵਾਂ ਦੇ ਪ੍ਰਬੰਧਕ ਗੁਰਇੰਦਰ ਮੋਹਨ ਸਿੰਘ ਨੂੰ ਐਲਬਰਟਾ ਵਿਖੇ ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਐਲਬਰਟਾ ਦੇ ਐੱਮ.ਐੱਲ.ਏ. ਗੁਰਿੰਦਰ ਸਿੰਘ ਬਰਾੜ ਵੱਲੋਂ ਸਨਮਾਨਤ ਕੀਤਾ ਗਿਆ।ਉਨ੍ਹਾਂ ਦੇ ਭਾਰਤ ਵਾਪਸੀ 'ਤੇ ਸਪੀਕਰ ਪੰਜਾਬ ਕੁਲਤਾਰ ਸਿੰਘ ਸੰਧਵਾਂ ਵੱਲੋਂ ਵੀ ਬਾਬਾ ਸਨਮਾਨਤ ਕੀਤਾ ਗਿਆ।ਉਨ੍ਹਾਂ ਨੇ ਕਿਹਾ ਕਿ ਡਾ. ਸਾਹਿਬ ਆਪਣੇ ਕੀਮਤੀ ਸਮੇਂ ਵਿੱਚੋਂ ਜੋ ਸਮਾਂ ਕੱਢ ਕੇ ਸਮਾਜ ਸੇਵਾ ਵਿੱਚ ਲਾਉਂਦੇ ਹਨ, ਉਹ ਲਾਮਿਸਾਲੀ ਹੈ।

ਬਜਰੰਗ ਦਲ ਦੇ ਸੂਬਾ ਪ੍ਰਧਾਨ ਮੋਹਿਤ ਗਰਗ ਸਨਮਾਨਤ

ਮਾਲੇਰਕੋਟਲਾ (ਅਸਗਰ ਪਰਿਹਾਰ) ਪ੍ਰਸਿੱਧ ਧਾਰਮਿਕ ਸ਼ਖਸੀਅਤ ਮੋਹਿਤ ਗਰਗ ਦੇ ਬੀਤੇ ਦਿਨੀਂ ਬਜਰੰਗ ਦਲ ਦੇ ਸੂਬਾ ਪ੍ਰਧਾਨ ਨਿਯੁਕਤ ਹੋਣ ਤੇ ਜਿੱਥੇ ਸ਼ਹਿਰ ਮਾਲੇਰਕੋਟਲਾ ਦੀਆਂ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਜਥਬੰਦੀਆਂ ਨੇ ਉਨ੍ਹਾਂ ਦਾ ਸਨਮਾਨ ਕੀਤਾ ਉੱਥੇ ਹੀ ਭਾਜਪਾ ਦੀ ਜ਼ਿਲ੍ਹਾ ਮਾਲੇਰਕੋਟਲਾ ਟੀਮ ਵੱਲੋਂ ਵੀ ਸਨਮਾਨਤ ਕੀਤਾ ਜਿੱਥੇ ਹੀ ਜ਼ਿਲ੍ਹਾ ਪ੍ਰਧਾਨ ਅਮਨ ਥਾਪਰ ਅਤੇ ਜ਼ਿਲ੍ਹਾ ਯੁਵਾ ਮੋਰਚਾ ਦੇ ਪ੍ਰਧਾਨ ਲੋਮਸ਼ ਸ਼ਰਮਾ ਵੱਲੋਂ ਸਨਮਾਨਤ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨਾਂ ਨੇ ਕਿਹਾ ਕਿ ਮੋਹਿਤ ਗਰਗ ਨਿਰੋਲ ਧਾਰਮਿਕ ਸ਼ਖਸੀਅਤਾਂ ਹੈ ਜਿਸ ਨੇ ਆਪਣੀ ਛੋਟੀ ਉਮਰ ਤੋਂ ਹੀ ਹਿੰਦੂ ਸਮਾਜ ਲਈ ਕਾਰਜ ਕਰਨੇ ਸ਼ੁਰੂ ਕਰ ਦਿੱਤੇ ਸਨ ਇਹੋ ਕਾਰਜ ਨੂੰ ਦੇਖ ਕੇ ਹੀ ਉਨ੍ਹਾਂ ਨੂੰ ਬਜਰੰਗ ਦਲ ਵੱਲੋਂ ਏਨੀ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਮੌਕੇ ਭਾਜਪਾ ਦੇ ਦਵਿੰਦਰ ਸਿੰਗਲਾ ਬੌਬੀ ਅਤੇ ਹੋਰ ਵੀ ਮੌਜੂਦ ਸਨ।

'ਸਰਕਾਰ ਆਪ ਦੇ ਦੁਆਰ' ਤਹਿਤ ਕੈਂਪ ਲਾਇਆ

ਗੁਰੂਹਰਸਹਾਇ (ਫ਼ਕੀਰ ਚੰਦ ਸਿਕਰੀ) ਐਸ.ਡੀ.ਐਮ ਗਗਨਦੀਪ ਸਿੰਘ ਦੀ ਅਗਵਾਈ ਹੇਠ ਦਾਣਾ ਮੰਡੀ ਵਿਖੇ 'ਪੰਜਾਬ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਸੁਵਿਧਾ ਕੈਂਪ ਲਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਗਗਨਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਣੇ ਕੰਮ ਕਰਾਓ ਪ੍ਰਤੀ ਆਉਂਦੀ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਸਰਕਾਰ ਆਪ ਦੇ ਦੁਆਰ ਤਹਿਤ ਜਿੱਥੇ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਾ ਕੇ ਲੋਕਾਂ ਦੀ ਮੁਸ਼ਕਲਾਂ ਦਾ ਹੱਲ ਕੀਤਾ ਜਾ ਰਿਹਾ ਹੈ, ਉੱਥੇ ਹੀ ਉਨ੍ਹਾਂ ਵੱਲੋਂ ਦਾਣਾ ਮੰਡੀ ਵਿਖੇ ਵੀ ਸਰਕਾਰ ਆਪਕੇ ਦੁਆਰ ਤਹਿਤ ਇੱਕ ਕੈਂਪ ਲਾਇਆ ਗਿਆ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਟੇਬਲ ਲਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਕਈ ਮੁਸ਼ਕਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਇਹ ਜਿਹੜੇ ਕੈਂਪ ਲਾਏ ਜਾ ਰਹੇ ਹਨ, ਇਨ੍ਹਾਂ ਕੈਂਪਾਂ ਦਾ ਉਨ੍ਹਾਂ ਨੂੰ ਬਹੁਤ ਲਾਭ ਮਿਲ ਰਿਹਾ ਹੈ।ਪਹਿਲਾਂ ਉਨ੍ਹਾਂ ਨੂੰ ਆਪਣੇ ਕੰਮ ਕਾਰ ਕਰਾਉਣ ਲਈ ਦਫ਼ਤਰਾਂ ਦੇ ਚੱਕਰ ਲਾਉਣੇ ਪੈਂਦੇ ਸਨ, ਜਿੱਥੇ ਉਨ੍ਹਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂ

22-Aug-PAGE-8.qxd 8/21/2024 10:45 PM Page 1

ਕੈਬਨਿਟ ਮੰਤਰੀ ਜਿੰਪਾ ਨੇ ਨਵੀਂ ਬੱਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ) ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਸਰਕਾਰੀ ਗਰਲਜ਼ ਸਮਾਰਟ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਹੁਸ਼ਿਆਰਪੁਰ ਦੀਆਂ ਵਿਦਿਆਰਥਣਾਂ ਲਈ ਨਵੀਂ ਬੱਸ ਸੇਵਾ ਦੀ ਸ਼ੁਰੂਆਤ ਕੀਤੀ।ਉਨ੍ਹਾਂ ਸਕੂਲ ਤੋਂ ਇਸ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਸੂਬੇ ਭਰ ਦੇ ਸਕੂਲ ਆਫ ਐਮੀਨੈਂਸ ਵਿਚ ਵਿਦਿਆਰਥੀਆਂ ਲਈ ਬੱਸਾਂ ਚਲਾਈਆਂ ਜਾ ਰਹੀਆਂ ਹਨ।ਇਸੇ ਲੜੀ ਵਿਚ ਹੁਸ਼ਿਆਰਪੁਰ ਦੇ ਇਸ ਵੱਕਾਰੀ ਸਕੂਲ ਨੂੰ ਵੀ ਨਵੀਂ ਬੱਸ ਦਾ ਤੋਹਫ਼ਾ ਮਿਲਿਆ ਹੈ।ਇਸ ਦੌਰਾਨ ਉਨ੍ਹਾਂ ਦੇ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਲਲਿਤਾ ਅਰੋੜਾ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਬੱਸ ਸੇਵਾ ਸਕੂਲ ਆਫ ਐਮੀਨੈਂਸ ਖਵਾਸਪੁਰ ਹੀਰਾਂ ਅਤੇ ਸਰਕਾਰੀ ਗਰਲਜ਼ ਸਕੂਲ, ਰੇਲਵੇ ਮੰਡੀ ਲਈ ਸਾਂਝੇ ਤੌਰ 'ਤੇ ਸ਼ੁਰੂ ਕੀਤੀ ਗਈ ਹੈ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਰੇਲਵੇ ਮੰਡੀ ਸਕੂਲ ਹੁਸ਼ਿਆਰਪੁਰ ਸ਼ਹਿਰ ਦਾ ਇਕੋ-ਇਕ ਸੀਨੀਅਰ ਸੈਕੰਡਰੀ ਸਕੂਲ ਹੈ, ਜਿਥੇ ਵੱਡੀ ਗਿਣਤੀ ਵਿਚ ਵਿਦਿਆਰਥਣਾਂ ਪੜ੍ਹਦੀਆਂ ਹਨ। ਇਸ ਸਕੂਲ ਦੇ ਵਿਦਿਆਰਥਣਾਂ ਨੂੰ ਹੁਣ ਇਸ ਨਵੀਂ ਬੱਸ ਰਾਹੀਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ ਸਕੂਲ ਆਉਣ-ਜਾਣ ਦੀ ਸਹੂਲਤ ਮਿਲੇਗੀ।ਉਨ੍ਹਾਂ ਦੱਸਿਆ ਕਿ ਇਹ ਬੱਸ ਵਿਸ਼ੇਸ਼ ਤੌਰ 'ਤੇ ਉਨ੍ਹਾਂ ਵਿਦਿਆਰਥਣਾਂ ਲਈ ਹੈ, ਜਿਨ੍ਹਾਂ ਨੂੰ ਸਕੂਲ ਆਉਣ-ਜਾਣ 'ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਹ ਪਹਿਲਕਦਮੀ ਵਿਦਿਆਰਥਣਾਂ ਦੀ ਪੜ੍ਹਾਈ ਵਿਚ ਨਿਰੰਤਰਤਾ ਨੂੰ ਯਕੀਨੀ ਬਣਾਏਗੀ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾਏਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਸਰਕਾਰੀ ਸਕੂਲਾਂ ਵਿਚ ਉੱਚ ਪੱਧਰੀ ਸਹੂਲਤਾਂ ਦੇਣ ਲਈ ਵਚਨਬੱਧ ਹੈ। ਸਰਕਾਰੀ ਸਕੂਲਾਂ ਵਿਚ ਸਮਾਰਟ ਕਲਾਸ ਰੂਮਾਂ ਰਾਹੀਂ ਆਧੁਨਿਕ ਤਕਨੀਕ ਦੀ ਵਰਤੋਂ ਕਰਕੇ ਸਿੱਖਿਆ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਕੂਲਾਂ ਵਿਚ ਅਤਿ-ਆਧੁਨਿਕ ਬੁਨਿਆਦੀ ਢਾਂਚਾ ਅਤੇ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸੂਬਾ ਸਿੱਖਿਆ ਅਤੇ ਸਿਹਤ ਦੇ ਖੇਤਰ ਵਿਚ ਨਵੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ। ਸਰਕਾਰੀ ਸਕੂਲਾਂ ਵਿਚ ਵਧ ਰਹੀਆਂ ਸਹੂਲਤਾਂ ਅਤੇ ਸਾਧਨਾਂ ਕਾਰਨ ਸਰਕਾਰੀ ਸਕੂਲਾਂ ਦਾ ਮਿਆਰ ਲਗਾਤਾਰ ਉੱਚਾ ਹੋ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਦਾ ਉਦੇਸ਼ ਸਾਰੇ ਬੱਚਿਆਂ ਨੂੰ ਮਿਆਰੀ ਸਿੱਖਿਆ ਅਤੇ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਮੁਕਾਬਲੇ ਦੇ ਦੌਰ ਵਿਚ ਕਾਮਯਾਬ ਹੋ ਸਕਣ।ਪ੍ਰੋਗਰਾਮ ਦੇ ਅੰਤ ਵਿੱਚ ਕੈਬਨਿਟ ਮੰਤਰੀ ਨੇ ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਵੀਂ ਬੱਸ ਸੇਵਾ ਵਿਦਿਆਰਥਣਾਂ ਦੀ ਪੜ੍ਹਾਈ ਵਿਚ ਹੋਰ ਸੁਧਾਰ ਕਰੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ, ਤਾਂ ਜੋ ਸਰਕਾਰੀ ਸਕੂਲਾਂ ਦਾ ਪੱਧਰ ਹੋਰ ਉੱਚਾ ਚੁੱਕਿਆ ਜਾ ਸਕੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਧੀਰਜ ਵਸ਼ਿਸ਼ਟ, ਕੌਂਸਲਰ ਮੋਨਿਕਾ ਕਤਨਾ, ਸਕੂਲ ਆਫ਼ ਐਮੀਨੈਂਸ ਖਵਾਸਪੁਰਹੀਰਾਂ ਦੀ ਪ੍ਰਿੰਸੀਪਲ ਰਮਨਦੀਪ ਕੌਰ, ਰੇਲਵੇ ਮੰਡੀ ਸਕੂਲ ਦੀ ਪ੍ਰਿੰਸੀਪਲ ਰਵਿੰਦਰ ਕੌਰ ਅਤੇ ਸਕੂਲ ਦਾ ਸਮੂਹ ਸਟਾਫ਼ ਵੀ ਹਾਜ਼ਰ ਸੀ।

ਜੂਵੇਨਾਈਲ ਜਸਟਿਸ ਐਕਟ ਨੂੰ ਲਾਗੂ ਕੀਤਾ ਜਾਵੇ : ਰਾਜੀਵ ਵਰਮਾ

ਬਲਾਚੌਰ (ਜਸਵਿੰਦਰ ਬੈਂਸ) ਡਾਇਰੈਕਟਰ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ਼ਨ ਵਾਤਸਲਿਆ ਸਕੀਮ ਅਧੀਨ ਸਪੋਂਸਰਸ਼ਿਪ ਸਕੀਮ ਤਹਿਤ ਜੀਰੋ ਤੋਂ 18 ਸਾਲ ਤੱਕ ਦੇ ਬੇਸਹਾਰਾ ਅਤੇ ਲੋੜਵੰਦ ਬੱਚਿਆਂ ਨੂੰ 4000 ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ।ਇਸ ਸਕੀਮ ਦਾ ਲਾਭ ਦੇਣ ਲਈ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ (ਆਈ ਏ ਐਸ) ਦੀ ਹਦਾਇਤਾਂ ਅਨੁਸਾਰ ਬਾਬਾ ਬਲਰਾਜ ਕਾਲਜ ਬਲਾਚੌਰ ਵਿਖੇ ਜ਼ਿਲ੍ਹਾ ਪੱਧਰੀ ਸਪੋਂਸਰਸ਼ਿਪ ਦਿਵਸ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਵਿਧਾਇਕ ਹਲਕਾ ਬਲਾਚੌਰ ਸ਼੍ਰੀਮਤੀ ਸੰਤੋਸ਼ ਕਟਾਰੀਆ ਅਤੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਜੀਵ ਵਰਮਾ (ਪੀ.ਸੀ.ਐਸ.) ਵੱਲੋਂ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ ਅਤੇ ਸਕੀਮ ਦਾ ਲਾਭ ਲੈ ਰਹੇ 97 ਲਾਭਪਾਤਰੀਆਂ ਨੂੰ ਸਕੀਮ ਅਧੀਨ ਵਿੱਤੀ ਲਾਭ (4000 ਰੁਪਏ ਪ੍ਰਤੀ ਮਹੀਨਾ) ਸਬੰਧੀ ਚੈੱਕ ਵੰਡੇ ਗਏ। ਵਿਧਾਇਕ ਹਲਕਾ ਬਲਾਚੌਰ ਸ਼੍ਰੀਮਤੀ ਸੰਤੋਸ਼ ਕਟਾਰੀਆ ਵੱਲੋਂ ਸਮਾਗਮ ਦੌਰਾਨ ਹਾਜ਼ਰ ਬੱਚਿਆਂ ਦੇ ਮਾਤਾ ਪਿਤਾ ਨੂੰ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਚਲਾਈ ਜਾ ਰਹੀ ਮਿਸ਼ਨ ਵਾਤਸੱਲੀਆ ਸਕੀਮ ਤਹਿਤ ਬੱਚਿਆਂ ਨੂੰ ਵਿੱਤੀ ਪੱਖੋਂ ਮਜਬੂਤ ਬਣਾਉਣ ਲਈ ਵੱਧ ਤੋਂ ਵੱਧ ਬੱਚਿਆਂ ਨੂੰ ਸਪੋਂਸਰਸ਼ਿਪ ਸਕੀਮ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਉਪਰੋਕਤ ਸਕੀਮ ਦਾ ਲਾਭ ਮਿਲ ਸਕੇ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਜੀਵ ਵਰਮਾ ਪੀ.ਸੀ.ਐਸ. ਵੱਲੋਂ ਜੂਵੇਨਾਈਲ ਜਸਟਿਸ ਐਕਟ ਨੂੰ ਸੁਚੱਜੇ ਢੰਗ ਨਾਲ ਜਿਲੇ ਵਿੱਚ ਲਾਗੂ ਕਰਨ ਲਈ ਅਤੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਨਾਲ ਸੰਪਰਕ ਕਰਨ ਅਤੇ ਚਾਇਲਡ ਹੈਲਪਲਾਈਨ ਨੰਬਰ 1098 ਦੀ ਵਰਤੋਂ ਕਰਨ ਲਈ ਹਦਾਇਤ ਕੀਤੀ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ੍ਰੀਮਤੀ ਕੰਚਨ ਅਰੋੜਾ ਵੱਲੋਂ ਦੱਸਿਆ ਗਿਆ ਕਿ ਸਪੋਂਸਰਸ਼ਿਪ ਸਕੀਮ ਦਾ ਲਾਭ ਇੱਕ ਪਰਵਾਰ ਦੇ ਜੀਰੋ ਤੋਂ 18 ਸਾਲ ਤੱਕ ਦੇ ਦੋ ਬੱਚਿਆਂ ਨੂੰ ਦਿੱਤਾ ਜਾ ਸਕਦਾ ਹੈ ਅਤੇ ਅਜੀਹੇ ਮਾਤਾ ਪਿਤਾ ਜੋ ਸਰੀਰਕ ਅਤੇ ਵਿੱਤੀ ਪੱਖੋਂ ਆਪਣੇ ਬੱਚਿਆਂ ਦਾ ਪਾਲਨ ਪੋਸ਼ਣ ਕਰਨ ਵਿੱਚ ਸਮਰੱਥ ਨਹੀਂ ਹਨ, ਇਸ ਦੇ ਨਾਲ ਹੀ ਸਿੰਗਲ ਪੇਰੈਂਟ, ਵਿਧਵਾ ਔਰਤ ਜਾਂ ਕਿਸੀ ਮੇਜਰ ਬਿਮਾਰੀ (ਜਿਵੇਂ ਕਿ ਕੈਂਸਰ ਟੀ ਬੀ ਆਦੀ) ਨਾਲ ਗ੍ਰਸਤ ਮਾਤਾ ਪਿਤਾ, ਉਹ ਬੱਚੇ ਜਿਸ ਦੇ ਮਾਤਾ ਪਿਤਾ ਜੇਲ ਵਿੱਚ ਹਨ ਅਤੇ ਜੋ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਨਹੀਂ ਕਰ ਸਕਦੇ ਹਨ, ਉਹ ਆਪਣੇ ਬੱਚਿਆਂ ਲਈ ਇਸ ਸਕੀਮ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਕੀਮ ਦਾ ਲਾਭ ਲੈਣ ਲਈ ਜ਼ਿਲਾ ਬਾਲ ਸੁਰੱਖਿਆ ਯੂਨਿਟ ਕਮਰਾ ਨੰਬਰ 413 ਜਿਲਾ ਪ੍ਰਬੰਧਕੀ ਕੰਪਲੈਕਸ ਤੀਜੀ ਮੰਜ਼ਿਲ ਤੇ ਸੰਪਰਕ ਕੀਤਾ ਜਾ

ਥੀਮੈਟਿਕ ਜੀ ਪੀ ਡੀ ਪੀ ਦੀ ਟ੍ਰੇਨਿੰਗ ਕਰਵਾਈ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ): ਪ੍ਰਦੇਸ਼ਿਕ ਦਿਹਾਤੀ ਵਿਕਾਸ ਅਤੇ ਪੰਚਾਇਤ ਰਾਜ ਸੰਸਥਾ ਐਸ.ਏ.ਐਸ਼ ਨਗਰ ਮੋਹਾਲੀ ਵੱਲੋਂ ਪੰਚਾਇਤੀ ਰਾਜ ਸੰਸਥਾਵਾਂ ਦੇ ਅਧਿਕਾਰੀਆਂ/ਕਰਮਚਾਰੀਆਂ ਅਤੇ ਲਾਈਨ ਵਿਭਾਗਾਂ ਦੇ ਕਰਮਚਾਰੀਆਂ ਨੂੰ ਥੀਮੈਟਿਕ ਗਰਾਮ ਪੰਚਾਇਤ ਵਿਕਾਸ ਪਲਾਨ ਸੰਬੰਧੀ ਬਲਾਕ ਪੱਧਰ 'ਤੇ ਟ੍ਰੇਨਿੰਗਾਂ ਕਰਵਾਈਆਂ ਜਾ ਰਹੀਆਂ ਹਨ। ਜਿਸ ਦੇ ਸਬੰਧ ਵਿੱਚ ਅਜੈਬ ਸਿੰਘ ਬੀ.ਡੀ.ਪੀ.ਓ ਸ੍ਰੀ ਚਮਕੌਰ ਸਾਹਿਬ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਗਰਾਮ ਪੰਚਾਇਤ ਮਹਿਤੋਤ ਵਿਖੇ ਬਣੇ ਟ੍ਰੇਨਿੰਗ ਸੈਂਟਰ ਵਿਖੇ ਮਿਤੀ 20ਅਗਸਤ ਤੋਂ 23ਅਗਸਤ ਤੱਕ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ 09 ਥੀਮੈਟਿਕ ਟੀਚਿਆਂ ਜਿਨ੍ਹਾਂ ਵਿੱਚ ਗਰੀਬੀ ਮੁਕਤ ਅਤੇ ਉੱਨਤ ਆਜੀਵਿਕਾ ਵਾਲਾ ਪਿੰਡ, ਸਿਹਤਮੰਦ ਪਿੰਡ, ਬਾਲ ਮਿੱਤਰ ਪਿੰਡ, ਪਾਣੀ ਭਰਪੂਰ ਪਿੰਡ, ਸਾਫ ਅਤੇ ਹਰਿਆ ਭਰਿਆ ਪਿੰਡ, ਸਵੈ ਨਿਰਭਰ ਪਿੰਡ ਬੁਨਿਆਦੀ ਢਾਂਚੇ ਵਾਲਾ ਪਿੰਡ, ਸਮਾਜਿਕ ਨਿਆਂ ਅਤੇ ਸਮਾਜਿਕ ਤੌਰ 'ਤੇ ਸੁਰੱਖਿਅਤ ਪਿੰਡ, ਚੰਗੇ ਪ੍ਰਸ਼ਾਸ਼ਨ ਵਾਲਾ ਪਿੰਡ ਅਤੇ ਮਹਿਲਾਵਾਂ ਦੇ ਅਨੁਕੂਲ ਪਿੰਡ ਥੀਮਾਂ ਸਬੰਧੀ ਟ੍ਰੇਨਿੰਗਾਂ ਗਰਾਮ ਪੰਚਾਇਤ ਸ਼ਾਮਿਲ ਹਨ ਸਬੰਧੀ ਕਰਵਾਈ ਜਾ ਰਹੀ ਹੈ। 12 ਪਿੰਡਾਂ ਵਿੱਚ ਏ ਐਨ ਐਮ, ਆਸ਼ਾ ਵਰਕਰ ਸਿਹਤ ਵਿਭਾਗ, ਜਲ ਸਪਲਾਈ ਵਿਭਾਗ ਦੇ ਏ.ਈ, ਅਧਿਆਪਕ, ਪੰਚਾਇਤੀ ਰਾਜ ਦੇ ਏ.ਈ, ਪੰਚਾਇਤ ਸਕੱਤਰ, ਜੀ.ਆਰ.ਐਸ, ਆਦਿ ਨੂੰ ਉਪਰੋਕਤ ਅਨੁਸਾਰ ਟ੍ਰੇਨਿੰਗ ਕਰਵਾਈ ਗਈ। ਇਸ ਕੈਂਪ ਵਿੱਚ ਅਜੈਬ ਸਿੰਘ ਬੀ.ਡੀ.ਪੀ.ਓ ਵੱਲੋਂ ਹਾਜਰ ਅਧਿਕਾਰੀਆਂ/ਕਰਮਚਾਰੀਆਂ ਨੂੰ ਟ੍ਰੇਨਿੰਗਾਂ ਦਾ ਲਾਭ ਲੈ ਕੇ ਜੀ.ਪੀ.ਡੀ.ਪੀ ਤਹਿਤ ਪਲਾਨ ਤਿਆਰ ਕਰਵਾਕੇ ਪਿੰਡਾਂ ਵਿੱਚ ਵਧੀਆਂ ਤਰੀਕੇ ਨਾਲ ਵਿਕਾਸ ਦੇ ਕੰਮ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਮਨਜੀਤ ਸਿੰਘ ਮਾਸਟਰ ਰਿਸੋਰਸ ਪਰਸਨ, ਪਰਦੀਪ ਸਿੰਘ ਮਾਸਟਰ ਰਿਸੋਰਸ ਪਰਸਨ, ਸੁਖਵੀਰ ਸਿੰਘ ਏ.ਪੀ.ਓ ਮਗਨਰੇਗਾ, ਸੁਖਦੀਪ ਕੌਰ ਐਮ ਆਈ ਐਸ, ਰਾਜਵੀਰ ਸਿੰਘ ਡੀ.ਈ.ਓ, ਧਰਮਵੀਰ ਸਿੰਘ ਜੀ.ਆਰ.ਐਸ ਅਤੇ ਹੋਰ ਵੱਲੋਂ ਆਪਣੇ ਵਿਸ਼ੇ ਨਾਲ ਸਬੰਧਤ ਜਾਣਕਾਰੀ ਦਿੱਤੀ ਗਈ। ਜਿਸ ਵਿੱਚ ਗਰਾਮ ਪੰਚਾਇਤ ਵਿਕਾਸ ਯੋਜਨਾ, ਸਥਾਈ ਵਿਕਾਸ ਟੀਚਿਆਂ ਦਾ ਸਥਾਨੀਕਰਨ, 9 ਥੀਮਾਂ ਦੀ ਮਹੱਤਤਾ, ਲਾਈਨ ਵਿਭਾਗਾਂ ਦੀਆਂ ਫਲੈਗਸ਼ਿਪ ਸਕੀਮਾਂ ਅਤੇ ਫੰਡ, ਆਮਦਨ ਦੇ ਸਾਧਨ (15ਵਾਂ ਵਿੱਤ ਕਮਿਸ਼ਨ, ਆਪਣੇ ਸੋਮਿਆਂ ਤੋਂ ਆਮਦਨ, ਮਗਨਰੇਗਾ ਅਤੇ ਹੋਰ ਆਮਦਨ ਦੇ ਸਾਧਨ, ਈ-ਗ੍ਰਾਮ ਸਵਰਾਜ, ਜੀ.ਪੀ.ਡੀ.ਪੀ ਪੋਰਟਲ ਸਬੰਧੀ ਟ੍ਰੇਨਿੰਗ ਦਿੱਤੀ ਗਈ।

ਆੜ੍ਹਤੀਆਂ ਨੇ ਕੀਤੀ ਝੋਨੇ ਦੇ ਗੋਦਾਮ ਖਾਲੀ ਕਰਵਾਉਣ ਦੀ ਅਪੀਲ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਪੰਜਾਬ ਦੇ ਗੋਦਾਮਾਂ ਵਿਚੋਂ ਪਿਛਲੇ ਸਾਲ ਦਾ ਭਰਿਆ ਝੋਨਾ ਹੁਣ ਤੱਕ ਨਾ ਸੰਭਾਲੇ ਜਾਣ ਕਾਰਨ ਇਸ ਸਾਲ ਝੋਨੇ ਦੀ ਆਉਣ ਵਾਲੀ ਫਸਲ ਦੇ ਰੁਲਣ ਦੇ ਆਸਾਰ ਪੈਦਾ ਹੋ ਗਏ ਹਨ ਤੇ ਦੂਜੇ ਪਾਸੇ ਸ਼ੈਲਰ ਮਾਲਕਾਂ ਦੀਆਂ ਮੰਗਾਂ ਹੁਣ ਤੱਕ ਪ੍ਰਵਾਨ ਨਾ ਕੀਤੇ ਜਾਣ ਕਾਰਨ ਝੋਨੇ ਦੇ ਭਰੇ ਹੋਏ ਗੋਦਾਮ ਖਾਲੀ ਨਾ ਹੋਣ ਦਾ ਮਾਮਲਾ ਗਰਮਾ ਗਿਆ ਹੈ । ਇਸ ਸਬੰਧੀ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਦੀ ਨਵੀਂ ਦਾਣਾ ਮੰਡੀ ਵਿਖੇ ਆੜ੍ਹਤੀਆਂ ਦੀ ਮੀਟਿੰਗ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਬਲਦੇਵ ਸਿੰਘ ਪਰਮਜੀਤਪੁਰ ਦੀ ਅਗਵਾਈ 'ਚ ਹੋਈ । ਮੀਟਿੰਗ ਵਿਚ ਪ੍ਰਮੁੱਖ ਆੜ੍ਹਤੀ ਰਾਕੇਸ਼ ਨੀਟੂ ਪ੍ਰਧਾਨ , ਰਾਮ ਸਿੰਘ ਪਰਮਜੀਤਪੁਰ, ਸਤਪਾਲ ਮਦਾਨ, ਸਤਪਾਲ ਮਨਚੰਦਾ, ਜਥੇ ਮਹਿੰਦਰ ਸਿੰਘ ਖਿੰਡਾ ਲੋਧੀਵਾਲ, ਪ੍ਰਕਾਸ਼ ਸਿੰਘ , ਵਿਵੇਕ ਪਸਰੀਚਾ, ਬ੍ਰਿਜ ਮੋਹਨ, ਸੁਖਪਾਲਬੀਰ ਸਿੰਘ ਸੋਨੂੰ ਝੰਡੂਵਾਲ ਸੀਨੀਅਰ ਆਗੂ, ਪਰਮਿੰਦਰ ਸਿੰਘ ਝੱਲ ਲੇਈ ਵਾਲਾ, ਸੁਮਿਤ ਭੱਲਾ, ਅਮਰਜੀਤ ਸਿੰਘ ਸਾਬਕਾ ਸਰਪੰਚ ਆਦਿ ਨੇ ਸ਼ਿਰਕਤ ਕੀਤੀ ।ਸਮੂਹ ਆੜ੍ਹਤੀਆਂ ਨੇ ਸਾਂਝੇ ਤੌਰ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੂਬਾ ਸਰਕਾਰ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਨਾਲ ਗੱਲਬਾਤ ਕਰਕੇ ਸ਼ੈਲਰ ਮਾਲਕਾਂ ਦੀਆਂ ਮੰਗਾਂ ਸਬੰਧੀ ਨਿਪਟਾਰਾ ਕੀਤਾ ਜਾਵੇ ਤੇ ਪਿਛਲੇ ਸਾਲ ਦੇ ਝੋਨੇ ਦੀ ਫਸਲ ਨਾਲ ਭਰੇ ਹੋਏ ਗੋਦਾਮ ਖਾਲੀ ਕਰਵਾਏ ਜਾਣ ਤਾਂ ਜੋ ਇਸ ਸੀਜਨ ਵਿਚ ਝੋਨੇ ਦੀ ਖਰੀਦ ਪ੍ਰਭਾਵਿਤ ਨਾ ਹੋ ਸਕੇ ।ਸਾਬਕਾ ਚੇਅਰਮੈਨ ਬਲਦੇਵ ਸਿੰਘ ਤੇ ਹੋਰ ਆੜ੍ਹਤੀਆਂ ਕਿਹਾ ਕਿ ਅਗਰ ਪਹਿਲਾਂ ਹੀ ਝੋਨੇ ਨਾਲ ਭਰੇ ਹੋਏ ਗੋਦਾਮ ਤੇ ਸ਼ੈਲਰ ਸਰਕਾਰ ਨੇ ਖਾਲੀ ਨਾ ਕਰਵਾਏ ਤਾਂ ਇਸ ਸੀਜਨ ਵਿਚ ਕਿਸਾਨਾਂ ਦਾ ਝੋਨਾ ਰੁਲ ਜਾਵੇਗਾ , ਜਿਸ ਨਾਲ ਆੜ੍ਹਤੀ, ਕਿਸਾਨ ਤੇ ਮਜਦੂਰਾਂ ਦਾ ਭਾਰੀ ਨੁਕਸਾਨ ਹੋਵੇਗਾ ।

ਆੜ੍ਹਤੀਆਂ ਕਿਹਾ ਕਿ ਸਰਕਾਰਾਂ ਦੀ ਬੇਧਿਆਨੀ ਕਾਰਨ ਸ਼ੈਲਰ ਮਾਲਕ ਵੀ ਪਹਿਲਾਂ ਹੀ ਐਲਾਨ ਕਰ ਚੁੱਕੇ ਹਨ ਕਿ ਜਦ ਤੱਕ ਉਨ੍ਹਾਂ ਦੀਆਂ ਮੰਗਾਂ ਦਾ ਨਿਪਟਾਰਾ ਨਹੀ ਹੁੰਦਾ, ਉਹ ਕਿਸੇ ਕੀਮਤ 'ਤੇ ਸ਼ੈਲਰਾਂ ਵਿਚ ਹੋਰ ਝੋਨਾ ਨਹੀ ਲੱਗਣ ਦੇਣਗੇ ।ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਇਸ ਸਾਲ ਨੌਵੇਂ ਮਹੀਨੇ ਕੋਈ ਵੀ ਕਿਸਾਨ ਝੋਨਾ ਕਟਵਾ ਕੇ ਮੰਡੀ ਨਾ ਲਿਆਵੇ ।ਇਸ ਵਾਰ ਸਿਰਫ ਪੂਰੀ ਤਰ੍ਹਾਂ ਪੱਕਾ ਹ

22-Aug-PAGE-9.qxd 8/21/2024 10:44 PM Page 1

ਖੇਤੀਬਾੜੀ ਮੰਤਰੀ ਦੇ ਘਰ ਅੱਗੇ ਸਤੰਬਰ ਤੋਂ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ ਕਰਨ ਦਾ ਐਲਾਨ

ਚੰਡੀਗੜ੍ਹ (ਗੁਰਜੀਤ ਬਿੱਲਾ) –ਆਪ ਸਰਕਾਰ ਦੀ ਵਾਅਦਾ ਖਿਲਾਫੀ ਤੋਂ ਭਖੇ ਖੇਤ ਮਜ਼ਦੂਰਾਂ ਵੱਲੋਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਹੱਕੀ ਮੰਗਾਂ ਨੂੰ ਲੈ ਕੇ ਕੈਬਿਨਟ ਮੰਤਰੀਆਂ ਦੇ ਘਰਾਂ ਅੱਗੇ ਰੋਹ ਭਰਪੂਰ ਧਰਨੇ ਦਿੱਤੇ ਗਏ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਜ਼ਾਰੀ ਬਿਆਨ ਰਾਹੀਂ ਦੱਸਿਆ ਕਿ ਸੰਗਰੂਰ ਵਿਖੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ , ਖੁੱਡੀਆਂ ਵਿਖੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਜਲੰਧਰ ਵਿਖੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਅਤੇ ਸੰਧਵਾਂ ਵਿਖੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਰਿਹਾਇਸ਼ ਅੱਗੇ ਇਹ ਇੱਕ ਰੋਜ਼ਾ ਧਰਨੇ ਦਿੱਤੇ ਗਏ। ਉਹਨਾਂ ਦੱਸਿਆ ਕਿ ਧਰਨਿਆਂ ਨੂੰ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ, ਲਛਮਣ ਸਿੰਘ ਸੇਵੇਵਾਲਾ,ਵਿੱਤ ਸਕੱਤਰ ਹਰਮੇਸ਼ ਮਾਲੜੀ, ਸੂਬਾਈ ਆਗੂ ਮੇਜ਼ਰ ਸਿੰਘ ਕਾਲੇਕੇ,ਗੁਰਪਾਲ ਸਿੰਘ ਨੰਗਲ, ਬਲਵੰਤ ਸਿੰਘ ਬਾਘਾਪੁਰਾਣਾ ਤੇ ਹਰਭਗਵਾਨ ਸਿੰਘ ਮੂਣਕ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਆਪ ਸਰਕਾਰ ਵੱਲੋਂ ਚੋਣਾਂ ਸਮੇਂ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਲੋਕ ਪੱਖੀ ਖੇਤੀ ਨੀਤੀ ਬਨਾਉਣ, ਨਸ਼ਾ ਖਤਮ ਕਰਨ, ਪੈਨਸ਼ਨਾਂ ਦੀ ਰਾਸ਼ੀ 2500 ਰੁਪਏ ਮਹੀਨਾ ਕਰਨ ਅਤੇ ਮੁਫਤ ਤੇ ਮਿਆਰੀ ਸਿੱਖਿਆ ਤੇ ਸਿਹਤ ਸੇਵਾਵਾਂ ਮਹੁੱਈਆ ਕਰਾਉਣ ਵਰਗੇ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ। ਉਹਨਾਂ ਦੋਸ਼ ਲਾਇਆ ਕਿ ਆਪ ਸਰਕਾਰ ਐਸ ਸੀ ਵਿਦਿਆਰਥੀਆਂ ਤੋਂ ਪੀ ਟੀ ਏ ਫੰਡ ਵਸੂਲਣ ਰਾਹੀਂ ਗਰੀਬ ਬੱਚਿਆਂ ਨੂੰ ਉਚੇਰੀ ਸਿੱਖਿਆ ਦੇ ਹੱਕ ਤੋਂ ਵਾਂਝੇ ਕਰਨ ਅਤੇ ਝੋਨੇ ਦੀ ਸਿੱਧੀ ਬਿਜਾਈ ਰਾਹੀਂ ਮਜ਼ਦੂਰਾਂ ਦਾ ਰੁਜਗਾਰ ਖੋਹਣ ਵਰਗੀਆਂ ਨੀਤੀਆਂ ਲਾਗੂ ਕਰ ਰਹੀ ਹੈ।ਆਗੂਆਂ ਨੇ ਮੁੱਖ ਮੰਤਰੀ ਵੱਲੋਂ ਮਜ਼ਦੂਰ ਜਥੇਬੰਦੀਆਂ ਨੂੰ ਮੀਟਿੰਗਾਂ ਦੇ ਕੇ ਮੁੱਕਰਨ ਦਾ ਤਿੱਖੀ ਸੁਰ 'ਚ ਵਿਰੋਧ ਕਰਦਿਆਂ ਐਲਾਨ ਕੀਤਾ ਕਿ ਨਵੀਂ ਖੇਤੀ ਨੀਤੀ ਬਨਾਉਣ ਸਮੇਤ ਬਾਕੀ ਮੰਗਾਂ ਨੂੰ ਲੈ ਕੇ 1 ਸਤੰਬਰ ਤੋਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਅੱਗੇ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਮਤੇ ਰਾਹੀਂ ਨਿੱਜੀਕਰਨ ਦੀਆਂ ਨੀਤੀਆਂ ਦੀ ਮਾਰ ਸਹਿੰਦੇ ਜਲ ਸਪਲਾਈ ਕਾਮਿਆਂ ਸਮੇਤ ਸਭਨਾਂ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਪੂਰੀ ਤਨਖਾਹ 'ਤੇ ਪੱਕੇ ਕਰਨ ਅਤੇ ਠੇਕਾ ਭਰਤੀ ਦੀ ਥਾਂ ਸਭਨਾਂ ਵਿਭਾਗਾਂ 'ਚ ਪੱਕੀ ਭਰਤੀ ਦੀ ਨੀਤੀ ਲਾਗੂ ਕਰਨ ਦੀ ਵੀ ਮੰਗ ਕੀਤੀ ਗਈ। ਦੂਸਰੇ ਮਤੇ ਰਾਹੀਂ ਕਲਕੱਤਾ ਦੇ ਮੈਡੀਕਲ ਕਾਲਜ 'ਚ ਮਹਿਲਾ ਡਾਕਟਰ ਨਾਲ਼ ਬਲਾਤਕਾਰ ਅਤੇ ਕਤਲ ਦੀ ਘਟਨਾ ਦੀ ਸਖਤ ਨਿੰਦਾ ਕਰਦਿਆਂ ਸੰਘਰਸ਼ ਕਰ ਰਹੇ ਮੈਡੀਕਲ ਸਟਾਫ਼ ਦੀਆਂ ਮੰਗਾਂ ਪੂਰੀਆਂ ਕਰਨ ਦੀ ਜ਼ੋਰਦਾਰ ਹਮਾਇਤ ਕੀਤੀ ਗਈ।

ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਨੇ ਲਗਾਇਆ 14ਵਾਂ ਬੂਟਿਆਂ ਦਾ ਲੰਗਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਸੰਸਥਾ ਵੱਲੋਂ ਕੁਦਰਤ ਨਾਲ ਸਾਂਝ ਪਾਉਣ ਲਈ ਲਗਾਤਾਰ ਬੂਟੇ ਵੰਡੇ ਜਾ ਰਹੇ ਨੇ ਤੇ 14ਵਾਂ ਬੂਟਿਆਂ ਦਾ ਲੰਗਰ 108 ਸੰਤ ਬਾਬਾ ਹਰੀ ਸਿੰਘ ਨੌਕੀ ਵਾਲਿਆਂ ਦੀ ਯਾਦ ਵਿੱਚ ਗੁਰਦੁਆਰਾ ਹਰੀਸਰ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਪਿੰਡ ਮੰਨਣਹਾਣਾ ਵਿਖੇ ਲਗਾਇਆ ਗਿਆ। ਜਿਸ ਵਿੱਚ ਦਵਾਈਆਂ ਵਾਲੇ, ਛਾਂ ਵਾਲੇ , ਫਲਦਾਰ ਅਤੇ ਸਜਾਵਟੀ 900 ਬੂਟੇ ਵੰਡੇ ਗਏ।ਇਸ ਮੌਕੇ ਹਾਜ਼ਰ ਸੰਤ ਬਾਬਾ ਅਮਰੀਕ ਸਿੰਘ ਨੌਕੀ ਵਾਲੇ, ਸੰਦੀਪ ਸਿੰਘ ਸੌਂਡੀ,ਪੰਚ ਸਤਨਾਮ ਸਿੰਘ, ਗੁਰਪ੍ਰੀਤ ਸਿੰਘ ਗੂਗਲੀ ਖਾਲਸਾ, ਸੁਮੀਤ ਪਾਲ ਸਿੰਘ, ਦਰਬਾਰਾ ਸਿੰਘ, ਹਰਮਨ ਸਿੰਘ ਖਾਲਸਾ ਨਡਾਲੋਂ, ਉਕਾਰ ਸਿੰਘ, ਬਲਕਾਰ ਸਿੰਘ, ਵਰਿੰਦਰ ਸਿੰਘ, ਹਰਸ਼ਪ੍ਰੀਤ ਸਿੰਘ, ਪ੍ਰਦੀਪ ਸਿੰਘ, ਕਮਲਜੀਤ ਸਿੰਘ , ਫਤਹਿ ਸਿੰਘ,ਸੋਰਵ, ਹਰਦੀਪ ਸਿੰਘ ਆਦਿ ਹਾਜ਼ਰ ਸਨ।

ਸੁਪਰੀਮ ਕੋਰਟ ਦੇ ਫੈਸਲੇ ਨਾਲ ਸਮਾਜ 'ਚ ਹੋਰ ਵੰਡੀਆਂ ਪੈਣ ਦਾ ਖਦਸ਼ਾ-ਚੌਹਾਨ, ਜਨਾਗਲ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨਿੱਕੂ ਰਾਮ ਜਨਾਗਲ ਨੇ ਸਾਂਝੇ ਤੌਰ 'ਤੇ ਕਿਹਾ ਕਿ ਜੋ 01 ਅਗਸਤ 2024 ਨੂੰ ਸੁਪਰੀਮ ਕੋਰਟ ਵੱਲੋਂ ਰਿਜਰਵੇਸ਼ਨ ਦੇ ਸਬੰਧ ਵਿੱਚ ਕਰੀਮੀਲੇਅਰ ਨੂੰ ਅਧਾਰ ਬਣਾ ਕੇ ਫੈਸਲਾ ਕੀਤਾ ਗਿਆ ਹੈ, ਉਸ ਫੈਸਲੇ ਨੂੰ ਸੰਸਦ ਵਿੱਚ ਸੰਵਿਧਾਨਕ ਸੋਧ ਕਰਵਾ ਕੇ ਰੱਦ ਕਰਵਾਉਣ ਲਈ ਰੋਸ ਪ੍ਰਦਰਸ਼ਨ ਕੀਤਾ ਗਿਆ। ਸੁਪਰੀਮ ਕੋਰਟ ਦੇ ਫੈਸਲੇ ਨਾਲ ਸਮਾਜ ਵਿੱਚ ਹੋਰ ਵੰਡੀਆਂ ਪੈਣ ਦਾ ਖਦਸ਼ਾ ਹੈ, ਜਿਸ ਨਾਲ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨ ਜਾਤੀਆਂ ਦੀ ਹਰ ਜਾਤੀ ਵਿੱਚ ਅਮੀਰ ਤੇ ਗਰੀਬ ਵਜੋਂ ਇਕ ਨਵੀਂ ਨਫਰਤ ਜਨਮ ਲਵੇਗੀ।ਕਰੀਮੀ ਲੇਅਰ ਵਾਲਾ ਅਮੀਰ ਚਮਾਰ ਜਾਂ ਵਾਲਮੀਕਿ ਆਪਣੇ ਹੀ ਸਮਾਜ ਦੇ ਗਰੀਬਾਂ ਦਰਮਿਆਨ ਪਾੜਾ ਵਧਾਵੇਗਾ।ਕਰੇਗੀ।ਅਨੁਸੂਚਿਤ ਜਾਤੀ/ਅਨੁਸੂਚਿਤ ਜਨ ਜਾਤੀ ਰਾਖਵਾਂਕਰਨ ਦਾ ਅਧਾਰ ਜਾਤੀ ਦੇ ਕਾਰਨ ਹੋਣ ਵਾਲਾ ਵਿਤਕਰਾ ਹੈ ਨਾ ਕਿ ਆਰਥਿਕਤਾ । ਉਹਨਾਂ ਅੱਗੇ ਕਿਹਾ ਕਿ ਭਾਰਤ ਸਰਕਾਰ ਸੰਸਦ ਵਿੱਚ ਸੰਵਿਧਾਨਕ ਸੋਧ ਬਿੱਲ ਪਾਸ ਕਰਕੇ ਸੁਪਰੀਮ ਕੋਰਟ ਦੇ ਫੈਸਲੇ ਨੂੰ ਰੱਦ ਕਰਨ ਉਪਰੰਤ ਰਾਖਵਾਂਕਰਨ ਨੂੰ ਸੰਵਿਧਾਨ ਦੀ ਨੌਵੀਂ ਸੂਚੀ ਵਿੱਚ ਦਰਜ ਕੀਤਾ ਜਾਵੇ ਤਾਂ ਕਿ ਕੋਈ ਵੀ ਸਰਕਾਰ ਜਾਂ ਅਦਾਲਤ ਰਾਖਵਾਂਕਰਨ ਨਾਲ ਛੇੜਛਾੜ ਨਾ ਕਰ ਸਕੇ। ਸਾਬਕਾ ਜ਼ਿਲ੍ਹਾ ਸਿਖਿਆ ਅਫਸਰ ਦਿਲਬਾਗ ਸਿੰਘ,ਸਤੀਸ਼ ਕੁਮਾਰ ਮਹੇ ਅਤੇ ਸਤਪਾਲ ਸਿੰਘ ਸਾਹਲੋਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸੁਰਜੀਤ ਕਰੀਮਪੁਰੀ, ਮਨੋਹਰ ਬੋਧ,ਜਸਵਿੰਦਰ ਮਹਿਮੀ, ਸੋਨੂ ਬੇਗੋਵਾਲ, ਚੰਦਰ ਸ਼ੇਖਰ, ਹਰਮੇਸ਼ ਕਸ਼ਯਪ, ਸੁਰਜੀਤ ਸਿੰਘ ਉੜਾਪੜ, ਰਕੇਸ਼ ਕੁਮਾਰ ਸ਼ੀਹਮਾਰ, ਸੰਦੀਪ ਕੁਮਾਰ ਗੜੀ , ਲਛਮਣ ਰਾਮ ਜਨਾਗਲ, ਜਸਵੀਰ ਸ਼ਾਹਵਾ, ਸਤਨਾਮ ਸਿੰਘ, ਬਲਕਾਰ ਬਲੂ, ਮਾਸਟਰ ਗੁਰਦਿਆਲ ਸਿੰਘ ਅਸ਼ੋਕ ਕੁਮਾਰ ਨਵਾਂਸ਼ਹਿਰ ਆਦਿ ਹਾਜ਼ਰ ਹੋਏ।

ਆਨ-ਲਾਈਨ ਪੋਰਟਲ/ਐਪਲੀਕੇਸ਼ਨ 'ਚ ਵਿਦਿਆਰਥੀਆਂ ਦੀ ਐਂਟਰੀ ਲਈ ਰਿਵਾਈਜ਼ਲਡ ਸ਼ਡਿਊਲ ਨਿਰਧਾਰਤ

ਐੱਸ . ਏ.ਐੱਸ ਨਗਰ (ਗੁਰਜੀਤ ਬਿੱਲਾ) ਪੰਜਾਬ ਰਾਜ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਮੂਹ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2024-25 ਲਈ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਨ-ਲਾਈਨ ਪੋਰਟਲ/ਐਪਲੀਕੇਸ਼ਨ ਨੌਵੀਂ ਅਤੇ ਗਿਆਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ 26 ਜੂਨ 2024 ਤੋਂ ਅਤੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ 4 ਜੁਲਾਈ 2024 ਤੋਂ ਚਾਲੂ ਕੀਤੀ ਗਈ ਸੀ। ਬੋਰਡ ਵੱਲੋਂ ਅਕਾਦਮਿਕ ਸਾਲ 2024-25 ਲਈ ਪੰਜਵੀਂ, ਅੱਠਵੀਂ ਅਤੇ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਦਾਖਲਿਆਂ ਵਿੱਚ ਮਿਤੀ 31 ਜੁਲਾਈ 2024 ਤੋਂ ਵਾਧਾ ਕਰਦੇ ਹੋਏ ਮਿਤੀ 31 ਅਗਸਤ 2024 ਨਿਰਧਾਰਿਤ ਕੀਤੀ ਜਾ ਚੁੱਕੀ ਹੈ। ਇਸੇ ਦੇ ਮੱਦੇਨਜ਼ਰ ਦਾਖਲਿਆਂ ਦੀ ਮਿਤੀ ਵਿੱਚ ਵਾਧਾ ਹੋਣ ਕਾਰਨ ਸੈਸ਼ਨ 2024-25 ਲਈ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੀ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਨ-ਲਾਈਨ ਪੋਰਟਲ/ਐਪਲੀਕੇਸ਼ਨ ਵਿੱਚ ਵਿਦਿਆਰਥੀਆਂ ਦੀ ਐਂਟਰੀ ਕਰਨ ਲਈ ਵੀ ਰਿਵਾਈਜ਼ਲਡ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ।ਇਸ ਰਿਵਾਈਜ਼ਡ ਸ਼ਡਿਊਲ ਅਨੁਸਾਰ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ ਮਿਤੀ 16 ਸਤੰਬਰ 2024 ਤੱਕ ਬਿਨ੍ਹਾਂ ਲੇਟ ਫੀਸ , 17 ਸਤੰਬਰ 2024 ਤੋਂ 26 ਸਤੰਬਰ 2024 ਤੱਕ 500/-ਰੁ: ਪ੍ਰਤੀ ਵਿਦਿਅਰਥੀ ਲੇਟ ਫੀਸ ਨਾਲ ਅਤੇ 27 ਸਤੰਬਰ 2024 ਤੋਂ 09 ਅਕਤੂਬਰ 2024 ਤੱਕ 1500/-ਰੁ: ਪ੍ਰਤੀ ਵਿਦਿਅਰਥੀ ਲੇਟ ਫੀਸ ਨਾਲ ਰਿਵਾਈਜ਼ਡ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ।ਇਸਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਬੋਰਡ ਵੱਲੋਂ ਨਿਰਧਾਰਿਤ/ਜਾਰੀ ਕੀਤੇ ਗਏ ਸ਼ਡਿਊਲ (ਸਮਾਂ ਸਾਰਣੀ) ਵਿੱਚ ਹੀ ਬਣਦੀ ਫੀਸ ਅਤੇ ਜੁਰਮਾਨਾ ਫੀਸ ਰਾਹੀਂ ਇਹ ਕੰਮ ਮੁਕੰਮਲ ਕਰਵਾਇਆ ਜਾਣਾ ਅਤਿ ਜ਼ਰੂਰੀ ਹੈ ਕਿਉਂਕਿ ਨਿਰਧਾਰਿਤ ਸ਼ਡਿਊਲ ਅਧੀਨ ਦਿੱਤੇ ਗਏ ਸਮੇਂ ਤੋਂ ਬਾਅਦ ਹੋਰ ਸਮੇਂ ਵਿੱਚ ਵਾਧਾ ਨਹੀ ਕੀਤਾ ਜਾਵੇਗਾ ਅਤੇ ਬਿਨ੍ਹਾਂ ਲੇਟ ਫੀਸ ਸਮਾਂ ਲੰਘਣ ਉਪਰੰਤ ਜੇਕਰ ਕਿਸੇ ਸਕੂਲ ਮੁਖੀ ਵੱਲੋਂ ਜੁਰਮਾਨਾ ਮੁਆਫੀ ਲਈ ਪ੍ਰਤੀ-ਬੇਨਤੀ ਕੀਤੀ ਜਾਂਦੀ ਹੈ ਤਾਂ ਉਹ ਕਿਸੇ ਵੀ ਹਾਲਾਤ/ਕਾਰਨ ਦੇ ਜੁਰਮਾਨਾ ਮੁਆਫੀ ਲਈ ਸਵੀਕਾਰਨ ਯੋਗ ਨਹੀ ਹੋਵੇਗੀ। ਉਕਤ ਦੇ ਮੱਦੇਨਜ਼ਰ ਸਕੂਲ ਮੁੱਖੀਆਂ ਨੂੰ ਅਗਾਊ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2024-25 ਲਈ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਦਾ ਕਾਰਜ਼ ਮੁਕੰਮਲ ਕਰਨ ਲਈ ਉਚਿੱਤ ਸਮਾਂ ਦਿੱਤਾ ਜਾ ਰਿਹਾ ਹੈ । ਇਸ ਦੇ ਬਾਵਜੂਦ ਵੀ ਜੇਕਰ ਕਿਸੇ ਸੰਸਥਾ/ਸਕੂਲ ਨੂੰ ਅਜਿਹੀ ਅਣਗਹਿਲੀ ਲਈ ਜਿੰਮੇਵਾਰ ਪਾਇਆ ਜਾਂਦਾ ਹੈ ਤਾਂ ਨਿਰਧਾਰਿਤ ਸ਼ਡਿਊਲ ਤੋਂ ਬਾਅਦ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਦਾ ਕੋਈ ਹੋਰ ਮੌਕਾ ਨਹੀ ਦਿੱਤਾ ਜਾਵੇਗਾ ਅਤੇ ਬੋਰਡ ਨਾਲ ਸਬੰਧਤ ਐਫੀਲਿਏਟਿਡ/ਐਸੋਸੀਏਟਿਡ ਸੰਸਥਾਵਾਂ ਵਿਰੁੱਧ ਐਫੀਲਿਏਸ਼ਨ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕੀਤੀ ਜਾਵੇਗੀ । ਇਸੇ ਤਰ੍ਹਾਂ ਸਰਕਾਰੀ/ਏਡਿਡ ਸਕੂਲਾਂ ਦੇ ਕੇਸ ਵਿੱਚ ਸਬੰਧਤ ਸਕੂਲਾਂ ਦੇ ਪ੍ਰਿੰਸੀਪਲ/ਮੁੱਖ ਅਧਿਆਪਕ ਵਿਰੁੱਧ ਵਿਨਿਯਮਾਂ ਅਨੁਸਾਰ ਕਾਰਵਾਈ ਕਰਨ ਲਈ ਡਾਇਰੈਕਟਰ (ਐਲੀਮੈਂਟਰੀ/ ਸੈਕੰਡਰੀ), ਸਿੱਖਿਆ ਵਿਭਾਗ, ਪੰਜਾਬ ਸਰਕਾਰ ਨੂੰ ਲਿਖਿਆ ਜਾਵੇਗਾ।

ਚੱਬੇਵਾਲ ਨੇ ਸਾਹਰੀ 'ਚ 89 ਘਰਾਂ ਦੀਆਂ ਛੱਤਾਂ ਲਈ ਚੈੱਕ ਵੰਡੇ

ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ) ਸੰਸਦ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੇ ਪਿੰਡ ਸਾਹਰੀ ਵਿਖੇ 89 ਘਰਾਂ ਦੀਆਂ ਛੱਤਾਂ ਦੀ ਮੁਰੰਮਤ ਲਈ 8.90 ਲੱਖ ਰੁਪਏ ਦੇ ਚੈੱਕ ਵੰਡੇ । ਇਸ ਪਹਿਲਕਦਮੀ ਦਾ ਉਦੇਸ਼ ਉਨ੍ਹਾਂ ਨਿਵਾਸੀਆਂ ਨੂੰ ਸੁਰੱਖਿਅਤ ਪਨਾਹ ਪ੍ਰਦਾਨ ਕਰਨਾ ਹੈ ਜੋ ਟੁੱਟੀਆਂ ਛੱਤਾਂ ਨਾਲ ਸੰਘਰਸ਼ ਕਰ ਰਹੇ ਹਨ।ਪਿੰਡ ਦੇ ਕਮਿਊਨਿਟੀ ਸੈਂਟਰ ਵਿੱਚ ਕਰਵਾਏ ਗਏ ਇਸ ਸਮਾਗਮ ਵਿੱਚ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੇ ਲਾਭਪਾਤਰੀਆਂ ਨੂੰ ਚੈਕ ਵੰਡੇ।ਡਾ: ਰਾਜ ਨੇ ਦੱਸਿਆ ਕਿ ਕੁਦਰਤੀ ਆਫ਼ਤ ਅਤੇ ਰੱਖ-ਰਖਾਅ ਦੀ ਘਾਟ ਕਾਰਨ ਇਨ੍ਹਾਂ ਮਕਾਨਾਂ ਦੀਆਂ ਛੱਤਾਂ ਟੁੱਟ ਗਈਆਂ ਸਨ, ਜਿਸ ਕਾਰਨ ਇਲਾਕਾ ਵਾਸੀਆਂ ਨੂੰ ਖ਼ਰਾਬ ਮੌਸਮ ਦਾ ਸਾਹਮਣਾ ਕਰਨਾ ਪੈ ਰਿਹਾ ਸੀ । ਜਦੋਂ ਸੰਸਦ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੂੰ ਉਨ੍ਹਾਂ ਦੀ ਦੁਰਦਸ਼ਾ ਬਾਰੇ ਪਤਾ ਲੱਗਾ ਤਾਂ ਉਹ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਅੱਗੇ ਆਏ।ਸੰਸਦ ਮੈਂਬਰ ਡਾ: ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਉਹ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਨ ਕਿ ਉਨ੍ਹਾਂ ਦੇ ਹਲਕੇ ਦੇ ਲੋਕਾਂ ਨੂੰ ਸੁਰੱਖਿਅਤ ਪਨਾਹ ਵਰਗੀਆਂ ਬੁਨਿਆਦੀ ਲੋੜਾਂ ਮਿਲ ਸਕਣ।ਇਸ ਮੌਕੇ ਡਾ: ਈਸ਼ਾਂਕ, ਲੰਬੜਦਾਰ ਪੁਰਸ਼ੋਤਮ ਸਿੰਘ, ਭਰਤ ਲਾਲ, ਰਮਨਜੀਤ ਝੱਮਟ, ਬਲਜੀਤ ਸਿੰਘ, ਜਸਪਾਲ ਸਿੰਘ, ਰਾਜਿੰਦਰ ਕੁਮਾਰ, ਪੰਚ ਦਵਿੰਦਰ ਕੁਮਾਰ, ਲਵਲੀ ਰਾਣੀ, ਕਮਲਜੀਤ ਝੱਮਟ, ਸੁਰਜੀਤ ਕੌਰ ਆਦਿ ਹਾਜ਼ਰ ਸਨ ।

ਬਾਸਮਤੀ ਦੀ ਗੁਣਵੱਤਾ ਲਈ ਸੁਚੱਜਾ ਕੀਟ ਪ੍ਰਬੰਧ ਜ਼ਰੂਰੀ- ਮੁੱਖ ਖੇਤੀਬਾੜੀ ਅਫਸਰ

ਬੰਗਾ (ਅਵਤਾਰ ਕਲੇਰ) ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਬਲਾਕ ਬੰਗਾ ਵਿੱਚ ਸਮੂਹ ਕੀੜੇਮਾਰ ਦਵਾਈਆਂ ਡੀਲਰਾਂ ਦੀ ਅਹਿਮ ਮੀਟਿੰਗ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾਕਟਰ ਰਜਿੰਦਰ ਕੰਬੋਜ ਵੱਲੋਂ ਗਈ। ਉਹਨਾਂ ਨੇ ਸਮੂਹ ਡੀਲਰ ਨੂੰ ਸਖਤ ਹਦਾਇਤਾਂ ਜਾਰੀ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਬਾਸਮਤੀ ਦੀ ਮੰਗ ਬਾਹਰਲੇ ਮੁਲਕਾਂ ਵਿੱਚ ਬਹੁਤ ਹੁੰਦੀ ਹੈ ਪ੍ਰੰਤੂ ਪਿਛਲੇ ਕੁਝ ਸਮੇਂ ਦੌਰਾਨ ਕੁਝ ਕੀਟਨਾਸ਼ਕਾਂ ਦੀ ਵੱਧ ਵਰਤੋਂ ਹੋਣ ਕਾਰਨ ਇਹਨਾਂ ਦੇ ਅੰਸ਼ ਨਿਰਿਆਤ ਹੋਣ ਵਾਲੀ ਬਾਸਮਤੀ ਵਿੱਚ ਪਾਏ ਗਏ ਇਸ ਕਰਕੇ ਐਕਸਪੋਰਟ ਪ੍ਰਭਾਵਤ ਹੋਈ ਹੈ। ਖੇਤੀ ਵਿਭਾਗ ਵੱਲੋਂ ਇਹਨਾਂ 10 ਪੈਸਟੀਸਾਈਡ ਦੀ ਬਾਸਮਤੀ ਦੀ ਤੇ ਵਰਤੋਂ ਕਰਨ ਤੇ ਪੂਰਨ ਪਾਬੰਦੀ ਲਗਾਈ ਗਈ ਹੈ ਅਤੇ

22-AUG-PAGE-10.qxd 8/21/2024 9:36 PM Page 1

ਡੀ ਐੱਸ ਪੀ ਦਫ਼ਤਰ ਸਾਹਮਣੇ ਅਣਮਿੱਥੇ ਸਮੇਂ ਦਾ ਧਰਨਾ ਸ਼ੁਰੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਕਿਸਾਨ ਜਥੇਬੰਦੀਆਂ ਵੱਲੋਂ ਥਾਣਾ ਮੁਖੀ ਦੀ ਬਦਲੀ ਨੂੰ ਲੈ ਕੇ ਡੀਐਸਪੀ ਦਫਤਰ ਪਾਤੜਾਂ ਸਾਹਮਣੇ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਦੇ ਸਰਵਿਸ ਰੋਡ ਉੱਤੇ ਦਿੱਤਾ ਗਿਆ। ਵਿਸ਼ਾਲ ਰੋਹ ਭਰਪੂਰ ਧਰਨਾ ਮੰਗ ਪੂਰੀ ਨਾ ਹੋਣ ਤੱਕ ਜਾਰੀ ਰੱਖਣ ਦਾ ਐਲਾਨ ਕਰ ਦਿੱਤਾ ਹੈ।

ਧਰਨੇ ਨੂੰ ਸੰਬੋਧਨ ਕਰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਹਰਭਜਨ ਸਿੰਘ ਬੁੱਟਰ, ਜ਼ਿਲ੍ਹਾ ਆਗੂ ਚਰਨਜੀਤ ਕੌਰ ਧੂਹੜੀਆਂ, ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਗੁਰਵਿੰਦਰ ਸਿੰਘ ਦੇਧਨਾਂ ਜ਼ਿਲ੍ਹਾ ਸਕੱਤਰ ਕਿਰਤੀ ਕਿਸਾਨ ਯੂਨੀਅਨ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਰਾਮਚੰਦ ਚੁਨਾਗਰਾ ਨੇ ਕਿਹਾ ਕਿ ਥਾਣਾ ਪਾਤੜਾਂ ਦੇ ਮੁਖੀ ਯਸ਼ਪਾਲ ਸ਼ਰਮਾ ਨੇ ਪਿੰਡ ਦੁਤਾਲ ਦੇ ਇੱਕ ਨੌਜਵਾਨ ਦੀ ਕੁੱਟਮਾਰ ਕੀਤੀ ਸੀ। ਇਸ ਤੋਂ ਇਲਾਵਾ ਕਿਸਾਨ ਜਥੇਬੰਦੀ ਦੇ ਆਗੂ ਰਘਵੀਰ ਸਿੰਘ ਨਿਆਲ ਸਮੇਤ ਇਲਾਕੇ ਦੇ ਕੁੱਝ ਹੋਰ ਲੋਕਾਂ ਨਾਲ ਵੀ ਦੁਰਵਿਹਾਰ ਕੀਤਾ ਸੀ। ਇਸ ਲਈ ਕਿਸਾਨ ਜਥੇਬੰਦੀਆਂ ਨੇ ਇਸ ਦੇ ਖਿਲਾਫ ਸੰਗਰਸ਼ ਸ਼ੁਰੂ ਕਰਦਿਆਂ ਲਾਏ ਗਏ ਧਰਨੇ ਦੌਰਾਨ ਡੀ.ਐਸ.ਪੀ ਪਾਤੜਾਂ ਨੇ 17 ਅਗਸਤ ਤੱਕ ਦਾ ਸਮਾਂ ਲੈ ਕੇ ਇਸ ਦੇ ਖਿਲਾਫ਼ ਕਾਰਵਾਈ ਯਕੀਨ ਦਿਵਾਇਆ ਸੀ, ਪਰ ਕੋਈ ਕਾਰਵਾਈ ਨਹੀਂ ਕੀਤੀ, ਸਗੋਂ ਇਸ ਦੌਰਾਨ ਪੀੜਤ ਵਿਅਕਤੀ 'ਤੇ ਦਬਾਅ ਪਾ ਕੇ ਉਸ ਨਾਲ ਸਮਝੌਤਾ ਕੀਤਾ ਹੈ, ਪਰ ਜਥੇਬੰਦੀਆਂ ਵੱਲੋਂ ਇਸ ਦੇ ਦੁਰਵਿਹਾਰ ਕਾਰਨ ਇਸ ਨੂੰ ਲਾਇਨ ਹਾਜ਼ਰ ਕਰਨ ਦੀ ਮੰਗ ਨੂੰ ਲੈ ਕੇ ਦਿੱਤਾ ਗਿਆ। ਧਰਨਾ ਹੁਣ ਦਿਨ-ਰਾਤ ਜਾਰੀ ਰਹੇਗਾ।

ਡੀ.ਐਸ.ਪੀ ਇੰਦਰਪਾਲ ਸਿੰਘ ਚੌਹਾਨ ਨੇ ਕਿਹਾ ਕਿ ਜਿਸ ਵਿਅਕਤੀ ਦਾ ਥਾਣਾ ਮੁਖੀ ਨਾਲ ਕੋਈ ਝਗੜਾ ਸੀ, ਉਸ ਦਾ ਸਮਝੌਤਾ ਹੋ ਗਿਆ ਸੀ ਅਤੇ ਫਿਰ ਵੀ ਕਿਸਾਨ ਜਥੇਬੰਦੀਆਂ ਨੂੰ ਜੋ ਮੁਸ਼ਕਲ ਹੈ, ਉਸ ਸਬੰਧੀ ਉਨ੍ਹਾਂ ਨਾਲ ਗੱਲ ਕਰਕੇ ਇਸ ਮਸਲੇ ਦਾ ਹੱਲ ਕਰ ਲਿਆ ਜਾਵੇਗਾ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦੀ ਪ੍ਰਤੀ ਪੂਰਤੀ ਕਰਨ ਦੀ ਪ੍ਰਕਿਰਿਆ ਸਰਲ ਬਣਾਈ ਜਾਵੇ

ਕੋਟਕਪੂਰਾ (ਰਛਪਾਲ ਭੁੱਲਰ) ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਐਡੀਸ਼ਨਲ ਜਨਰਲ ਸਕੱਤਰ ਸੱਤਿਆਪਾਲ ਗੁਪਤਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਸਿਹਤ ਮੰਤਰੀ ਪੰਜਾਬ ਡਾਕਟਰ ਬਲਬੀਰ ਸਿੰਘ ਦੇ ਨਾਂਅ ਇੱਕ ਪੱਤਰ ਲਿਖ ਕੇ ਪੰਜਾਬ ਦੇ ਵੱਖ-ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਆਪਣੀਆਂ ਸਰੀਰਕ ਸਮੱਸਿਆਵਾਂ ਦੇ ਇਲਾਜ ਲਈ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਦਾਖਲ ਹੋ ਕੇ ਓ.ਪੀ.ਡੀ. ਰਾਹੀਂ ਇਲਾਜ ਕਰਾਉਣਾ ਪੈਂਦਾ ਹੈ।ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਅਦਾਇਗੀ ਕਰਨ ਦੀ ਵਿਵਸਥਾ ਕੀਤੀ ਹੋਈ ਹੈ।

ਆਗੂਆਂ ਨੇ ਕਿਹਾ ਕਿ ਜਥੇਬੰਦੀ ਦੇ ਧਿਆਨ ਵਿੱਚ ਆਇਆ ਕਿ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਅਦਾਇਗੀ ਲੈਣ ਲਈ ਮੌਜੂਦਾ ਸਮੇਂ ਜੋ ਪ੍ਰਕਿਰਿਆ ਚੱਲ ਰਹੀ ਹੈ, ਉਹ ਬਹੁਤ ਗੁੰਝਲਦਾਰ ਹੈ। ਇਹ ਪ੍ਰਕਿਰਿਆ ਬਹੁਤ ਜ਼ਿਆਦਾ ਗੁੰਝਲਦਾਰ ਹੋਣ ਕਰਕੇ ਬਹੁਤ ਸਾਰੇ ਪੈਨਸ਼ਨਰ ਅਦਾਇਗੀ ਲੈਣ ਤੋਂ ਪਹਿਲਾਂ ਹੀ ਰੱਬ ਨੂੰ ਪਿਆਰੇ ਹੋ ਜਾਂਦੇ ਹਨ।

ਜਥੇਬੰਦੀ ਨੇ ਮੁੱਖ ਮੰਤਰੀ ਪੰਜਾਬ ਅਤੇ ਸਿਹਤ ਮੰਤਰੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਅਦਾਇਗੀ ਲੈਣ ਲਈ ਇਹ ਪ੍ਰਕਿਰਿਆ ਸਰਲ ਬਣਾਈ ਜਾਵੇ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਰਕਮ ਵੈਰੀਫਾਈ ਕਰਨ ਲਈ ਸਮੂਹ ਸਿਵਲ ਸਰਜਨਾਂ ਦੀਆਂ ਸ਼ਕਤੀਆਂ ਵਿੱਚ ਰਕਮ 1 ਲੱਖ ਤੋਂ ਵਧਾ ਕੇ ਰਕਮ 5 ਲੱਖ ਕੀਤੀ ਜਾਵੇ ਤਾਂ ਜੁ ਬਹੁਤ ਸਾਰੇ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦਾ ਨਿਪਟਾਰਾ ਜ਼ਿਲ੍ਹਾ ਪੱਧਰ 'ਤੇ ਹੀ ਹੋ ਸਕੇ ਤੇ ਸਾਰੇ ਵਿਭਾਗਾਂ ਦੇ ਡੀ ਡੀ ਓ ਕੋਲ ਇਸ ਸਮੇਂ ਰਕਮ 50000 ਰੁਪਏ ਦੀ ਮਨਜ਼ੂਰੀ ਜਾਰੀ ਕਰਨ ਦੀ ਸਮਰੱਥਾ ਵਿੱਚ ਵਾਧਾ ਕਰਦੇ ਹੋਏ ਇਹ ਰਕਮ 3 ਲੱਖ ਰੁਪਏ ਕੀਤੀ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੀ ਬਹੁਤਾਤ ਨੂੰ ਮੁੱਖ ਰੱਖਦੇ ਹੋਏ ਸਮੂਹ ਸਿਵਲ ਸਰਜਨਾਂ ਦੇ ਦਫ਼ਤਰਾਂ ਵਿੱਚ ਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਫ਼ਤਰ ਵਿੱਚ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦੇ ਜਲਦੀ ਨਿਪਟਾਰੇ ਲਈ ਹੋਰ ਵਧੇਰੇ ਸਟਾਫ ਦੀ ਨਿਯੁਕਤੀ ਕੀਤੀ ਜਾਵੇ। ਪੰਜਾਬ ਸਰਕਾਰ ਵੱਲੋਂ ਸਾਲ 2016 ਵਿੱਚ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਇਲਾਜ ਲਈ ਕੈਸ਼ਲੈਸ ਸਕੀਮ ਲਾਗੂ ਕੀਤੀ ਗਈ ਸੀ।ਇਸ ਸਕੀਮ ਵਿੱਚ ਬਹੁਤ ਸਾਰੀਆਂ ਊਣਤਾਈਆਂ ਹੋਣ ਕਾਰਨ ਇਹ ਸਕੀਮ ਅੱਗੇ ਜਾਰੀ ਨਹੀਂ ਰਹਿ ਸਕੀ।ਉਦਾਹਰਣ ਦੇ ਤੌਰ 'ਤੇ ਕਈ ਛੋਟੇ ਨਿੱਜੀ ਹਸਪਤਾਲਾਂ ਨੇ ਇਸ ਨੂੰ ਭ੍ਰਿਸ਼ਟਾਚਾਰ ਦਾ ਅੱਡਾ ਬਣਾ ਲਿਆ ਸੀ।ਇਸ ਕਰਕੇ ਹੁਣ ਮੰਗ ਹੈ ਜਾਂਦੀ ਹੈ ਕਿ ਕੈਸ਼ਲੈਸ ਸਕੀਮ ਬਿਨਾਂ ਕਿਸੇ ਰਕਮ ਦੀ ਸੀਮਾ ਤੈਅ ਕਰਨ ਦੇ ਮੁੜ ਸੋਧਾਂ ਕਰਕੇ ਲਾਗੂ ਕੀਤੀ ਜਾਵੇ, ਸਾਰੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਨੂੰ ਇਸ ਕੈਸ਼ਲੈਸ ਸਕੀਮ ਦੇ ਦਾਇਰੇ ਹੇਠ ਲਿਆਂਦਾ ਜਾਵੇ, ਕੋਈ ਵੀ ਨਿੱਜੀ ਹਸਪਤਾਲ ਅਜਿਹਾ ਨਹੀਂ ਹੋਣਾ ਚਾਹੀਦਾ

ਕਵਿਤਾ ਉਚਾਰਨ ਮੁਕਾਬਲੇ 'ਚ ਨਵਕਿਰਨ ਕੌਰ ਜੇਤੂ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਰਾਜ ਪੱਧਰੀ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ।ਇਸ ਮੁਕਾਬਲੇ ਵਿੱਚ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਬਰੜਵਾਲ, ਧੂਰੀ ਦੀ ਚੌਥੀ ਸ਼੍ਰੇਣੀ ਦੀ ਵਿਦਿਆਰਥਣ ਨਵਕਿਰਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ।ਸਕੂਲ ਦੇ ਚੇਅਰਮੈਨ ਸ੍ਰ. ਪਰਮਜੀਤ ਸਿੰਘ ਗਿੱਲ ਤੇ ਪ੍ਰਿੰਸੀਪਲ ਨੇ ਇਸ ਪ੍ਰਾਪਤੀ 'ਤੇ ਬੱਚਿਆਂ, ਸਕੂਲ ਸਟਾਫ਼ ਤੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਦੀ ਪ੍ਰਤਿਭਾ ਨਿਖਾਰਨ ਵਿੱਚ ਸਹਾਈ ਹੁੰਦੇ ਹਨ।ਪ੍ਰਾਇਮਰੀ ਬਲਾਕ ਦੇ ਮੁਖੀ ਸ੍ਰੀਮਤੀ ਰਜਿੰਦਰ ਪਾਲ ਕੌਰ ਨੇ ਨਵਕਿਰਨ ਕੌਰ ਦਾ ਸਕੂਲ ਵਿੱਚ ਸਨਮਾਨ ਵੀ ਕੀਤਾ।

ਆਫੀਸਰਜ਼ ਐਸੋਸੀਏਸ਼ਨ ਵੱਲੋਂ ਰੋਸ ਪ੍ਰਦਰਸ਼ਨ

ਜਗਰਾਓਂ (ਅਮਿਤ ਖੰਨਾ)-ਕੋਲਕਾਤਾ ਦੀ ਮੈਡੀਕਲ ਵਿਦਿਆਰਥਣ ਨਾਲ ਬਲਾਤਕਾਰ ਤੇ ਕਤਲ ਦੇ ਵਹਿਸ਼ੀਆਨਾ ਕਾਰੇ ਖਿਲਾਫ ਪੰਜਾਬ ਸਿਵਲ ਸਰਵਿਸ (ਈ.ਬੀ.) ਸੇਵਾਮੁਕਤ ਆਫੀਸਰਜ਼ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।ਐਸੋਸੀਏਸ਼ਨ ਨੇ ਆਰ. ਜੀ. ਕਰ ਮੈਡੀਕਲ ਕਾਲਜ ਤੇ ਹਸਪਤਾਲ ਕੋਲਕਾਤਾ ਦੀ ਮੈਡੀਕਲ ਵਿਦਿਆਰਥਣ ਨਾਲ ਕੀਤੇ ਗਏ ਬਲਾਤਕਾਰ ਅਤੇ ਕਤਲ ਦੇ ਵਹਿਸ਼ੀਆਨਾ ਕਾਰੇ ਦੀ ਸਖ਼ਤ ਨਿਖੇਧੀ ਕੀਤੀ।ਚੇਅਰਮੈਨ ਜੀ. ਐੱਸ. ਬਾਹੀਆ ਦੀ ਅਗਵਾਈ ਹੇਠ ਐਸੋਸੀਏਸ਼ਨ ਦੇ ਮੈਂਬਰਾਂ ਨੇ ਅਹਿਦ ਲਿਆ ਕਿ ਐਸੋਸੀਏਸ਼ਨ ਪੀੜਤ ਪਰਿਵਾਰ ਦੇ ਨਾਲ ਖੜ੍ਹੀ ਹੈ।ਉਨ੍ਹਾਂ ਭਾਰਤ ਸਰਕਾਰ ਤੇ ਪੱਛਮੀ ਬੰਗਾਲ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਅਣਮਨੱਖੀ ਤੇ ਦਿਲ-ਦਹਿਲਾਉ ਘਟਨਾ ਦੇ ਸਬੰਧ 'ਚ ਫੰਗੀ ਤੇ ਸਖ਼ਤ ਕਦਮ ਚੁੱਕੇ ਜਾਣ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਦਾਇਰੇ 'ਚ ਲਿਆਂਦਾ ਜਾਵੇ ਤਾਂ ਜੋ ਮਾਮਲੇ 'ਚ ਜਲਦ ਇਨਸਾਫ਼ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਤੋਂ ਇਲਾਵਾ ਐਸੋਸੀਏਸ਼ਨ ਨੇ ਡਿਊਟੀ ਦੌਰਾਨ ਡਾਕਟਰਾਂ ਦੀ ਸੁਰੱਖਿਆ ਦੀ ਵੀ ਮੰਗ ਕੀਤੀ।

ਨਰੇਗਾ ਮਜ਼ਦੂਰਾਂ ਵੱਲੋਂ ਬੀ ਡੀ ਪੀ ਓ ਦਫ਼ਤਰ ਅੱਗੇ ਧਰਨਾ ਪ੍ਰਦਰਸ਼ਨ

ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਬੀਡੀਪੀਓ ਦਫ਼ਤਰ ਨੂੰ ਤਿੰਨਾਂ ਪਿੰਡਾਂ ਦਾ ਵਫ਼ਦ ਨੇ ਮਿਲਣਾ ਸੀ, ਪਰ ਬੀਡੀਪੀਓ ਦੇ ਨਾ ਮਿਲਣ 'ਤੇ ਹੋਈ ਖੱਜਲ ਖੁਆਰੀ ਵਿਰੁੱਧ ਮਜ਼ਦੂਰ ਨੇ ਧਰਨਾ ਮਾਰ ਦਿੱਤਾ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਸਮੇਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਤਖ਼ਤ ਮੁਲਾਣਾ, ਜ਼ਿਲ੍ਹਾ ਸਕੱਤਰ ਹਰਜੀਤ ਸਿੰਘ ਮਦਰੱਸਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਿੰਨਾ ਚਿਰ ਮੰਡੀ ਬਰੀਵਾਲਾ ਦੇ ਪਿੰਡ ਮਰਾੜ ਕਲਾਂ, ਜੰਡੋਕੇ, ਬੁੱਢੀ ਮਾਲ, ਰੰਧਾਵਾ ਤੇ ਜੰਮੂਆਣਾ ਵਿੱਚ ਨਰੇਗਾ ਮਜ਼ਦੂਰਾਂ ਨੂੰ ਸੌ ਸਾਲ ਦਾ ਕੰਮ ਤੇ ਇਨ੍ਹਾਂ ਪਿੰਡਾਂ ਵਿੱਚ ਮਜ਼ਦੂਰਾਂ ਦੀ ਆਡੀਆਂ ਨਹੀਂ ਬਣਾਈਆਂ ਜਾਂਦੀਆਂ ਤਾਂ ਸੰਘਰਸ਼ ਜਾਰੀ ਰਹੇਗਾ।

ਐੱਨ ਆਰ ਆਈ ਬਿਕਰਮ ਸਿੰਘ ਨੇ ਸਕੂਲ ਨੂੰ ਆਰ ਓ ਸਿਸਟਮ ਤੇ ਵਾਟਰ ਕੂਲਰ ਦਿੱਤਾ

ਖੰਨਾ, (ਸੁਖਵਿੰਦਰ ਸਿੰਘ) ਸਰਕਾਰੀ ਹਾਈ ਸਕੂਲ ਪਿੰਡ ਸਲੋਦੀ ਦੀ ਅਧਿਆਪਕਾ ਸ੍ਰੀਮਤੀ ਦੀਪਿਕਾ ਮਹਿਤਾ ਨੇ ਦੱਸਿਆ ਕਿ ਪਿੰਡ ਸਲੋਦੀ ਦੇ ਜੰਮਪਲ ਐਨਆਰਆਈ ਬਿਕਰਮ ਸਿੰਘ ਯੂਐਸਏ ਵੱਲੋਂ ਸਰਕਾਰੀ ਹਾਈ ਸਕੂਲ ਸਲੋਦੀ ਦੇ ਬੱਚਿਆਂ ਨੂੰ ਸ਼ੁੱਧ ਤੇ ਠੰਡਾ ਪਾਣੀ ਪੀਣ ਦੀ ਸਹੂਲਤ ਦੇਣ ਲਈ ਸਰਕਾਰੀ ਹਾਈ ਸਕੂਲ ਸਲੋਦੀ ਨੂੰ ਆਰ.ਓ ਸਿਸਟਮ ਤੇ ਵਾਟਰ ਕੂਲਰ ਤੇ ਬਾਬਾ ਗੁਰਮੀਤ ਸਿੰਘ ਨਾਨਕਸਰ ਵਾਲਿਆਂ ਵੱਲੋਂ ਨਕਦ ਰਾਸ਼ੀ ਦਾਨ ਦਿੱਤੀ ਗਈ। ਸਮੂਹ ਸਟਾਫ ਸਰਕਾਰੀ ਹਾਈ ਸਕੂਲ ਸਲੋਦੀ ਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਬਿਕਰਮ ਸਿੰਘ ਯੂਐਸਏ, ਸਰਪੰਚ ਮਨਦੀਪ ਬੈਕਟਰ, ਨੰਬਰਦਾਰ ਜਗੀਰ ਸਿੰਘ ਤੇ ਰਜਿੰਦਰ ਸਿੰਘ ਦਾ ਧੰਨਵਾਦ ਕੀਤਾ ਗਿਆ।

ਐੱਸ ਐੱਚ ਓ ਨਾਲ ਕੇਕ ਕੱਟ ਕੇ ਮਨਾਇਆ ਫੋਟੋਗ੍ਰਾਫੀ ਡੇਅ

ਭੀਖੀ, (ਧਰਮਵੀਰ ਸ਼ਰਮਾ) ਵਿਸ਼ਵ ਫੋਟੋਗ੍ਰਾਫੀ ਡੇਅ ਮੌਕੇ ਭੀਖੀ ਫੋਟੋਗਰਾਫਰ ਐਸੋਸੀਏਸ਼ਨ ਵੱਲੋਂ ਇਹ ਦਿਹਾੜਾ ਮਨਾਇਆ ਗਿਆ। ਐਸਐਚਉ ਮੈਡਮ ਬੇਅੰਤ ਕੌਰ ਨਾਲ ਕੇਕ ਕੱਟ ਕੇ ਖੁਸ਼ੀ ਸਾਂਝੀ ਕੀਤੀ ਗਈ। ਮੈਡਮ ਬੇਅੰਤ ਕੌਰ ਨੇ ਕਿਹਾ ਕਿ ਪੰਜਾਬ ਪੁਲਿਸ ਤੁਹਾਡੀ ਦੋਸਤ ਹੈ। ਸਾਨੂੰ ਹਰ ਇੱਕ ਤਿਉਹਾਰ ਪੁਲਿਸ ਨਾਲ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ ਤੇ ਕਿਸੇ ਨੂੰ ਵੀ ਸਾਡੇ ਤੱਕ ਕੋਈ ਵੀ ਜ਼ਰੂਰਤ ਪੈਂਦੀ ਹੈ ਤਾਂ ਬੇਝਿਜਕ ਹੋ ਕੇ ਮਿਲ ਸਕਦੇ ਹੋ।ਇਸ ਮੌਕੇ ਉਨ੍ਹਾਂ ਸਮੂਹ ਫੋਟੋਗ੍ਰਾਫਰ ਐਸੋਸੀਏਸ਼ਨ ਨੂੰ ਵਧਾਈ ਦਿੱਤੀ ਤੇ ਪ੍ਰਧਾਨ ਮਨਦੀਪ ਸਿੰਗਲਾ ਦਾ ਮੂੰਹ ਮਿੱਠਾ ਕਰਾਇਆ।ਫੋਟੋਗਰਾਫ਼ਰ ਐਸੋਸੀਏਸ਼ਨ ਦੇ ਪ੍ਰਧਾਨ ਮਨਦੀਪ ਸਿੰਗਲਾ ਨੇ ਦੱਸਿਆ ਕਿ ਇਹ ਦਿਨ ਹਰ ਸਾਲ 19 ਅਗਸਤ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਯਾਦਗਾਰੀ ਬਣਾਉਣ ਲਈ ਸਾਰੇ ਫੋਟੋਗ੍ਰਾਫਰ ਵੀਰ ਇਸ ਇਤਿਹਾਸਕ ਦਿਨ ਨੂੰ ਮਨਾਉਂਦੇ ਹਨ। ਇਸ ਵਾਰ ਇਹ ਦਿਨ ਥਾਣਾ ਭੀਖੀ ਵਿਖੇ ਇੰਸਪੈਕਟਰ ਬੇਅੰਤ ਕੌਰ ਨਾਲ ਮਿਲ ਕੇ ਮਨਾਇਆ ਗਿਆ।

ਬਲਾਕ ਫ਼ਰੀਦਕੋਟ ਵਿਖੇ ਚਾਰ ਰੋਜ਼ਾ ਜੀ ਪੀ ਡੀ ਪੀ ਦੇ ਜਾਗਰੂਕਤਾ ਕੈਂਪ ਸ਼ੁਰੂ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) -ਡਿਪਟੀ ਡਾਇਰੈਕਟਰ ਹਰਮਨਦੀਪ ਸਿੰਘ ਐਸ.ਆਈ.ਆਰ.ਡੀ ਮੋਹਾਲੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਨਰਭਿੰਦਰ ਸਿੰਘ ਗਰੇਵਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਤੇ ਨੀਰਜ ਕੁਮਾਰ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਫ਼ਰੀਦਕੋਟ ਦੀ ਸਾਂਝੀ ਯੋਗ ਅਗਵਾਈ ਹੇਠ ਐਸ.ਆਈ.ਆਰ.ਡੀ ਮੋਹਾਲੀ ਵੱਲੋਂ ਬੀ.ਡੀ.ਪੀ.ਓ ਦਫ਼ਤਰ ਬਲਾਕ ਫਰੀਦਕੋਟ ਵਿਖੇ 20 ਅਗਸਤ ਤੋਂ 23 ਅਗਸਤ ਤੱਕ ਥੀਮੈਟਿਕ ਜੀ.ਪੀ.ਡੀ.ਪੀ (ਗ੍ਰਾਮ ਪੰਚਾਇਤ ਡਿਵੈਲਪਮੈਂਟ ਪਲੈਨ) ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਨਿਰਮਲ ਸਿੰਘ ਬਰਾੜ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ-ਕਮ-ਕਾਰਜ ਸਾਧਕ ਅਫ਼ਸਰ ਪੰਚਾਇਤ ਸੰਮਤੀ ਫ਼ਰੀਦਕੋਟ ਨੇ ਦੱਸਿਆ ਕਿ ਅੱਜ ਪਹਿਲੇ ਸਿਖਲਾਈ ਕੈਂਪ ਵਿੱਚ ਲਾਈਨ ਵਿਭਾਗਾਂ ਦੇ ਪਿੰਡ ਪੱਧਰ ਦੇ ਅਧਿਕਾਰੀ/ਕਰਮਚਾਰੀ, ਆਸ਼ਾ ਵਰਕਰ ਅਤੇ ਏ.ਐਨ.ਐਮ, ਆਂਗਨਵਾੜੀ ਵਰਕਰ ਅਤੇ ਸਿੱਖਿਆ ਵਿਭਾਗ ਤੋਂ ਇਕ ਅਧਿਆਪਕ, ਪ੍ਰਤੀ ਗ੍ਰਾਮ ਪੰਚਾਇਤ ਨੂੰ ਸਥਾਈ ਵਿਕਾਸ ਦੇ 17 ਟੀਚਿਆਂ ਅਤੇ ਉਨ੍ਹਾਂ ਦਾ ਸਥਾਨੀਕਰਨ ਕਰਨ ਅਤੇ 9 ਥੀਮਾਂ ਦੀ ਪ੍ਰਾਪਤੀ ਲਈ ਥਮੈਟਿਕ ਜੀ.ਪੀ ਡੀ .ਪੀ (ਗ੍ਰਾਮ ਪੰਚਾਇਤ ਡਿਵੈਲਪਮੈਂਟ ਪਲੈਨ) ਬਣਾਉਣ ਲਈ ਟ੍ਰੇਨਿੰਗ ਦਿੱਤੀ ਗਈ ਤਾਂ ਕਿ ਪਿੰਡਾਂ

22nd-Aug-PAGE-11-Majha-24.qxd 8/21/2024 10:46 PM Page 1

ਮੰਨੀਆਂ ਮੰਗਾਂ ਲਾਗੂ ਨਾ ਹੋਣ ਦੇ ਰੋਸ ਵਜੋਂ ਬਿਜਲੀ ਕਾਮਿਆਂ ਵੱਲੋਂ ਵਿਸ਼ਾਲ ਰੈਲੀ

ਤਰਨ ਤਾਰਨ (ਨਜ਼ਸ)—ਬਿਜਲੀ ਕਾਮਿਆਂ ਦੀ ਪ੍ਰਤੀਨਿਧਤਾ ਕਰ ਰਹੇ ਦੋ ਫਰੰਟਾਂ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾਈ ਅਹੁਦੇਦਾਰਾਂ ਨਾਲ 31 ਜੁਲਾਈ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੀ ਪ੍ਰਧਾਨਗੀ ਹੇਠ ਪਾਵਰ ਮੈਨੇਜਮੈਂਟ ਨਾਲ ਚੰਡੀਗੜ੍ਹ ਵਿਖੇ ਮੁਲਾਜ਼ਮ ਮੰਗਾਂ ਦੇ ਨਿਪਟਾਰੇ ਸਬੰਧੀ ਹੋਈ ਮੀਟਿੰਗ ਸਮੇਂ ਮੰਨੀਆਂ ਮੰਗਾਂ 15 ਅਗਸਤ ਤੱਕ ਲਾਗੂ ਕਰਨ ਦੇ ਦਿੱਤੇ ਭਰੋਸੇ ਤੋਂ ਭੱਜਣ ਦੇ ਖਿਲਾਫ ਪਾਵਰਕਾਮ ਦੇ ਸਥਾਨਕ ਸਰਕਲ ਦਫਤਰ ਦੇ ਗੇਟ ਤੇ ਸਾਂਝਾ ਫੋਰਮ ਅਤੇ ਏਕਤਾ ਮੰਚ ਦੇ ਸੂਬਾ ਪੱਧਰੀ ਸੱਦੇ ਤੇ ਬਿਜਲੀ ਕਰਮਚਾਰੀਆਂ ਨੇ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦਾ ਜ਼ੋਰਦਾਰ ਪਿੱਟ ਸਿਆਪਾ ਕੀਤਾ।

ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਕਲ ਆਗੂ ਮੰਗਲ ਸਿੰਘ ਨਾਗੋਕੇ ਅਤੇ ਪੂਰਨ ਦਾਸ ਨੇ ਕਿਹਾ ਕਿ ਬਿਜਲੀ ਮੰਤਰੀ ਵਾਰ ਵਾਰ ਭਰੋਸਾ ਤੋੜ ਰਹੇ ਹਨ ਕਿਉਂਕਿ ਪਹਿਲਾਂ 24 ਜੁਲਾਈ 2023 ਨੂੰ ਅਤੇ ਹੁਣ 31 ਜੁਲਾਈ 2024 ਨੂੰ ਮੁਲਾਜ਼ਮ ਮਸਲਿਆਂ ਤੇ ਹੋਈ ਲੰਮੀ ਗੱਲਬਾਤ ਤੋਂ ਬਾਅਦ ਕਾਫੀ ਮੰਗਾਂ ਤੇ ਆਪਸੀ ਸਹਿਮਤੀ ਬਣ ਜਾਣ ਦੇ ਬਾਅਦ ਪਾਵਰ ਮੈਨੇਜਮੈਂਟ ਦੀ ਤਰਫੋਂ ਬਿਜਲੀ ਮੰਤਰੀ ਅਤੇ ਪਾਵਰ ਸੈਕਟਰੀ ਨੇ 15 ਅਗਸਤ ਤੱਕ ਬਿਜਲੀ ਹਾਦਸਿਆਂ ਨਾਲ ਜਾਨਾਂ ਗਵਾਉਣ ਵਾਲੇ ਕਰਮਚਾਰੀਆਂ ਦੇ ਪੀੜਤ ਪਰਿਵਾਰਾਂ ਨੂੰ ਇਕ ਕਰੋੜ ਦੀ ਰਾਸੀ ਮੁਆਵਜ਼ੇ ਦੇ ਤੌਰ 'ਤੇ ਦੇਣ ਤੋਂ ਇਲਾਵਾ ਕਰਮਚਾਰੀ ਨੂੰ ਸ਼ਹੀਦ ਦਾ ਦਰਜਾ ਦੇਣ ਸਮੇਤ ਹੋਰ ਮੰਗਾਂ ਲਾਗੂ ਕਰਨ ਦਾ ਭਰੋਸਾ ਜਥੇਬੰਦੀਆਂ ਨੂੰ ਦਿੱਤਾ ਸੀ ਪਰ ਬੇਹੱਦ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਪਾਵਰ ਮੈਨੇਜਮੈਂਟ ਹੋਏ ਸਮਝੌਤੇ ਤੋਂ ਸਾਫ ਤੌਰ ਤੇ ਮੁੱਕਰ ਗਈ ਹੈ ਜਿਸ ਦੇ ਰੋਸ ਵਜੋਂ ਅੱਜ ਰੈਲੀ ਕਰਕੇ ਮੁਲਾਜ਼ਮਾਂ ਨੇ ਆਪਣੇ ਗੁੱਸੇ ਦਾ ਪ੍ਰਗਟਾਵਾ ਕੀਤਾ ਹੈ। ਮੁਲਾਜ਼ਮ ਆਗੂਆਂ ਗੁਰਨਾਮ ਸਿੰਘ ਚਾਹਲ, ਜਸਪਰੀਤ ਸਿੰਘ, ਗੁਰਮਿੰਦਰ ਸਿੰਘ ਰਿੰਕੂ, ਬਲਜਿੰਦਰ ਕੌਰ, ਲਖਵਿੰਦਰ ਸਿੰਘ ਬਹਿਲਾ, ਬਲਜਿੰਦਰ ਸਿੰਘ ਪਲਾਸੌਰ, ਕੁਲਵਿੰਦਰ ਸਿੰਘ ਬਾਗੜੀਆ, ਨਰਿੰਦਰ ਬੇਦੀ, ਰਣਜੀਤ ਸਿੰਘ, ਬਿਕਰਮਜੀਤ ਸਿੰਘ ਝਬਾਲ, ਪਲਵਿੰਦਰ ਸਿੰਘ, ਸੁਪਰਡੈਂਟ ਕਵਲਜੀਤ ਕੌਰ, ਮੰਡਲ ਲੇਖਾਕਾਰ ਸਿਮਰਨਜੀਤ ਸਿੰਘ, ਜਗਜੀਤ ਸਿੰਘ, ਜਸਬੀਰ ਕੌਰ ਆਦਿ ਨੇ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ 31 ਅਗਸਤ ਨੂੰ ਹੋਈ ਮੀਟਿੰਗ ਵਿੱਚ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 1 ਸਤੰਬਰ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਨਿਊ ਅੰਮ੍ਰਿਤਸਰ ਵਿਖੇ ਸੂਬਾ ਪੱਧਰ ਦਾ ਇਕੱਠ ਕਰਕੇ ਰੋਸ ਧਰਨਾ ਦੇਣ ਉਪਰੰਤ ਝੰਡਾ ਮਾਰਚ ਕੀਤਾ ਜਾਵੇਗਾ।

ਭੰਗੜੇ 'ਚ ਹਰਸਿਮਰਤ ਕੌਰ ਚੀਮਾ ਨੇ ਸਕੂਲ ਤੇ ਮਾਪਿਆਂ ਦਾ ਨਾਂਅ ਰੁਸ਼ਨਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਸਹਾਇਕ ਗਤੀਵਿਧੀਆਂ ਵਿੱਚ ਵੀ ਹਿੱਸਾ ਲੈ ਕੇ ਸ਼ਾਨਦਾਰ ਪ੍ਰਾਪਤੀਆਂ ਸਦਕਾ ਸਾਰਿਆਂ ਲਈ ਮੀਲਪੱਥਰ ਬਣ ਰਹੇ ਹਨ। ਇਸੇ ਲੜੀ ਤਹਿਤ ਹੁਣ ਸਕੂਲ ਦੀ ਹੋਣਹਾਰ ਵਿਦਿਆਰਥਣ ਹਰਸਿਮਰਤ ਕੌਰ ਚੀਮਾ ਨੇ ਸੱਭਿਆਚਾਰ ਯੁਵਕ ਮੇਲਾ (2024) ਦੇ ਭੰਗੜਾ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਇਸ ਸਬੰਧੀ ਖੁਸ਼ੀ ਜ਼ਾਹਰ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਦੱਸਿਆ ਕਿ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਕਰਵਾਏ ਗਏ ਸੱਭਿਆਚਾਰਕ ਯੁਵਕ ਮੇਲਾ (2024) ਮੁਕਾਬਲੇ ਦੌਰਾਨ ਸੇਂਟ ਕਬੀਰ ਸਕੂਲ ਦੀ ਵਿਦਿਆਰਥਣ ਹਰਸਿਮਰਤ ਕੌਰ ਸਪੁੱਤਰੀ ਪਰਮਜੀਤ ਸਿੰਘ/ਸਰਬਜੀਤ ਕੌਰ ਨਿਵਾਸੀ ਪਿੰਡ ਜੋਗੀ ਚੀਮਾ ਨੇ ਸੋਲੋ ਸੱਭਿਆਚਾਰਕ ਭੰਗੜੇ ਮੁਕਾਬਲੇ ਦੌਰਾਨ ਲਗਭਗ 30 ਸੋਲੋ ਡਾਂਸ ਪ੍ਰਤੀਯੋਗੀਆਂ ਨੂੰ ਪਿੱਛੇ ਛੱਡ ਕੇ ਪਹਿਲਾ ਸਥਾਨ ਹਾਸਲ ਕਰਕੇ ਵਾਹ-ਵਾਹ ਖੱਟੀ ਹੈ। ਸਕੂਲ ਪਹੁੰਚਣ ਤੇ ਵਿਦਿਆਰਥਣ ਹਰਸਿਮਰਤ ਕੌਰ ਦਾ ਪ੍ਰਿੰਸੀਪਲ ਨਾਯਰ ਅਤੇ ਮੈਨੇਜਮੈਂਟ ਮੈਂਬਰਾਂ ਦੁਆਰਾ ਵਿਸ਼ੇਸ਼ ਸਨਮਾਨ ਕਰਦਿਆਂ ਵਧਾਈ ਦਿੱਤੀ ਤੇ ਕਲਾ ਦੇ ਖੇਤਰ ਵਿੱਚ ਏਸੇ ਤਰ੍ਹਾਂ ਉੱਚੀਆਂ ਮੰਜ਼ਿਲਾਂ ਤੱਕ ਪਹੁੰਚਣ ਲਈ ਅਸ਼ੀਰਵਾਦ ਦਿੰਦਿਆਂ ਪੜ੍ਹਾਈ ਦੇ ਨਾਲ-ਨਾਲ ਭੰਗੜੇ ਦੇ ਹੋਰ ਗੁਰ ਨਿਰੰਤਰ ਸਿੱਖਦੇ ਰਹਿਣ ਅਤੇ ਆਉਣ ਉੱਚ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਸਖਤ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਨਾਯਰ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਸਹਾਇਕ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਵੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ ਸਮੁੱਚੇ ਸਕੂਲੀ ਵਿਦਿਆਰਥੀ ਤੇ ਸਟਾਫ ਮੈਂਬਰ ਹਾਜ਼ਰ ਸਨ।

'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਰਮਦਾਸ ਵਿਖੇ ਲੱਗਾ ਸਪੈਸ਼ਲ ਕੈਂਪ

*** ਕੈਂਪਾਂ 'ਚ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਹੋ ਰਹੀ ਬੱਚਤ: ਐੱਸ ਡੀ ਐੱਮ**

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਆਦੇਸ਼ਾਂ ਤੇ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਦੀ ਅਗਵਾਈ ਹੇਠ ਹਰ ਹਫ਼ਤੇ ਜ਼ਿਲ੍ਹੇ ਭਰ 'ਚ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਵੱਖ-ਵੱਖ ਸਥਾਨਾਂ 'ਤੇ ਆਮ ਲੋਕਾਂ ਦੀ ਸਹੂਲਤ ਲਈ ਸਪੈਸ਼ਲ ਕੈਂਪ ਲਗਾਏ ਜਾ ਰਹੇ ਹਨ।ਇਸ ਮੁਹਿੰਮ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਇੱਕੋ ਹੀ ਛੱਤ ਹੇਠਾਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਰਫ਼ ਸੁਣਿਆ ਹੀ ਨਹੀਂ ਜਾਂਦਾ ਸਗੋਂ ਮੌਕੇ 'ਤੇ ਨਿਪਟਾਰਾ ਵੀ ਕੀਤਾ ਜਾਂਦਾ ਹੈ। ਇਸ ਨਾਲ ਜਿਥੇ ਆਮ ਲੋਕਾਂ ਦੇ ਸਮੇਂ ਦੀ ਬੱਚਤ ਹੁੰਦੀ ਹੈ ਉਥੇ ਖਰਚਾ ਵੀ ਘੱਟ ਹੁੰਦਾ ਹੈ।ਅੱਜ ਪਿੰਡ ਰਮਦਾਸ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ ਜਿਥੇ ਐੱਸ. ਡੀ. ਐੱਮ. ਅਜਨਾਲਾ ਅਰਵਿੰਦਰ ਸਿੰਘ ਨੇ ਆਮ ਲੋਕਾਂ ਦੀਆਂ ਨਿੱਜੀ ਤੇ ਸਾਂਝੀਆਂ ਸਮੱਸਿਆਵਾਂ ਸੁਣੀਆਂ ਅਤੇ ਹੱਲ ਕੀਤੀਆਂ ਗਈਆਂ।ਇਸ ਕੈਂਪ ਵਿੱਚ 163 ਲੋਕਾਂ ਵਲੋਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸਰਵਿਸ ਲੈਣ ਲਈ ਅਪਲਾਈ ਕੀਤਾ ਗਿਆ ਅਤੇ ਮੌਕੇ 'ਤੇ ਹੀ 150 ਵਿਅਕਤੀਆਂ ਨੂੰ ਇਹ ਸੁਵਿਧਾਵਾਂ ਉਪਲੱਬਧ ਕਰਵਾਈਆਂ ਗਈਆਂ।ਇਸ ਮੌਕੇ ਦੋ ਸ਼ਿਕਾਇਤਾਂ ਵੀ ਪ੍ਰਾਪਤ ਹੋਈਆਂ ਜਿਨ੍ਹਾਂ ਨੂੰ ਸਬੰਧਤ ਵਿਭਾਗ ਨੂੰ ਹੱਲ ਕਰਨ ਲਈ ਭੇਜਿਆ ਗਿਆ।ਐੱਸ. ਡੀ. ਐੱਮ. ਅਜਨਾਲਾ ਨੇ ਕਿਹਾ ਕਿ ਇਨ੍ਹਾਂ ਸਪੈਸ਼ਲ ਕੈਂਪਾਂ ਦੇ ਲੱਗਣ ਨਾਲ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਹੋ ਰਹੀ ਹੈ ਅਤੇ ਉਥੇ ਹੀ ਲੋਕਾਂ ਵਲੋਂ ਵੱਖ-ਵੱਖ ਦਫ਼ਤਰਾਂ ਦੇ ਚੱਕਰ ਨਹੀਂ ਮਾਰਨੇ ਪੈ ਰਹੇ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਲੋੜਵੰਦ ਲਾਭਪਾਤਰੀ ਨੂੰ ਸਰਕਾਰ ਵਲੋਂ ਮੁਹੱਈਆਂ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਕੈਂਪ ਦੌਰਾਨ ਮਾਲ ਵਿਭਾਗ, ਸਿਹਤ ਵਿਭਾਗ ਤੋਂ ਇਲਾਵਾ ਪੈਨਸ਼ਨਾਂ, ਦਿਵਿਆਂਗ ਸਰਟੀਫਿਕੇਟ ਛੱਪੜਾਂ ਤੇ ਗਲੀਆਂ-ਨਾਲੀਆਂ ਦੇ ਪਾਣੀ ਦੀ ਨਿਕਾਸੀ, ਪੀਣ ਵਾਲੇ ਪਾਣੀ ਤੋਂ ਇਲਾਵਾ ਵਿਕਾਸ ਕਾਰਜਾਂ ਨਾਲ ਸਬੰਧਤ ਸਮੱਸਿਆਵਾਂ ਸਨ।ਸ: ਅਰਵਿੰਦਰ ਸਿੰਘ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਹਰ ਇੱਕ ਲਾਭਪਾਤਰੀ ਨੂੰ ਸਰਕਾਰ ਅਤੇ ਸਬੰਧਤ ਵਿਭਾਗ ਵਲੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸਹੂਲਤਾਂ ਬਾਰੇ ਜਾਣੂ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਵੀ ਲਾਭਪਾਤਰੀ ਕਿਸੇ ਵੀ ਸਹੂਲਤ ਤੋਂ ਵਾਝਾਂ ਨਾ ਰਹਿ ਸਕੇ।

ਡਿੱਪੂ ਹੋਲਡਰਾਂ ਦੀ ਕਮਿਸ਼ਨ 'ਚ ਵਾਧਾ ਜਾਂ ਮਹੀਨਾਵਾਰ ਮਾਣ-ਭੱਤਾ ਲਾਗੂ ਕਰਨ ਦੀ ਮੰਗ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਿੱਪੂ ਹੋਲਡਰ ਯੂਨੀਅਨ ਧਾਰੀਵਾਲ ਦੀ ਅਹਿਮ ਮੀਟਿੰਗ ਪ੍ਰਧਾਨ ਦਿਲਬਾਗ ਸਿੰਘ ਸੋਹਲ ਦੀ ਪ੍ਰਧਾਨਗੀ ਹੇਠ ਖਾਲਸਾ ਜ਼ਸ਼ਨ ਧਾਰੀਵਾਲ ਵਿਖੇ ਹੋਈ। ਮੀਟਿੰਗ ਵਿੱਚ ਬਲਾਕ ਧਾਰੀਵਾਲ ਦੇ ਵੱਡੀ ਗਿਣਤੀ ਡਿੱਪੂ ਹੋਲਡਰਾਂ ਸਾਮਲ ਹੋਏ ਅਤੇ ਵਿਚਾਰ ਸਾਂਝੇ ਕੀਤੇ। ਮੀਟਿੰਗ ਦੌਰਾਨ ਡਿੱਪੂ ਹੋਲਡਰਾਂ ਨੇ ਕਿਹਾ ਕਿ ਉਹ ਆਪਣੀ ਹੋਰ ਮੰਗਾਂ ਸਬੰਧੀ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੂੰ ਜਲਦੀ ਮੰਗ ਪੱਤਰ ਸੌਂਪਣਗੇ।

ਇਸ ਮੌਕੇ ਪ੍ਰਧਾਨ ਦਿਲਬਾਗ ਸਿੰਘ ਸੋਹਲ ਅਤੇ ਹੋਰ ਬੁਲਾਰਿਆਂ ਨੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਜਲਾ ਸਮੇਤ ਸਮੁੱਚੀ ਸੂਬਾ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਯੂਨੀਅਨ ਦੇ ਯਤਨਾਂ ਸਦਕਾ ਹੀ ਪਿਛਲੇ ਸਮੇਂ ਦੌਰਾਨ ਮਾਰਕਫੈੱਡ ਰਾਹੀਂ ਘਰ-ਘਰ ਆਟਾ ਪਹੁੰਚਣ ਦੀ ਪੰਜਾਬ ਸਰਕਾਰ ਦੀ ਯੋਜਨਾ ਨੂੰ ਵਾਪਿਸ ਕਰਵਾਉਣ ਵਿੱਚ ਯੂਨੀਅਨ ਨੇ ਅਹਿਮ ਰੋਲ ਅਦਾ ਕੀਤਾ ਹੈ। ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਪਿਛਲੀ ਕਮਿਸ਼ਨ ਸਬੰਧੀ ਕੈਬਨਿਟ ਮੰਤਰੀ ਲਾਲ ਚੰਦ ਕਾਟੂਚੱਕ ਦਾ ਧੰਨਵਾਦ ਕਰਦਿਆਂ ਮੰਗ ਕੀਤੀ ਕਿ ਬਾਕੀ ਸੂਬਿਆਂ ਦੀ ਤਰਜ਼ 'ਤੇ ਪੰਜਾਬ ਦੇ ਸਮੂਹ ਡਿੱਪੂ ਹੋਲਡਰਾਂ ਦੀ ਕਮਿਸ਼ਨ ਵਿੱਚ ਵਾਧਾ ਕੀਤਾ ਜਾਵੇ ਜਾਂ ਮਹੀਨਾਵਾਰ ਮਾਣ-ਭੱਤਾ ਲਾਗੂ ਕੀਤਾ ਜਾਵੇ ਤਾਂ ਜੋ ਡਿੱਪੂ ਹੋਲਡਰ ਹੋਰ ਪਾਰਦਰਸ਼ੀ ਢੰਗ ਨਾਲ ਰਾਸ਼ਨ ਲਾਭਪਾਤਰੀਆਂ ਤੱਕ ਨਿਰਵਿਘਨ ਪਹੁੰਚਾਉਣ। ਇਸ ਮੌਕੇ ਮੱਖਣ ਸਿੰਘ ਪੀਰ ਦੀ ਸੈਨ, ਹਰਵਿੰਦਰ ਸਿੰਘ ਤਿੱਖਾ ਥੇਹ, ਜਗਮੋਹਣ ਸਿੰਘ ਜਫਰਵਾਲ, ਧਰਮ ਸਿੰਘ ਦੂਲਾਨੰਗਲ, ਗੁਰਦੇਵ ਸਿੰਘ, ਤਲਵਿੰਦਰ ਪਾਲ ਹੈਪੀ, ਦਲਬੀਰ ਸਿੰਘ ਕਲਿਆਣਪੁਰ, ਪ੍ਰੀਤਮ ਦਾਸ, ਅੰਗਰੇਜ਼ ਸਿੰਘ, ਸੁਭਾਸ਼ ਸਲਵਾਨ, ਦਿਲਬਾਗ ਸਿੰਘ ਖਾਨਮਲੱਕ ਆਦਿ ਡਿੱਪੂ ਹੋਲਡਰ ਹਾਜ਼ਰ ਸਨ ।

ਨਵ-ਨਿਯੁਕਤ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੂੰ ਕੀਤਾ ਸਨਮਾਨਿਤ

ਚੋਹਲਾ ਸਾਹਿਬ (ਰਮਨ ਚੱਢਾ)-ਬੀਤੇ ਦਿਨੀਂ ਡਾ. ਭਾਰਤ ਭੂਸ਼ਣ ਸਿਵਲ ਸਰਜਨ ਤਰਨ ਤਾਰਨ ਦੀ ਬਦਲੀ ਹੋਣ ਤੋਂ ਬਾਅਦ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਸਿਵਲ ਸਰਜਨ ਤਰਨ ਤਾਰਨ ਦਾ ਅਹੁਦਾ ਸੰਭਾਲਿਆ ਗਿਆ ਹੈ ਜਿਸ 'ਤੇ ਆਮ ਆਦਮੀ ਕਲੀਨਿਕ ਮੈਡੀਕਲ ਅਫਸਰ ਐਸੋਸੀਏਸ਼ਨ ਪੰਜਾਬ ਵੱਲੋਂ ਨਵ-ਨਿਯੁਕਤ ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਸਿਹਤ ਕੇਂਦਰਾਂ ਵਿੱਚ ਹਰ ਬਿਮਾਰੀ ਦਾ ਇਲਾਜ ਮੁਫ਼ਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਟੈਸਟ ਅਤੇ ਦਵਾਈਆਂ ਵੀ ਮੁਫ਼ਤ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਕੇਂਦਰ ਵਿੱਚ ਜਾ ਕੇ ਆਪਣੀ ਮੁਫ਼ਤ ਜਾਂਚ ਕਰਵਾਉਣ ਤਾਂ ਜੋ ਸਮੇਂ ਸਿਰ ਇਲਾਜ ਕੀਤਾ ਜਾ ਸਕੇ। ਇਸ ਸਮੇਂ ਆਮ ਆਦਮੀ ਕਲੀਨਿਕ ਮੈਡੀਕਲ ਅਫਸਰ ਐਸੋਸੀਏਸ਼ਨ ਪੰਜਾਬ ਪ੍ਰਧਾਨ ਡਾ. ਤਲਵਿੰਦਰ ਸਿੰਘ ਲਾਲਪੁਰ, ਮੀਤ ਪ੍ਰਧਾਨ ਡਾ. ਗੁਰਮਿੰਦਰ ਸਿੰਘ ਸੰਧੂ ਆਮ ਆਦਮੀਂ ਕਲੀਨਿਕ ਚੋਹਲਾ ਸਾਹਿਬ, ਮੀਤ ਪ੍ਰਧਾਨ ਡਾ. ਰਮਨਦੀਪ ਕੌਰ ਮੈਡੀਕਲ ਅਫਸਰ, ਡਾ. ਸੁਖਮਨਪ੍ਰੀਤ ਕੌਰ, ਡਾ. ਹਰਲੀਨ ਕੌਰ, ਡਾ. ਚਰਨ ਸਿੰਘ, ਡਾ. ਤਾਰਾ ਸਿੰਘ ਆਦਿ ਹਾਜ਼ਰ ਸਨ।

'ਆਪ' ਦੇ ਵਰਕਰਾਂ ਦੀ ਲਾਮਬੰਦੀ ਕਰਨ ਲਈ ਮੀਟਿੰਗਾਂ ਦਾ ਦੌਰ ਜਾਰੀ ਰਹੇਗਾ: ਉਦੋਵਾਲੀ

ਕਲਾਨੌਰ (ਮਨਦੀਪ ਕੋਹਲੀ) ਹਲਕਾ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦਾ ਹਰੇਕ ਲੀਡਰ ਆਪਣੇ ਆਪਣੇ ਤੌਰ ਤੇ ਵਰਕਰਾਂ ਨੂੰ ਲਾਮਬੰਦ ਕਰਨ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਿਹਾ ਹੈ, ਬਲਾਕ ਪੱਧਰ, ਪਿੰਡ ਪੱਧਰ ਅਤੇ ਘਰ-ਘਰ ਤੱਕ ਪਹੁੰਚ ਕੇ ਲੋਕਾਂ ਨਾਲ ਰਾਬਤੇ ਕਾਇਮ ਕੀਤੇ ਜਾ ਰਹੇ ਹਨ। ਅੱਜ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਉਦੋਵਾਲੀ ਵੱਲੋਂ ਆਪਣੇ ਘਰ ਪਿੰਡ ਉਦੋਵਾਲੀ ਵਿਖੇ ਹਲਕੇ ਦੇ ਕੁਝ ਚੁਨਿੰਦਾ ਲੀਡਰਾਂ ਨਾਲ ਜ਼ਿਮਨੀ ਚੋਣ ਨੂੰ ਲੈ ਕੇ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਉਨ੍ਹਾਂ ਦੇ ਪਿੰਡ ਤੋਂ ਹੀ ਕੈਪਟਨ ਨਰਿੰਦਰ ਸਿੰਘ, ਪਲ

22-Aug-PAGE-12.qxd 8/21/2024 10:42 PM Page 1

ਪਹਿਲਵਾਨ ਮੇਹਰ ਦੀਨ ਦੀ ਯਾਦ ਨੂੰ ਸਮਰਪਤ ਛਿੰਝ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

* ਮਿਰਜ਼ਾ ਈਰਾਨੀ ਨੇ ਪਰਵੀਨ ਕੋਹਾਲੀ ਨੂੰ ਕੀਤਾ ਚਿੱਤ

ਸ਼ਾਹਕੋਟ (ਗਿਆਨ ਸੈਦਪੁਰੀ)ਦੁਸ਼ਹਿਰਾ ਗਰਾਊਂਡ ਵਿੱਚ ਅੰਤਰ-ਰਾਸ਼ਟਰੀ ਚੈਂਪੀਅਨ, ਰੁਸਤਮ- ਏ- ਹਿੰਦ ਅਤੇ ਭਾਰਤ ਕੇਸਰੀ ਪਹਿਲਵਾਨ ਮੇਹਰ ਦੀਨ ਦੇ ਜਨਮ ਦਿਹਾੜੇ ਨੂੰ ਸਮਰਪਿਤ ਛਿੰਝ ਮੇਲਾ ਪਹਿਲਵਾਨ ਮਜੀਦਾ (ਸਪੁੱਤਰ ਪਹਿਲਵਾਨ ਮੇਹਰ ਦੀਨ) ਅਤੇ ਪਹਿਲਵਾਨ ਨਛੱਤਰ ਸਿੰਘ ਸੱਤੀ ਢੰਡੋਵਾਲ ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਮੇਲੇ ਵਿੱਚ ਜਗਜੀਤ ਸਿੰਘ ਸਰੋਆ ਏ. ਆਈ. ਜੀ (ਪੰਜਾਬ ਪੁਲਸ) ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ। ਪਹਿਲੇ ਨੰਬਰ ਦੀ ਕੁਸ਼ਤੀ ਰਾਜਾ ਪਹਿਲਵਾਨ (ਕਨੇਡਾ) ਦੀ ਰੈਫਰੀ ਵਿੱਚ ਮਿਰਜ਼ਾ ਇਰਾਨ(ਅਖਾੜਾ ਮੁੱਲਾਪੁਰ) ਅਤੇ ਪਰਵੀਨ ਕੋਹਾਲੀ(ਅੰਮ੍ਰਿਤਸਰ) ਵਿਚਕਾਰ ਹੋਈ। 17 ਮਿੰਟ ਦੀ ਕਸ਼ਮਕਸ਼ ਤੋਂ ਬਾਅਦ ਪ੍ਰਬੰਧਕ ਕਮੇਟੀ ਨੇ ਫੈਸਲਾ ਕੀਤਾ ਕਿ 3 ਮਿੰਟ ਦੀ ਕੁਸ਼ਤੀ ਪੁਆਇੰਟਾਂ 'ਤੇ ਹੋਵੇਗੀ। ਪਹਿਲੇ ਹੀ ਸਕਿੰਟਾਂ ਵਿੱਚ ਈਰਾਨ ਦੇ ਪਹਿਲਾਵਾਨ ਮਿਰਜ਼ਾ ਨੇ ਕੋਹਾਲੀ ਵਾਲੇ ਪਰਵੀਨ ਨੂੰ ਚਿੱਤ ਕਰ ਦਿੱਤਾ।ਦੋ ਨੰਬਰ ਦੀ ਕੁਸ਼ਤੀ ਗੁਰਜੰਟ ਮੁਹਾਵਾ ਅਤੇ ਸੁਮਿਤ ਹਰਿਆਣਾ

ਝੰਡੀ ਦੀ ਕੁਸ਼ਤੀ ਸ਼ੁਰੂ ਕਰਵਾਉਣ ਮੌਕੇ ਜਗਜੀਤ ਸਿੰਘ ਸਰੋਆ ਏ. ਆਈ. ਜੀ, ਪਿਆਰਾ ਸਿੰਘ ਸੇਵਾ ਮੁਕਤ ਡੀ. ਐਸ. ਪੀ., ਮਜੀਦਾ ਪਹਿਲਵਾਨ, ਪਹਿਲਵਾਨ ਨਛੱਤਰ ਸਿੰਘ ਸੱਤੀ, ਸੋਨੂੰ ਕੰਗ ਪੀਏ, ਸੁਰਿੰਦਰਜੀਤ ਸਿੰਘ ਚੱਠਾ ਤੇ ਹੋਰ।

ਵਿਚਕਾਰ ਹੋਈ, ਜੋ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਪੀ.ਏ ਸੁਖਦੀਪ ਸਿੰਘ ਕੰਗ, ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਅਤੇ ਕਾਂਗਰਸ ਪਾਰਟੀ ਦੇ ਸਥਾਨਕ ਆਗੂਆਂ ਨੇ ਸਾਂਝੇ ਤੌਰ 'ਤੇ ਸ਼ੁਰੂ ਕਰਵਾਈ।ਹੋਰ ਵੀ ਬਹੁਤ ਸਾਰੀਆਂ ਦਿਲਚਸਪ ਕੁਸ਼ਤੀਆਂ ਹੋਈਆਂ।ਸੇਵਾ ਮੁਕਤ ਡੀ. ਐਸ. ਪੀ. ਪਿਆਰਾ ਸਿੰਘ ਪਾਜ਼ੀਆ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਅੱਗਰਵਾਲ ਪ੍ਰਧਾਨ ਕੱਚਾ ਅੜ੍ਹਤੀਆਂ ਐਸੋਸੀਏਸ਼ਨ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋ:ਸੁਸਾਇਟੀ ਢੰਡੋਵਾਲ, ਸੋਨੂੰ ਕਿਲੀ ਨੰਬਰਦਾਰ, ਕਾਲੀ ਪ੍ਰਧਾਨ, ਰੇਸ਼ਮ ਗਿੱਲ ਸਾਬਕਾ ਐਮ. ਸੀ, ਬੰਟੀ ਬਠੱਲਾ ਪ੍ਰਧਾਨ ਅਰੋੜਾ ਮਹਾਂ ਸਭਾ, ਰੋਮੀ ਗਿੱਲ ਸਾਬਕਾ ਐਮ. ਸੀ. ਮਨਜੀਤ ਸਿੰਘ ਸੱਤਾ ਟਰਾਂਸਪੋਟਰ, ਸ਼ਿੰਦਰ ਬਾਈ ਬਾਜਵਾ ਕਲਾਂ, ਅੰਮ੍ਰਿਤਪਾਲ ਸਿੰਘ ਧਨੋਆ ਸਾਬਕਾ ਸਰਪੰਚ ਨਵਾਂ ਕਿਲਾ, ਦਵਿੰਦਰ ਰਿਹਾਨ, ਜਗਤਾਰ ਸਿੰਘ ਸਾਬਕਾ ਸਰਪੰਚ ਬਾਜਵਾ ਕਲਾਂ, ਸੁੱਖਾ ਢੇਸੀ, ਕੁਲਬੀਰ ਸਿੰਘ ਧੰਜੂ, ਸੁਖਦੇਵ ਰਾਜ ਗਿੱਲ ਸਾਬਕਾ ਸਰਪੰਚ ਨੰਗਲ ਅੰਬੀਆਂ, ਸੇਵਾ ਮੁਕਤ ਪ੍ਰਿੰਸੀਪਲ ਧਰਮਪਾਲ, ਅਮਰਜੀਤ ਸਿੰਘ ਸਾਬਕਾ ਸਰਪੰਚ ਕੋਹਾੜ ਕਲਾਂ, ਪਹਿਲਵਾਨ ਰਾਮਾ ਕੋਹਾੜ ਕਲਾਂ, ਧੀਰਾ ਲਾਲਕਾ, ਟਿੰਪੀ ਕੁਮਰਾ, ਤਰਲੋਕ ਸਿੰਘ ਰੂਪਰਾ, ਸੁਰਿੰਦਰ ਸਿੰਘ ਭੱਟੀ, ਡਾ. ਨਰੇਸ਼ ਸੱਗੂ, ਬਿੱਟੂ ਬੁੱਢਣਵਾਲ, ਪਹਿਲਵਾਨ ਭੀਮਾ, ਲਛਮਣ ਸੋਬਤੀ, ਬੱਬਲੂ ਰਿਹਾਨ, ਅਮਨਦੀਪ ਸੈਦਪੁਰੀ, ਜੱਸਾ ਨਾਹਰ, ਤਾਰੀ ਨੰਬਰਦਾਰ, ਜਸਵਿੰਦਰ ਫੁੱਮਣ, ਸਾਬਾ ਪੰਡਿਤ, ਪਵਨ ਜੁਨੇਜਾ, ਬੱਬੂ(ਮਨਜੀਤ ਕਲਾਬ ਹਾਊਸ), ਖੁਸ਼ਦੀਪ ਧੰਜੂ, ਨੂਰ ਦੀਨ, ਧੋਲਾ ਪਹਿਲਵਾਨ, ਆਦਿ ਮੌਜੂਦ ਸਨ।

ਲਾਇਲਪੁਰ ਖ਼ਾਲਸਾ ਕਾਲਜ ਵਿਖੇ ਪੰਜਾਬ ਸਟੇਟ ਫੁੱਟਬਾਲ ਲੀਗ ਦਾ ਮੈਚ

ਜਲੰਧਰ 21,ਅਗਸਤ (ਸ਼ੈਲੀ ਐਲਬਰਟ) - :: ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਵਿਖੇ ਪੰਜਾਬ ਸਟੇਟ ਫੁੱਟਬਾਲ ਲੀਗ ਦਾ ਮੈਚ ਖੇਡਿਆ ਗਿਆ । ਇਸ ਅਵਸਰ 'ਤੇ ਡਾ. ਗੋਪਾਲ ਸਿੰਘ ਬੁੱਟਰ ਬਤੌਰ ਮੁੱਖ ਮਹਿਮਾਨ ਅਤੇ ਬਲਵਿੰਦਰ ਕੁਮਾਰ ਰਾਣਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ । ਇਹ ਮੈਚ ਗੁਰੂ ਫੁੱਟਬਾਲ ਕਲੱਬ ਅਤੇ ਕੁਰਾਲੀ ਫੁੱਟਬਾਲ ਕਲੱਬ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ ਤੇ ਕੁਰਾਲੀ ਫੁੱਟਬਾਲ ਕਲੱਬ ਦੀ ਟੀਮ 4-3 ਨਾਲ ਜੇਤੂ ਰਹੀ । ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਦੋਨਾਂ ਟੀਮਾਂ ਵੱਲੋਂ ਉੱਚ ਪੱਧਰੀ ਫੁੱਟਬਾਲ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ ਪਰ ਜ਼ਿਆਦਾ ਮੌਕੇ ਹਾਸਿਲ ਕਰਨ ਵਾਲੀ ਟੀਮ ਜੇਤੂ ਬਣੀ। ਉਹਨਾਂ ਦੱਸਿਆ ਕਿ ਇਨ੍ਹਾਂ ਮੈਚਾਂ ਦੀਆਂ ਜੇਤੂ ਟੀਮਾਂ ਪੰਜਾਬ ਲੀਗ ਟੀਅਰ-2 ਲਈ ਕੁਆਲੀਫਾਈ ਕਰਨਗੀਆਂ। ਇਸ ਮੌਕੇ ਜਗਦੀਸ਼ ਸਿੰਘ ਅਤੇ ਅੰਮ੍ਰਿਤ ਲਾਲ ਸੈਣੀ ਤੋਂ ਇਲਾਵਾ ਕਾਲਜ ਦੇ ਅਧਿਆਪਕ, ਨਾਨ-ਟੀਚਿੰਗ ਸਟਾਫ ਮੈਂਬਰ ਤੇ ਵੱਡੀ ਗਿਣਤੀ ਵਿਚ ਵਿਦਿਆਰਥੀ ਮੌਜੂਦ ਸਨ। ।

ਭੋਗ 'ਤੇ ਵਿਸ਼ੇਸ਼

ਕਾਮਰੇਡ ਸੋਹਣ ਸਿੰਘ ਮੱਲ੍ਹੀ

ਕਾਮਰੇਡ ਸੋਹਣ ਸਿੰਘ ਮੱਲ੍ਹੀ ਪਿੰਡ ਨਾਨੋ ਮੱਲ੍ਹੀਆਂ, ਜ਼ਿਲ੍ਹਾ ਕਪੂਰਥਲਾ ਬੀਤੀ ਦਿਨੀਂ ਸਦੀਵੀ ਵਿਛੋੜਾ ਦੇ ਗਏ। ਉਹ 1970 ਦੇ ਆਰੰਭ ਵਿਚ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਮਰਹੂਮ ਕਾਮਰੇਡ ਚਮਨ ਲਾਲ ਸ਼ਾਲਾਪੁਰੀ ਤੇ ਹਰਨਾਮ ਦਾਸ ਭਾਣੋਲੰਗਾ ਦੇ ਪ੍ਰਭਾਵ ਤੇ ਸੰਪਰਕ ਵਿੱਚ ਆਏ। ਉਨ੍ਹਾਂ ਪਹਿਲਾਂ ਕਾਫੀ ਸਮਾਂ ਖੇਤ ਮਜ਼ਦੂਰ ਸਭਾ ਵਿਚ ਪੂਰੀ ਸਰਗਰਮੀ ਨਾਲ ਪੇਂਡੂ ਬੇਜ਼ਮੀਨੇ ਖੇਤ ਮਜ਼ਦੂਰਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਸੰਘਰਸ਼ ਵਿਚ ਪੂਰੀ ਤਨਦੇਹੀ ਨਾਲ ਕੰਮ ਕੀਤਾ, ਫਿਰ ਉਹ ਪ੍ਰਸਿੱਧ ਕਮਿਊਨਿਸਟ ਕਾਮਰੇਡ ਨਰਿੰਜਣ ਸਿੰਘ ਉੱਚਾ, ਕਾਮਰੇਡ ਉਜਾਗਰ ਸਿੰਘ ਖੈੜਾ ਤੇ ਮਹਿੰਦਰ ਸਿੰਘ ਸੁਭਾਨਪੁਰ ਤੇ ਬਲਵੰਤ ਸਿੰਘ ਔਜਲਾ ਦੀ ਨੇੜਤਾ ਕਾਰਨ ਭਾਰਤੀ ਕਮਿਊਨਿਸਟ ਪਾਰਟੀ ਦੇ ਸਰਗਰਮ ਮੈਂਬਰ ਬਣ ਗਏ।ਉਨ੍ਹਾ ਉਮਰ ਭਰ ਕਿਸਾਨ-ਮਜ਼ਦੂਰ ਘੋਲਾਂ ਵਿਚ ਵਧ-ਚੜ੍ਹ ਕੇ ਹਿੱਸਾ ਲਿਆ ਤੇ ਕਾਰਪੋਰੇਟੋ ਭਾਰਤ ਛੱਡੋ ਦੇ ਨਾਹਰੇ ਹੇਠ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਵਿਚ ਸ਼ਾਮਲ ਹੋਏ ਤੇ ਕਿਸਾਨਾਂ, ਮਜ਼ਦੂਰਾ ਦੀ ਏਕਤਾ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ।ਉਨ੍ਹਾ ਦੇ ਅਚਾਨਕ ਸਦੀਵੀ ਵਿਛੋੜੇ ਕਾਰਨ ਪਰਵਾਰ, ਮਿੱਤਰਾਂ, ਦੋਸਤਾਂ ਅਤੇ ਭਾਰਤੀ ਕਮਿਊਨਿਸਟ ਪਾਰਟੀ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾ ਦਾ ਪਰਵਾਰ ਇਕ ਬਹੁਤ ਹੀ ਪਿਆਰੇ ਘਰ ਦੇ ਮੁਖੀ ਤੋਂ ਵਿਰਵਾ ਹੋ ਗਿਆ ਹੈ। ਉਨ੍ਹਾਂ ਦੇ ਤਿੰਨ ਬੇਟੇ ਹਰਜਿੰਦਰ ਸਿੰਘ, ਜਸਪਾਲ ਸਿੰਘ ਮਦਨ ਲਾਲ, ਬੇਟੀ ਮਨਜੀਤ ਕੌਰ ਤੇ ਉਨ੍ਹਾਂ ਦੀਆ ਨੂੰਹਾਂ ਤੇ ਪੋਤੇ-ਪੋਤਰੀਆਂ ਸਾਰੇ ਗਮਗੀਨ ਹਨ।

ਅੱਜ 22 ਅਗਸਤ (ਵੀਰਵਾਰ) 12 ਵਜੇ ਪਿੰਡ ਨਾਨੋ ਮੱਲ੍ਹੀਆਂ, ਜ਼ਿਲ੍ਹਾ ਕਪੂਰਥਲਾ ਵਿਖੇ ਉਹਨਾ ਨਮਿਤ ਅੰਤਮ ਅਰਦਾਸ ਹੋ ਰਹੀ ਹੈ, ਜਿਸ ਵਿਚ ਉਨ੍ਹਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ ਤੇ ਕਿਸਾਨ-ਮਜ਼ਦੂਰ ਲਹਿਰ ਦੇ ਨਿਸ਼ਾਨਿਆਂ ਨੂੰ ਪੂਰਾ ਕਰਨ ਲਈ ਜੱਦੋ-ਜਹਿਦ ਨੂੰ ਜਾਰੀ ਰੱਖਣ ਦਾ ਅਹਿਦ ਲਿਆ ਜਾਵੇਗਾ।

—ਐਡਵੋਕੇਟ ਰਜਿੰਦਰ ਸਿੰਘ ਰਾਣਾ
ਮੋਬਾ:- 94171-24975

ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ

ਕਪੂਰਥਲਾ, (ਹਨੀ) ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਰੱਖੜੀ ਦੇ ਦਿਹਾੜੇ ਸਬੰਧੀ ਰੱਖੜੀ ਬਣਾਉਣ ਦੀ ਪ੍ਰਤੀਯੋਗਤਾ ਕਰਵਾਈ ਗਈ । ਜਿਸ ਵਿਚ ਵਿਦਿਆਰਥੀਆਂ ਵੱਡੀ ਗਿਣਤੀ ਵਿਚ ਹਿੱਸਾ ਲਿਆ । ਪ੍ਰਿੰਸੀਪਲ ਪ੍ਰਭਦੀਪ ਕੌਰ ਮੋਗਾ ਨੇ ਕਿਹਾ ਕਿ ਰੱਖੜੀ ਭੈਣ ਅਤੇ ਭਰਾ ਦੇ ਆਪਸੀ ਪਿਆਰ ਨੂੰ ਪ੍ਰਗਟ ਕਰਨ ਦਾ ਤਿਉਹਾਰ ਹੈ। ਇਸ ਦੌਰਾਨ ਸਕੂਲ ਦੇ ਜੂਨੀਅਰ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਆਪਣੇ ਹੱਥੀਂ ਰੱਖੜੀਆਂ ਤਿਆਰ ਕੀਤੀਆਂ । ਪ੍ਰਾਇਮਰੀ ਵਿੰਗ ਚੌਥੀ ਜਮਾਤ 'ਚੋਂ ਸ਼ਰਿਆਂਸ ਪਹਿਲੇ, ਸ਼ੁਭਰੀਤ ਕੌਰ ਦੂਸਰੇ ਅਤੇ ਖੁਸ਼ਮਨ ਕੌਰ ਤੀਜੇ ਸਥਾਨ 'ਤੇ ਰਹੀ । ਪੰਜਵੀਂ ਜਮਾਤ ਵਿੱਚੋਂ ਏਕਮਜੋਤ ਕੌਰ ਪਹਿਲੇ, ਸਿਮਰਤਪ੍ਰੀਤ ਕੌਰ ਦੂਜੇ ਅਤੇ ਮਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ । ਜੱਜਾਂ ਦੀ ਭੂਮਿਕਾ ਮੈਡਮ ਸਰਬਜੀਤ ਕੌਰ, ਰਜਨੀ ਅਰੋੜਾ, ਅਨੀਤਾ ਸਹਿਗਲ ਅਤੇ ਪ੍ਰਦੀਪ ਕੌਰ ਵੱਲੋਂ ਨਿਭਾਈ ਗਈ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਨਿਮਰਤਾ ਕੌਰ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਰੱਖੜੀ ਦੇ ਦਿਹਾੜੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ।

ਪਾਰਟੀ ਨੂੰ ਮਜ਼ਬੂਤ ਕਰਨ ਲਈ ਹਰ ਬ੍ਰਾਂਚ ਤੱਕ ਸਰਗਰਮੀ ਕਰਨੀ ਜ਼ਰੂਰੀ : ਸੋਹਲ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜਿਲ੍ਹਾ ਰੋਪੜ ਦੀ ਐਗਜੈਕਟਿਵ ਕਮੇਟੀ ਦੀ ਮੀਟਿੰਗ ਕਾਮਰੇਡ ਰਾਮ ਪਾਲ ਦੀ ਪ੍ਰਧਾਨਗੀ ਹੇਠ ਰੋਪੜ ਵਿਖੇ ਹੋਈ, ਜਿਸ 'ਚ ਨਰਿੰਦਰ ਸੋਹਲ ਨੇਸ਼ਨਲ ਕੌਂਸਲ ਮੈਂਬਰ ਅਤੇ ਸਟੇਟ ਸਕੱਤਰੇਤ ਮੈਂਬਰ ਸੀ ਪੀ ਆਈ ਉਚੇਚੇ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਲੰਘੇ ਸਮੇਂ ਵਿੱਚ ਕੀਤੇ ਕੰਮਾਂ ਦਾ ਰੀਵਿਊ, ਅਜੋਕੇ ਹਾਲਾਤ, ਅਗਲੇ ਸਮੇਂ 'ਚ ਕੀਤੇ ਜਾਣ ਵਾਲੇ ਕੰਮਾਂ ਆਦਿ ਸੰਬੰਧੀ ਵਿਚਾਰ ਵਟਾਂਦਰਾ ਹੋਇਆ।ਜਿਲ੍ਹਾ ਪਾਰਟੀ ਦੀ ਪਿਛਲੀ ਕਾਰਗੁਜ਼ਾਰੀ ਦੀ ਰਿਪੋਰਟਿੰਗ ਸਾਥੀ ਦਵਿੰਦਰ ਕੁਮਾਰ ਨੰਗਲੀ ਜਿਲ੍ਹਾ ਸਕੱਤਰ ਨੇ ਕੀਤੀ, ਜਿਸ ਉਪਰੰਤ ਨਰਿੰਦਰ ਸੋਹਲ ਨੇ ਅੱਜ ਦੇ ਦੇਸ਼ ਦੇ ਹਾਲਾਤ 'ਤੇ ਚਾਨਣਾ ਪਾਇਆ ਅਤੇ ਨੈਸ਼ਨਲ ਕੌਂਸਲ ਅਤੇ ਸਟੇਟ ਕੌਂਸਲ ਵੱਲੋਂ ਕੀਤੇ ਗਏ ਫੈਸਲਿਆਂ ਸੰਬੰਧੀ ਵਿਸਥਾਰ ਸਹਿਤ ਚਾਨਣਾ ਪਾਇਆ। ਏਜੰਡੇ 'ਤੇ ਹੋਈ ਬਹਿਸ 'ਚ ਗੁਰਨਾਮ ਸਿੰਘ ਔਲੱਖ, ਸੁਖਵੀਰ ਸਿੰਘ ਸੁੱਖਾ, ਕਾਕਾ ਰਾਮ ਮੋਰਿੰਡਾ, ਰਾਮ ਪਾਲ ਤਾਰਾਪੁਰ, ਸੁਸ਼ੀਲ ਕੁਮਾਰ ਆਦਿ ਨੇ ਹਿੱਸਾ ਲਿਆ।ਮੀਟਿੰਗ ਵਿੱਚ ਪਿਛਲੇ ਸਮੇਂ ਹੋਈ ਲੋਕ ਸਭਾ ਦੇ ਚੋਣ ਨਤੀਜਿਆਂ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕੀਤਾ ਜਾਏਗਾ। ਸਤੰਬਰ ਮਹੀਨੇ 'ਚ ਪਾਰਟੀ ਬਰਾਂਚਾਂ, ਤਹਿਸੀਲ ਕਮੇਟੀਆਂ ਦੀਆਂ ਮੀਟਿੰਗਾਂ ਅਤੇ ਅਕਤੂਬਰ ਮਹੀਨੇ ਵਧਾਈਆਂ ਹੋਈਆਂ ਕਾਡਰ ਮੀਟਿੰਗਾਂ ਕਰਨ ਦਾ ਫੈਸਲਾ ਵੀ ਕੀਤਾ ਗਿਆ।ਇਹ ਵੀ ਫੈਸਲਾ ਕੀਤਾ ਗਿਆ ਕਿ ਜਿਲ੍ਹਾ ਪਾਰਟੀ ਆਉਣ ਵਾਲੇ ਸਮੇਂ 'ਚ ਪਾਰਟੀ ਵੱਲੋਂ ਬੇਰੁਜ਼ਗਾਰੀ, ਮਹਿੰਗਾਈ, ਕੇ ਵਾਈ ਸੀ ਕਾਰਡ, ਔਰਤਾਂ ਤੇ ਹੋ ਰਹੇ ਜ਼ੁਲਮ ਅਤੇ ਆਮ ਲੋਕਾਂ ਦੀਆਂ ਹੋਰ ਮੰਗਾਂ ਨੂੰ ਲੈਣ ਕੇ ਕੀਤੇ ਜਾਣ ਵਾਲੇ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗੀ।ਬਕਾਇਦਾ ਮਤਾ ਪਾਸ ਕਰਕੇ ਕੋਲਕਾਤੇ ਕਾਲਜ 'ਚ ਹੋਈ ਬਲਾਤਕਾਰ ਦੀ ਘਟਨਾ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਗਈ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਘਟਨਾ ਸੰਬੰਧੀ ਸੱਚ ਲੋਕਾਂ ਸਾਹਮਣੇ ਲਿਆਂਦਾ ਜਾਏ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।

'ਗੁਰੂ ਲਾਧੋ ਰੇ' ਦਿਹਾੜੇ 'ਤੇ 328 ਸਰੂਪਾਂ ਨੂੰ ਖੁਰਦ-ਬੁਰਦ ਕਰਨ ਦਾ ਮਸਲਾ ਉਠਾਉਣਾ ਸ਼ਲਾਘਾਯੋਗ : ਸਿੰਗੜੀਵਾਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਸ਼੍ਰੋਮਣੀ ਕਮੇਟੀ 'ਚ ਵੱਖ ਵੱਖ ਅਹੁਦਿਆਂ 'ਤੇ ਹੁੰਦੇ ਸਮੇਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪ ਖੁਰਦ ਬੁਰਦ ਕਰ ਦਿੱਤੇ ਗਏ ਸਨ ਇਸ ਸਬੰਧੀ ਇੱਕ ਇਨਕੁਆਰੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਨੇ ਕਰਵਾਈ ਸੀ ਜਿਸ ਉੱਤੇ ਬਹੁਤ ਪ੍ਰਸ਼ਨ ਚਿੰਨ ਉੱਠ ਰਹੇ ਹਨ ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਆਡਿਟ ਕਰਨ ਵਾਲੇ ਸਤਿੰਦਰਪਾਲ ਸਿੰਘ ਕੋਹਲੀ ਨੇ ਆਪਣੇ ਸਪੱਸ਼ਟ ਬਿਆਨ ਵਿੱਚ ਜੋ ਕਿ ਰਿਪੋਰਟ ਵਿੱਚ ਦਰਜ ਹਨ 'ਚ ਕਿਹਾ ਕਿ ਉਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਿਪਾਈ ਸਬੰਧੀ ਆਪ ਕਦੀ ਵੀ ਆਡਿਟ ਨਹੀਂ ਕੀਤਾ ਦੇ ਗੰਭੀਰ ਮਸਲੇ ਦੇ ਸਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੀਨੀਅਰ ਆਗੂਆਂ ਈਮਾਨ ਸਿੰਘ ਮਾਨ ਉਪਕਾਰ ਸਿੰਘ ਸੰਧੂ ਹਰਪਾਲ ਸਿੰਘ ਬਲੇਅਰ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ 'ਗੁਰੂ ਲਾਧੋ ਰੇ' ਦਿਹਾੜੇ ਉੱਤੇ 328 ਸਰੂਪਾਂ ਨੂੰ ਖੁਰਦ ਬੁਰਦ ਕਰਨ ਵਾਲੇ ਦੋਸ਼ੀਆਂ ਖਿਲਾਫ ਫੌਜਦਾਰੀ ਕੇਸ ਦਰਜ ਕਰਾਉਣ ਸਬੰਧੀ ਦਰਬਾਰ ਸਾਹਿਬ ਦੇ ਮੈਨੇਜਰ ਗੁਰਪ੍ਰੀਤ ਸਿੰਘ ਨੂੰ ਮੰਗ ਪੱਤਰ ਸੌਂਪਣ ਦੀ ਸ਼ਲਾਘਾ ਕਰਦਿਆਂ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਹਾ ਕਿ ਦੋਸ਼ੀਆਂ ਖਿਲਾਫ ਜਲਦ ਤੋਂ ਜਲਦ